PAIGAM-E-JAGAT
ਪੈਗ਼ਾਮ-ਏ-ਜਗਤ
PAIGAM-E-JAGAT

ਇਮਾਨਦਾਰ ਜੀਵਨ:
ਇਮਾਨਦਾਰੀ ਨਾਲ
ਜੀਣ ਵਾਲਾ ਹਮੇਸ਼ਾ
ਆਦਰ ਪਾਉਂਦਾ ਹੈ।
-ਆਚਾਰੀਆ ਚਾਣਕਿਆ

Title code : CHAMUL00914 | E-mail : Info@paigamejagat.com | ਸ਼ੁੱਕਰਵਾਰ, 13 ਨਵੰਬਰ 2026, ਸਾਲ-4, ਅੰਕ-14, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

‘ਆਪ’ ਨੇ 31 ਉਮੀਦਵਾਰਾਂ ਦੀ ਦੂਜੀ ਸੂਚੀ ਕੀਤੀ ਜਾਰੀ

ਖੁੱਡੀਆਂ ਸਮੇਤ ਅੱਠ ਵਿਧਾਇਕਾਂ ਦੀ ਟਿਕਟ ਕੱਟੀ; ਦੋ ਐੱਮਪੀ ’ਤੇ ਕੀਤਾ ਭਰੋਸਾ

ਚੰਡੀਗੜ੍ਹ, 12 ਨਵੰਬਰ (ਪੈ.ਗਾਮ-ਏ-ਜਗਤ)

ਆਮ ਆਦਮੀ ਪਾਰਟੀ ਨੇ ਅਗਾਮੀ ਵਿਧਾਨ ਸਭਾ ਚੋਣਾਂ ਲਈ ਆਪਣੇ ਉਮੀਦਵਾਰਾਂ ਦਾ ਐਲਾਨ ਕਰਦਿਆਂ ਦੂਜੀ ਸੂਚੀ ਜਾਰੀ ਕਰ ਦਿੱਤੀ ਹੈ। ਪਾਰਟੀ ਵੱਲੋਂ 12 ਨਵੰਬਰ 2026 ਨੂੰ ਜਾਰੀ ਕੀਤੀ ਗਈ ਇਸ ਦੂਜੀ ਸੂਚੀ ਵਿੱਚ ਕੁੱਲ 31 ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਗਿਆ ਹੈ। ਪਾਰਟੀ ਨੇ ਇਸ ਸੂਚੀ ਵਿੱਚ ਜਿੱਥੇ ਸੰਗਰੂਰ ਤੋਂ ਐਮਪੀ ਗੁਰਮੀਤ ਸਿੰਘ ਮੀਤ ਹੇਅਰ ਅਤੇ ਹੁਸ਼ਿਆਰਪੁਰ ਤੋਂ ਐਮਪੀ ਡਾ. ਰਾਜ ਕੁਮਾਰ ਚੱਬੇਵਾਲ ਵਰਗੇ ਪੁਰਾਣੇ ਆਗੂਆਂ ਤੇ ਵਿਸ਼ਵਾਸ ਪ੍ਰਗਟਾਇਆ ਹੈ ਉੱਥੇ ਨਾਲ ਹੀ ਕਈ ਨਵੇਂ ਚਿਹਰੇ ਵੀ ਇਸ ਸੂਚੀ ਵਿੱਚ ਸ਼ਾਮਿਲ ਕੀਤੇ ਹਨ। ਇਸ ਦੇ ਨਾਲ ਪਾਰਟੀ ਨੇ ਅਠ ਮੌਜੂਦਾ ਵਿਧਾਇਕਾਂ ਦੀਆਂ ਟਿਕਟਾਂ ਕੱਟ ਕੇ ਪਾਰਦਰਸ਼ਤਾ ਅਤੇ ਜ਼ਮੀਨੀ ਹਕੀਕਤ ਤੇ ਕੰਮ ਕਰਨ ਵਾਲਿਆਂ ਨੂੰ ਪਹਿਲ ਦੇਣ ਦਾ ਸਬੂਤ ਪੇਸ਼ ਕੀਤਾ ਹੈ। ਇਸ ਤੋਂ ਪਹਿਲਾਂ ਪਹਿਲੀ ਸੂਚੀ ਵਿੱਚ ਆਮ ਆਦਮੀ ਪਾਰਟੀ ਨੇ 40 ਉਮੀਦਵਾਰਾਂ ਦਾ ਐਲਾਨ ਕੀਤਾ ਸੀ ਹੁਣ ਤੱਕ ਕੁੱਲ 71 ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਇਸ ਸੂਚੀ ਵਿੱਚ ਕਈ ਪ੍ਰਮੁੱਖ ਚਿਹਰਿਆਂ ਅਤੇ ਮੌਜੂਦਾ ਵਿਧਾਇਕਾਂ ਨੂੰ ਮੈਦਾਨ ਵਿੱਚ ਉਤਾਰਿਆ ਗਿਆ ਹੈ।

ਜ਼ਿਲ੍ਹਾ ਵਾਰ ਅਤੇ ਹਲਕਾ ਵਾਰ ਜਾਰੀ ਕੀਤੀ ਗਈ ਉਮੀਦਵਾਰਾਂ ਦੀ ਸੂਚੀ ਵਿੱਚ ਸੁਜਾਨਪੁਰ ਤੋਂ ਸਵਰਨ ਸਿੰਘ ਸਲਾਰੀਆ, ਪਠਾਨਕੋਟ ਤੋਂ ਰੋਹਿਤ ਸਿਆਲ, ਗੁਰਦਾਸਪੁਰ ਤੋਂ ਰਮਨ ਬਹਿਲ, ਦੀਨਾ ਨਗਰ ਤੋਂ ਸ਼ਮਸ਼ੇਰ ਸਿੰਘ, ਕਾਦੀਆਂ ਤੋਂ ਗੁਰਇਕਬਾਲ ਸਿੰਘ ਮਾਹਲ, ਫਤਹਿਗੜ੍ਹ ਚੂੜੀਆਂ ਤੋਂ ਹਰਜੋਬਨਜੀਤ ਸਿੰਘ ਰੰਧਾਵਾ (ਜੋਬਨ ਰੰਧਾਵਾ), ਰਾਜਾਸਾਂਸੀ ਤੋਂ ਸੋਨੀਆ ਮਾਨ, ਮਜੀਠਾ ਤੋਂ ਤਲਬੀਰ ਸਿੰਘ ਗਿੱਲ,ਅੰਮ੍ਰਿਤਸਰ ਉੱਤਰੀ ਤੋਂ ਕਰਮਜੀਤ ਸਿੰਘ ਰਿੰਟੂ, ਪੱਟੀ ਤੋਂ ਜਸਕਨਵਰ ਸਿੰਘ ਗਿੱਲ (ਜੱਸਾ ਪੱਟੀ), ਭੁਲੱਥ ਤੋਂ ਐਡਵੋਕੇਟ ਹਰਸਿਮਰਨ ਸਿੰਘ, ਕਪੂਰਥਲਾ ਤੋਂ ਦਵਿੰਦਰ ਪਾਲ ਸਿੰਘ ਰੰਗਾ, ਫਗਵਾੜਾ ਤੋਂ ਡਾ. ਰਾਜ ਕੁਮਾਰ ਚੱਬੇਵਾਲ, ਫਿਲੌਰ ਤੋਂ ਹਰਜੋਤ ਕੌਰ ਲੋਹਟੀਆ, ਸ਼ਾਹਕੋਟ ਤੋਂ ਬਲਵੀਰ ਸਿੰਘ ਪਾਲਾ ਜਲਾਲਪੁਰ, ਜਲੰਧਰ ਸੈਂਟਰਲ ਤੋਂ ਨਿਤਿਨ ਕੋਹਲੀ, ਜਲੰਧਰ ਉੱਤਰੀ ਤੋਂ ਵਨੀਤ ਧੀਰ, ਜਲੰਧਰ ਕੈਂਟ ਤੋਂ ਦੀਪਕ ਬਾਲੀ, ਆਦਮਪੁਰ ਤੋਂ (ਬਾਕੀ ਸਫ਼ਾ 2 ’ਤੇ)



5 ਵਾਰ ਦੇ ਮੁੱਖ ਮੰਤਰੀ ਨੂੰ ਹਰਾਉਣ ਵਾਲੇ ਮੰਤਰੀ ਨੂੰ ਟਿਕਟ ਨਹੀਂ ਮਿਲੀ



ਆਮ ਆਦਮੀ ਪਾਰਟੀ (ਆਪ) ਨੇ ਆਪਣੀ ਦੂਜੀ ਸੂਚੀ ਵਿੱਚ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਲੰਬੀ ਵਿਧਾਨ ਸਭਾ ਹਲਕੇ ਤੋਂ ਟਿਕਟ ਨਹੀਂ ਦਿੱਤੀ ਹੈ। 2022 ਦੀਆਂ ਚੋਣਾਂ ਵਿੱਚ, ਉਨ੍ਹਾਂ ਨੇ ਅਕਾਲੀ ਆਗੂ ਪ੍ਰਕਾਸ਼ ਸਿੰਘ ਬਾਦਲ ਨੂੰ ਹਰਾਇਆ ਸੀ, ਜੋ ਪੰਜ ਵਾਰ ਮੁੱਖ ਮੰਤਰੀ ਰਹਿ ਚੁੱਕੇ ਸਨ। ਹੁਣ ਇਸ ਸੀਟ ਲਈ ਉਨ੍ਹਾਂ ਦੇ ਭਤੀਜੇ, ਰਣਧੀਰ ਸਿੰਘ ਧੀਰ ਨੂੰ ਟਿਕਟ ਦਿੱਤੀ ਗਈ ਹੈ।

7 ਵਿਧਾਇਕਾਂ ਨੂੰ ਮੁੜ ਟਿਕਟ ਨਹੀਂ ਮਿਲੀ

‘ਆਪ’ ਨੇ 7 ਵਿਧਾਇਕਾਂ ਨੂੰ ਟਿਕਟਾਂ ਨਹੀਂ ਦਿੱਤੀਆਂ ਹਨ, ਜਿਨ੍ਹਾਂ ਵਿੱਚ ਖਰੜ ਤੋਂ ਵਿਧਾਇਕ ਅਤੇ ਪੰਜਾਬੀ ਅਭਿਨੇਤਰੀ ਅਨਮੋਲ ਗਗਨ ਮਾਨ ਵੀ ਸ਼ਾਮਲ ਹਨ। ਜਿਨ੍ਹਾਂ ਹੋਰ ਵਿਧਾਇਕਾਂ ਨੂੰ ਟਿਕਟਾਂ ਨਹੀਂ ਮਿਲੀਆਂ, ਉਨ੍ਹਾਂ ਵਿੱਚ ਅਮਿਤ ਰਤਨ ਕੋਟਫੱਟਾ (ਬਠਿੰਡਾ ਦਿਹਾਤੀ), ਲਾਲਜੀਤ ਭੁੱਲਰ (ਪੱਟੀ), ਰਮਨ ਅਰੋੜਾ (ਜਲੰਧਰ ਕੇਂਦਰੀ), ਕੁਲਵੰਤ ਬਾਜ਼ੀਗਰ (ਸ਼ੁਤਰਾਣਾ), ਡਾ. ਚਰਨਜੀਤ ਸਿੰਘ (ਜਿਨ੍ਹਾਂ ਨੇ ਚਮਕੌਰ ਸਾਹਿਬ ਵਿੱਚ ਤਤਕਾਲੀ ਮੁੱਖ ਮੰਤਰੀ ਚਰਨਜੀਤ ਚੰਨੀ ਨੂੰ ਹਰਾਇਆ ਸੀ) ਅਤੇ ਕੰਵਰ ਵਿਜੇ ਪ੍ਰਤਾਪ (ਅੰਮ੍ਰਿਤਸਰ ਉੱਤਰੀ) ਸ਼ਾਮਲ ਹਨ। ਕੰਵਰ ਪਹਿਲਾਂ ਹੀ ਭਾਜਪਾ ਵਿੱਚ ਸ਼ਾਮਲ ਹੋ ਚੁੱਕੇ ਹਨ।

ਪਾਰਟੀ 31 ਵਿੱਚੋਂ 21 ਸੀਟਾਂ ਹਾਰ ਗਈ ਸੀ; 25 ਸੀਟਾਂ ’ਤੇ ਨਵੇਂ ਚਿਹਰੇ ਉਤਾਰੇ ਗਏ

‘ਆਪ’ ਵੱਲੋਂ ਅੱਜ ਜਾਰੀ ਕੀਤੀ ਗਈ 31 ਉਮੀਦਵਾਰਾਂ ਦੀ ਸੂਚੀ ਵਿੱਚੋਂ, ਪਾਰਟੀ 2022 ਦੀਆਂ ਚੋਣਾਂ ਵਿੱਚ 21 ਸੀਟਾਂ ਹਾਰ ਗਈ ਸੀ। ਇਨ੍ਹਾਂ ਵਿੱਚੋਂ 25 ਸੀਟਾਂ ’ਤੇ ਨਵੇਂ ਚਿਹਰਿਆਂ ਨੂੰ ਮੌਕਾ ਦਿੱਤਾ ਗਿਆ ਹੈ, ਜਦਕਿ 6 ਉਮੀਦਵਾਰਾਂ ਨੂੰ ਦੁਬਾਰਾ ਟਿਕਟ ਦਿੱਤੀ ਗਈ ਹੈ। ਦੁਬਾਰਾ ਟਿਕਟ ਪਾਉਣ ਵਾਲਿਆਂ ਵਿੱਚ ਦੋ ਵਿਧਾਇਕ—ਸਰਵਜੀਤ ਕੌਰ ਮਾਣੂੰਕੇ ਅਤੇ ਅਮਨਦੀਪ ‘ਗੋਲਡੀ’ ਮੁਸਾਫਿਰ—ਸ਼ਾਮਲ ਹਨ। ਇਸ ਤੋਂ ਇਲਾਵਾ, ਅੰਮ੍ਰਿਤਸਰ ਦੇ ਰਾਜਾਸਾਂਸੀ ਹਲਕੇ ਤੋਂ ਅਭਿਨੇਤਰੀ ਸੋਨੀਆ ਮਾਨ ਨੂੰ ਟਿਕਟ ਦਿੱਤੀ ਗਈ ਹੈ।

ਦੀਵਾਲੀ ਅਤੇ ਧਨਤੇਰਸ ਦੌਰਾਨ ਸੋਨੇ ਦੀ ਵਿਕਰੀ ਪਿਛਲੇ ਸਾਲ ਦੇ ਮੁਕਾਬਲੇ 30% ਵੱਧ

ਮੁੰਬਈ, 12 ਨਵੰਬਰ (ਪੈ.ਗਾਮ-ਏ-ਜਗਤ)

ਅਜਿਹਾ ਸੋਨੇ ਦੀਆਂ ਕੀਮਤਾਂ ਵਿੱਚ ਰਿਕਾਰਡ ਉਚਾਈ ਤੋਂ 21% ਦੀ ਗਿਰਾਵਟ ਆਉਣ ਤੋਂ ਬਾਅਦ ਹੋਇਆ ਹੈ; ਇਸ ਦੇ ਨਾਲ ਹੀ ਚਾਂਦੀ ਦੀ ਵਿਕਰੀ ਵਿੱਚ ਵੀ 10% ਦਾ ਵਾਧਾ ਦਰਜ ਕੀਤਾ ਗਿਆ।

ਸੋਨੇ ਦੀ ਕੀਮਤ 1.80 ਲੱਖ ਦੇ ਰਿਕਾਰਡ ਪੱਧਰ ਤੋਂ ਘਟ ਕੇ 1.42 ਲੱਖ ਪ੍ਰਤੀ 10 ਗ੍ਰਾਮ ਰਹਿ ਗਈ—ਜਿਸ ਵਿੱਚ 38,000 (21%) ਦੀ ਕਮੀ ਆਈ। ਨਤੀਜੇ ਵਜੋਂ, ਧਨਤੇਰਸ ਅਤੇ ਦੀਵਾਲੀ ਦੌਰਾਨ ਸੋਨੇ ਦੀ ਖਰੀਦ ਵਿੱਚ ਪਿਛਲੇ ਸਾਲ ਦੇ ਮੁਕਾਬਲੇ 30% ਦਾ ਵਾਧਾ ਹੋਇਆ। ਇਸ ਦੌਰਾਨ, ਦੇਸ਼ ਭਰ ਵਿੱਚ ਲਗਭਗ 52 ਟਨ ਸੋਨਾ ਖਰੀਦਿਆ ਗਿਆ, ਜਿਸ ਦਾ ਮੁੱਲ 72,000 ਕਰੋੜ ਰੁਪਏ ਬਣਦਾ ਹੈ। ਇਸ ਦੇ ਨਾਲ ਹੀ, ਚਾਂਦੀ ਦੀ ਖਰੀਦ ਵਿੱਚ ਵੀ 10% ਦਾ ਵਾਧਾ ਹੋਇਆ ਅਤੇ ਇਹ 300 ਟਨ ਤੱਕ ਪਹੁੰਚ ਗਈ, ਜਿਸ ਦਾ ਮੁੱਲ ਲਗਭਗ 5,400 ਕਰੋੜ ਰੁਪਏ ਹੈ।

ਮੌਜੂਦਾ ਵਿੱਤੀ ਸਾਲ ਵਿੱਚ, ਸਤੰਬਰ ਤੱਕ, ਸੋਨੇ ਦੀ ਵਿਕਰੀ ਦੀ



ਮਾਤਰਾ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਲਗਭਗ 50% ਦੀ ਗਿਰਾਵਟ ਆਈ ਸੀ। ਇਸ ਦਾ ਕਾਰਨ ਸੋਨੇ ਦੀਆਂ ਉੱਚੀਆਂ ਕੀਮਤਾਂ, ਦਰਾਮਦ ਡਿਊਟੀ ਵਿੱਚ ਵਾਧਾ, ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਲੋਕਾਂ ਨੂੰ ਸੋਨਾ ਨਾ ਖਰੀਦਣ ਦੀ ਕੀਤੀ ਗਈ ਅਪੀਲ ਸੀ।

‘ਇੰਡੀਆ ਬੁਲੀਅਨ ਐਂਡ ਜਵੈਲਰਜ਼ ਐਸੋਸੀਏਸ਼ਨ’ ਦੇ ਰਾਸ਼ਟਰੀ ਸਕੱਤਰ ਸੁਰੇਂਦਰ ਮਹਿਤਾ ਅਨੁਸਾਰ, ਬਹੁਤ ਸਾਰੇ ਗਾਹਕਾਂ ਨੇ ਉੱਚੀਆਂ ਕੀਮਤਾਂ ਕਾਰਨ ਸੋਨੇ ਦੀ ਖਰੀਦ ਨੂੰ ਟਾਲ ਦਿੱਤਾ ਸੀ; ਹੁਣ ਕੀਮਤਾਂ ਵਿੱਚ ਗਿਰਾਵਟ ਆਉਣ ਤੋਂ ਬਾਅਦ ਉਹ ਵਾਪਸ ਬਾਜ਼ਾਰ ਵਿੱਚ ਆ ਗਏ ਹਨ। ਉਨ੍ਹਾਂ ਦੱਸਿਆ ਕਿ ਸੋਨਾ ਖਰੀਦਣ ਦਾ (ਬਾਕੀ ਸਫ਼ਾ 2 ’ਤੇ)

ਭਾਰਤ ਦੀ ਕਹਾਣੀ ਦੁਨੀਆ ਤੱਕ ਪਹੁੰਚਾਓ ਅਤੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਮਦਦ ਕਰੋ: ਪੀ.ਐਮ. ਮੋਦੀ

ਨਵੀਂ ਦਿੱਲੀ, 12 ਨਵੰਬਰ (ਪੈ.ਗਾਮ-ਏ-ਜਗਤ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਮੀਡੀਆ ਨੂੰ ਅਪੀਲ ਕੀਤੀ ਕਿ ਉਹ ਸੰਚਾਰ (ਕਮਿਊਨੀਕੇਸ਼ਨ) ਦੀ ਤਾਕਤ ਦੀ ਵਰਤੋਂ ਕਰਕੇ ਭਾਰਤ ਦੀ ਕਹਾਣੀ ਦੁਨੀਆ ਤੱਕ ਪਹੁੰਚਾਉਣ ਅਤੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਸਰਕਾਰ ਦੀ ਮਦਦ ਕਰਨ। ਇਹ ਨੋਟ ਕਰਦਿਆਂ ਕਿ ਮੀਡੀਆ ਵਾਂਗ ਦੇਸ਼ ਵੀ ਹੁਣ ਵਿਕਸਤ ਰਾਸ਼ਟਰ ਦਾ ਦਰਜਾ ਹਾਸਲ ਕਰਨ ਲਈ 2047 ਦੀ ਸਮਾਂ-ਸੀਮਾ (ਡੈੱਡਲਾਈਨ) ਵੱਲ ਕੰਮ ਕਰ ਰਿਹਾ ਹੈ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਮੀਡੀਆ ਨੂੰ ਕੌਮੀ ਸਮਰੱਥਾ ਅਤੇ ਪ੍ਰਾਪਤੀਆਂ ਦਾ ਸ਼ੀਸ਼ਾ ਬਣਨਾ ਚਾਹੀਦਾ ਹੈ।

ਮੀਡੀਆ ਨੂੰ ਭਾਰਤ ਦੀਆਂ ਕੌਮੀ ਅਤੇ ਵਿਅਕਤੀਗਤ ਪ੍ਰਾਪਤੀਆਂ ਨੂੰ ਦਿਖਾਉਣ ਦੀ ਅਪੀਲ ਕਰਦਿਆਂ ਪ੍ਰਧਾਨ ਮੰਤਰੀ ਨੇ ਪੁੱਛਿਆ, “21ਵੀਂ ਸਦੀ ਦੀ ਸਭ ਤੋਂ ਵੱਡੀ ਤਾਕਤ ਸੰਚਾਰ ਹੈ। ਸਾਡੇ ਕੋਲ ਨੌਜਵਾਨ ਪ੍ਰਤਿਭਾ ਹੈ ਅਤੇ ਦੁਨੀਆ ਨੂੰ ਸੁਣਾਉਣ ਲਈ ਭਾਰਤ ਦੀ ਮਹਾਨ



ਕਹਾਣੀ ਹੈ। ਕੀ ਅਸੀਂ ਇਹ ਕਹਾਣੀ ਦੱਸਣ ਲਈ ਆਪਣੀ ਤਾਕਤ ਦੀ ਵਰਤੋਂ ਕਰ ਰਹੇ ਹਾਂ? ਕੀ ਅਸੀਂ ਭਾਰਤ ਦੀ ਕਹਾਣੀ ਲੈ ਕੇ ਦੁਨੀਆ ਕੋਲ ਜਾ ਰਹੇ ਹਾਂ? ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਭਾਰਤ ਕੋਲ ਨੌਜਵਾਨ ਪ੍ਰਤਿਭਾ ਅਤੇ ਬਹੁਤ ਸਾਰੇ ਪ੍ਰਾਪਤੀਆਂ ਕਰਨ ਵਾਲੇ ਲੋਕ ਹਨ।

ਭਾਜਪਾ ਦੇ ਦੀਪਾਵਲੀ ਮਿਲਨ ਸਮਾਗਮ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ, “ਇੱਕ ਫ਼ਿਲਮ ਦੁਨੀਆ ਵਿੱਚ ਕਿਸੇ ਦੇਸ਼ ਦਾ ਅਕਸ ਬਦਲ ਸਕਦੀ ਹੈ। ਕੀ ਸਾਡੀ ਸਮੱਗਰੀ (ਕੰਟੈਂਟ) ਭਾਰਤੀ ਕਹਾਣੀ, ਪ੍ਰਾਪਤੀਆਂ, ਸਮਰੱਥਾ ਅਤੇ ਗੌਰਵ—ਯਾਨੀ ਭਾਰਤ ਦੀ ਸਕਾਰਾਤਮਕ ਕਹਾਣੀ ਨੂੰ ਦਰਸਾਉਂਦੀ ਹੈ? ਕੀ ਅਸੀਂ ਲੋਕਾਂ ਦੀਆਂ ਪ੍ਰਾਪਤੀਆਂ ਨੂੰ ਉਭਾਰ ਰਹੇ ਹਾਂ? ਸਾਨੂੰ ਭਾਰਤ ਦੀ ਕਹਾਣੀ ਦਾ ਵਿਸਤਾਰ ਕਰਨਾ ਚਾਹੀਦਾ ਹੈ।

ਲੋਕਾਂ ਤੱਕ ਕਹਾਣੀਆਂ ਪਹੁੰਚਾਉਣ ਅਤੇ ਤਰਾਸੀਦਆਂ ਦੀ ਰਿਪੋਰਟਿੰਗ ਕਰਨ ਲਈ ਜਾਨ ਜੋਖ਼ਮ ਵਿੱਚ ਪਾਉਣ ਵਾਸਤੇ ਮੀਡੀਆ ਦੀ ਸ਼ਲਾਘਾ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸਮਾਂ-ਸੀਮਾਵਾਂ (ਡੈੱਡਲਾਈਨਜ਼) ਵਿਅਕਤੀਆਂ, ਸੰਸਥਾਵਾਂ ਅਤੇ ਦੇਸ਼ ’ਤੇ ਲਾਗੂ ਹੁੰਦੀਆਂ ਹਨ।

ਵਿਸ਼ਵ ਬੈਂਕ ਦੀ ਉਸ ਰਿਪੋਰਟ—ਜਿਸ ਵਿੱਚ 50 ਕਰੋੜ ਭਾਰਤੀਆਂ ਨੂੰ ਅਤਿ-ਗ਼ਰੀਬੀ ਵਿੱਚੋਂ ਬਾਹਰ ਕੱਢਣ ਦਾ ਜ਼ਿਕਰ ਹੈ—ਸਮੇਤ ਪਿਛਲੀਆਂ ਪ੍ਰਾਪਤੀਆਂ ਦਾ ਹਵਾਲਾ ਦਿੰਦਿਆਂ ਪ੍ਰਧਾਨ ਮੰਤਰੀ ਨੇ ਕਿਹਾ, “ਅੱਜ ਸਾਡਾ ਦੇਸ਼ ਵੀ 2047 ਦੀ ਸਮਾਂ-ਸੀਮਾ ਨੂੰ ਧਿਆਨ ਵਿੱਚ ਰੱਖ ਕੇ ਕੰਮ ਕਰ ਰਿਹਾ ਹੈ। ਆਜ਼ਾਦੀ ਦੀ ਸ਼ਤਾਬਦੀ ਤੋਂ (ਬਾਕੀ ਸਫ਼ਾ 2 ’ਤੇ)

ਟਰਾਂਸਪੋਰਟਰ ਅਗਵਾ ਮਾਮਲਾ

ਸਾਬਕਾ ਐੱਸ.ਐੱਸ.ਪੀ. ਗੁਰਮੀਤ ਸਿੰਘ ਰੰਧਾਵਾ ਨੂੰ 5 ਸਾਲ ਕੈਦ ਤੇ 50 ਹਜ਼ਾਰ ਜ਼ੁਰਮਾਨਾ

- ਇੱਕ ਹੋਰ ਧਾਰਾ ਤਹਿਤ ਦੋ ਸਾਲ ਦੀ ਕੈਦ ਤੇ 25 ਹਜ਼ਾਰ ਰੁਪਏ ਜੁਰਮਾਨੇ ਦਾ ਹੁਕਮ
- ਦੋਵੇਂ ਸਜ਼ਾਵਾਂ ਚੱਲਣਗੀਆਂ ਨਾਲ-ਨਾਲ

ਮੁਹਾਲੀ, 12 ਨਵੰਬਰ (ਪੈ.ਗਾਮ-ਏ-ਜਗਤ)

ਮੁਹਾਲੀ ਵਿਖੇ ਸੀਬੀਆਈ ਦੀ ਵਿਸ਼ੇਸ਼ ਅਦਾਲਤ ਨੇ 1992 ਵਿੱਚ ਟਰਾਂਸਪੋਰਟਰ ਅਮਰੀਕ ਸਿੰਘ ਸਾਕਰੀ ਨੂੰ ਅਗਵਾ ਕਰਨ ਅਤੇ ਲਾਪਤਾ ਕਰਨ ਦੇ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤੇ ਸਾਬਕਾ ਐੱਸਐੱਸਪੀ ਗੁਰਮੀਤ ਸਿੰਘ ਰੰਧਾਵਾ ਨੂੰ ਪੰਜ ਸਾਲ ਦੀ ਕੈਦ ਅਤੇ ਪੰਜਾਹ ਹਜ਼ਾਰ ਰੁਪਏ ਜੁਰਮਾਨਾ ਕੀਤਾ ਹੈ। ਇੱਕ ਹੋਰ ਧਾਰਾ ਵਿੱਚ ਉਸ ਨੂੰ ਦੋ ਸਾਲ ਦੀ ਕੈਦ ਅਤੇ 25 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ ਹੈ। ਦੋਵੇਂ ਸਜ਼ਾਵਾਂ ਨਾਲ-ਨਾਲ



ਚੱਲਣਗੀਆਂ।

ਮੁਹਾਲੀ ਦੀ ਵਿਸ਼ੇਸ਼ ਸੀ ਬੀ ਆਈ ਅਦਾਲਤ ਨੇ ਟਰਾਂਸਪੋਰਟਰ ਅਮਰੀਕ ਸਿੰਘ ਸਾਕਰੀ ਨੂੰ ਲੁਧਿਆਣਾ ’ਚ ਵਿਆਹ ਸਮਾਗਮ ’ਚੋਂ ਅਗਵਾ ਅਤੇ ਲਾਪਤਾ ਕਰਨ ਦੇ 34 ਸਾਲ ਪੁਰਾਣੇ ਬਹੁ-ਚਰਚਿਤ ਮਾਮਲੇ ਵਿੱਚ ਬੁੱਧਵਾਰ ਨੂੰ ਪੰਜਾਬ ਪੁਲੀਸ ਦੇ ਸਾਬਕਾ ਐੱਸ ਐੱਸ ਪੀ ਗੁਰਮੀਤ ਸਿੰਘ ਰੰਧਾਵਾ ਨੂੰ ਦੋਸ਼ੀ ਕਰਾਰ ਦਿੱਤਾ ਸੀ।

ਜ਼ਿਕਰਯੋਗ ਹੈ ਕਿ ਇਹ ਮਾਮਲਾ 25 ਨਵੰਬਰ 1992 ਦਾ ਹੈ, ਜਦੋਂ ਅਮਰੀਕ ਸਿੰਘ ਨੂੰ ਤਰਨ ਤਾਰਨ ਪੁਲੀਸ ਵੱਲੋਂ ਲੁਧਿਆਣਾ ਵਿਚਲੇ ਵਿਆਹ ਸਮਾਗਮ ਤੋਂ ਚੁੱਕਿਆ ਗਿਆ ਸੀ। ਇਸ ਮਗਰੋਂ ਉਨ੍ਹਾਂ ਦਾ ਕੋਈ ਥਹੁ-ਪਤਾ ਨਹੀਂ ਲੱਗਾ। ਸੀ ਬੀ ਆਈ ਨੇ ਸੁਪਰੀਮ ਕੋਰਟ ਦੇ ਹੁਕਮਾਂ ’ਤੇ ਸਾਲ 2000 ਵਿੱਚ ਕੇਸ ਦਰਜ ਕੀਤਾ ਅਤੇ 2001 ਵਿੱਚ ਗੁਰਮੀਤ ਸਿੰਘ, ਤਤਕਾਲੀ ਡੀ ਐੱਸ ਪੀ (ਡੀ) ਤਰਨ ਤਾਰਨ, ਇੰਸਪੈਕਟਰ ਸੂਬਾ ਸਿੰਘ, ਤਤਕਾਲੀ ਐੱਸ ਐੱਚ ਓ ਖਾਲੜਾ, ਐੱਸ ਆਈ ਸੁਰਿੰਦਰ ਸਿੰਘ, ਸਿਪਾਹੀ ਪਰਮਿੰਦਰਜੀਤ ਸਿੰਘ ਉਰਫ਼ ਬੱਬੂ ਅਤੇ ਏ ਐੱਸ ਆਈ ਜਸਵੰਤ ਸਿੰਘ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਸੀ।

ਚਾਰਜਸ਼ੀਟ ਮੁਤਾਬਕ ਅਮਰੀਕ ਸਿੰਘ ਸਾਕਰੀ ਨੂੰ 25 ਨਵੰਬਰ 1992 ਨੂੰ ਤਰਨ ਤਾਰਨ ਦੀ ਪੁਲੀਸ ਪਾਰਟੀ ਨੇ ਹੋਟਲ ਅਮਲਤਾਸ਼ ਲੁਧਿਆਣਾ ਤੋਂ ਚੁੱਕਿਆ ਸੀ, ਜਿੱਥੇ ਉਹ ਆਪਣੀ ਭਾਣਜੀ ਦੇ (ਬਾਕੀ ਸਫ਼ਾ 2 ’ਤੇ)

ਪਰਚੂਨ ਮਹਿੰਗਾਈ ਦਰ 6.09% ’ਤੇ ਪਹੁੰਚ ਗਈ

ਜੋ ਪਿਛਲੇ 12 ਮਹੀਨਿਆਂ ਵਿੱਚ ਸਭ ਤੋਂ ਵੱਧ

ਮੁੰਬਈ, 12 ਨਵੰਬਰ (ਪੈ.ਗਾਮ-ਏ-ਜਗਤ)

ਇਹ ਭਾਰਤੀ ਰਿਜ਼ਰਵ ਬੈਂਕ ਦੁਆਰਾ ਨਿਰਧਾਰਤ 6% ਦੀ ਉੱਪਰੀ ਸੀਮਾ ਨੂੰ ਪਾਰ ਕਰ ਗਈ ਹੈ। ਇਸ ਦਾ ਮੁੱਖ ਕਾਰਨ ਖਾਣ-ਪੀਣ ਦੀਆਂ ਵਸਤੂਆਂ—ਜਿਵੇਂ ਕਿ ਪਿਆਜ਼, ਦੁੱਧ ਅਤੇ ਆਂਡੇ—ਦੀਆਂ ਕੀਮਤਾਂ ਵਿੱਚ ਹੋਇਆ ਵਾਧਾ ਹੈ।

ਅਕਤੂਬਰ ਵਿੱਚ, ਦੇਸ਼ ਦੀ ਪਰਚੂਨ ਮਹਿੰਗਾਈ ਦਰ ਵੱਧ ਕੇ 6.09% ਹੋ ਗਈ, ਜੋ ਸਤੰਬਰ ਵਿੱਚ 5.54% ਸੀ—ਭਾਵ ਇੱਕ ਹੀ ਮਹੀਨੇ ਵਿੱਚ 0.55% ਦਾ ਵਾਧਾ ਦਰਜ ਕੀਤਾ ਗਿਆ।

ਅਕਤੂਬਰ ਲਈ ਪਰਚੂਨ ਮਹਿੰਗਾਈ ਦਰ ਆਰਬੀਆਈ ਦੀ 6% ਦੀ ਉੱਪਰੀ ਸੀਮਾ ਤੋਂ ਪਾਰ ਚਲੀ ਗਈ ਹੈ। ਆਰਬੀਆਈ ਨੇ ਦੇਸ਼ ਵਿੱਚ ਮਹਿੰਗਾਈ ਲਈ 4% ਤੋਂ 6% ਦੀ ਸੀਮਾ (ਟਾਰਗੇਟ ਰੇਂਜ) ਤੈਅ ਕੀਤੀ ਹੋਈ ਹੈ। ਪਰਚੂਨ ਮਹਿੰਗਾਈ ਵਿੱਚ ਇਸ ਵਾਧੇ ਦਾ ਕਾਰਨ ਖਾਣ-ਪੀਣ ਦੀਆਂ ਚੀਜ਼ਾਂ ਦੀਆਂ ਵਧੀਆਂ ਕੀਮਤਾਂ ਹਨ; ਅਕਤੂਬਰ ਵਿੱਚ



ਰੋਜ਼ਾਨਾ ਵਰਤੋਂ ਦੀਆਂ ਜ਼ਰੂਰੀ ਵਸਤਾਂ—ਜਿਵੇਂ ਕਿ ਦੁੱਧ, ਆਂਡੇ, ਪਿਆਜ਼ ਅਤੇ ਲਸਣ—ਮਹਿੰਗੀਆਂ ਹੋ ਗਈਆਂ। ਨਤੀਜੇ ਵਜੋਂ, ਅਕਤੂਬਰ ਵਿੱਚ ਖ਼ੁਰਾਕੀ ਮਹਿੰਗਾਈ ਦਰ 8.94% ਤੱਕ ਪਹੁੰਚ ਗਈ, ਜਦੋਂ ਕਿ ਸਤੰਬਰ ਵਿੱਚ ਇਹ 7.74% ਸੀ। ਦੇਸ਼ ਦੇ ’ਖਪਤਕਾਰ ਮੁੱਲ (ਬਾਕੀ ਸਫ਼ਾ 2 ’ਤੇ)

ਕੇਜਰੀਵਾਲ ਅਤੇ ਉਨ੍ਹਾਂ ਦੀ ਧੀ ਨੂੰ ਜਾਨੋਂ ਮਾਰਨ ਦੀ ਧਮਕੀ

‘ਬਿਸ਼ਨੋਈ ਗੈਂਗ’ ਦੇ ਮੈਂਬਰ ਨੇ ਲਈ ਜ਼ਿੰਮੇਵਾਰੀ

ਐੱਸ.ਏ.ਐੱਸ. ਨਗਰ (ਮੁਹਾਲੀ) 12 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਪੁਲੀਸ ਨੇ ਦਿੱਲੀ ਤੋਂ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਜਰਨੈਲ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਮਗਰੋਂ ਕੇਸ ਦਰਜ ਕੀਤਾ ਹੈ, ਜਿਨ੍ਹਾਂ ਨੇ ਪਾਰਟੀ ਆਗੂ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੀ ਧੀ ਨੂੰ ਜਾਨੋਂ ਮਾਰਨ ਦੀ ਧਮਕੀ ਭਰਿਆ ਸੁਨੇਹਾ ਮਿਲਣ ਅਤੇ 7 ਕਰੋੜ ਰੁਪਏ ਦੀ ਫਿਰੌਤੀ ਮੰਗੇ ਜਾਣ ਦੀ ਰਿਪੋਰਟ ਦਿੱਤੀ ਹੈ।

ਦਿੱਲੀ ਦੇ ਤਿਲਕ ਨਗਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਜਰਨੈਲ ਸਿੰਘ ਨੂੰ ਫੋਨ ਅਤੇ ਵਟਸਐਪ ਸੁਨੇਹੇ ਰਾਹੀਂ ਫਿਰੌਤੀ ਦੀ ਮੰਗ ਕਰਨ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ।

ਅਣ-ਪਛਾਤੇ ਵਿਅਕਤੀ ਨੇ ਆਪਣੇ ਆਪ ਨੂੰ ਲਾਰੈਂਸ ਬਿਸ਼ਨੋਈ ਗੈਂਗ ਦਾ ਮੈਂਬਰ ਦੱਸਦਿਆਂ 7 ਕਰੋੜ ਰੁਪਏ ਦੀ ਮੰਗ ਕੀਤੀ ਅਤੇ ਪੈਸੇ ਨਾ ਦੇਣ ਦੀ ਸੂਰਤ ਵਿਚ ਦਿੱਲੀ ਦੇ



ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੀ ਧੀ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ। ਪੁਲੀਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ 6 ਨਵੰਬਰ ਨੂੰ ਵਿਧਾਇਕ ਜਰਨੈਲ ਸਿੰਘ ਦੇ ਮੋਬਾਈਲ ਫੋਨ ’ਤੇ ਨੰਬਰ ਤੋਂ ਕਾਲ ਆਈ ਅਤੇ ਵਟਸਐਪ ’ਤੇ ਸੁਨੇਹਾ ਵੀ ਭੇਜਿਆ ਗਿਆ। ਸੁਨੇਹਾ ਭੇਜਣ ਵਾਲੇ ਨੇ ਕਿਹਾ ਕਿ ਉਹ ਲਾਰੈਂਸ ਬਿਸ਼ਨੋਈ ਗੈਂਗ ਵਲੋਂ ਬੋਲ ਰਿਹਾ ਹੈ ਅਤੇ ਅਰਵਿੰਦ ਕੇਜਰੀਵਾਲ ਨੂੰ 7 ਕਰੋੜ ਰੁਪਏ ਦੇਣ ਲਈ ਕਹਿ ਦੇਵੇ, ਨਹੀਂ ਤਾਂ ਉਨ੍ਹਾਂ ਅਤੇ ਉਨ੍ਹਾਂ ਦੀ ਧੀ ਨੂੰ ਜਾਨੋਂ ਮਾਰ ਦਿੱਤਾ ਜਾਵੇਗਾ। (ਬਾਕੀ ਸਫ਼ਾ 2 ’ਤੇ)

ਅਮਰੀਕਾ ਵਿੱਚ ਵ੍ਹਾਈਟ ਹਾਊਸ ਨੇੜੇ ਗੋਲੀਬਾਰੀ: 1 ਦੀ ਮੌਤ, 4 ਜ਼ਖ਼ਮੀ

- ਹਮਲਾਵਰ ਨੇ ਜਿਮ ਦੇ ਅੰਦਰ ਗੋਲੀਆਂ ਚਲਾਈਆਂ, ਫਿਰ ਖ਼ੁਦਕੁਸ਼ੀ ਕਰ ਲਈ

ਵਾਸ਼ਿੰਗਟਨ, 12 ਨਵੰਬਰ (ਪੈ.ਗਾਮ-ਏ-ਜਗਤ)

ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀ.ਸੀ. ਵਿੱਚ ਵੀਰਵਾਰ ਸਵੇਰੇ ਵ੍ਹਾਈਟ ਹਾਊਸ ਤੋਂ ਲਗਭਗ 1.6 ਕਿਲੋਮੀਟਰ ਦੂਰ ਗੋਲੀਬਾਰੀ ਦੀ ਘਟਨਾ ਵਾਪਰੀ। ਇਸ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਚਾਰ ਹੋਰ ਜ਼ਖ਼ਮੀ ਹੋ ਗਏ। ਹਮਲਾਵਰ ਨੇ ਖ਼ੁਦ ਨੂੰ ਗੋਲੀ ਮਾਰ ਕੇ ਆਪਣੀ ਜਾਨ ਵੀ ਦੇ ਦਿੱਤੀ।

ਅਮਰੀਕੀ ਸਮਾਚਾਰ ਏਜੰਸੀ ‘ਏਪੀ’ ਮੁਤਾਬਕ, ਇਹ ਘਟਨਾ ਇੱਕ ਫਿਟਨੈੱਸ ਸੈਂਟਰ (ਜਿਮ) ਦੇ ਅੰਦਰ ਸ਼ੁਰੂ ਹੋਈ, ਜਿੱਥੇ ਹਮਲਾਵਰ ਨੇ ਸਭ ਤੋਂ ਪਹਿਲਾਂ ਇੱਕ ਵਿਅਕਤੀ ’ਤੇ ਗੋਲੀ ਚਲਾਈ। ਇਸ ਤੋਂ ਬਾਅਦ ਉਹ ਬਾਹਰ ਆ ਗਿਆ ਅਤੇ ਗੋਲੀਆਂ ਚਲਾਉਂਦਾ ਰਿਹਾ। ਉਸ ਨੇ ਇੱਕ ਪਾਰਕਿੰਗ ਗੈਰਾਜ ਵਿੱਚ ਵੀ ਗੋਲੀਆਂ ਚਲਾਈਆਂ, ਜਿੱਥੇ ਇੱਕ ਹੋਰ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਿਆ। (ਬਾਕੀ ਸਫ਼ਾ 2 ’ਤੇ)

ਅਲਮੋੜਾ ਵਿਚ ਡੂੰਘੀ ਖੱਡ ਵਿਚ ਡਿੱਗੀ ਕਾਰ, ਮਾਂ ਧੀ ਸਮੇਤ 3 ਦੀ ਮੌਤ

ਭਾਈ ਦੂਜ ਮਨਾ ਕੇ ਆ ਰਹੀਆਂ ਸੀ ਵਾਪਸ

ਅਲਮੋੜਾ, 12 ਨਵੰਬਰ (ਪੈ.ਗਾਮ-ਏ-ਜਗਤ)

ਉੱਤਰਾਖੰਡ ਦੇ ਅਲਮੋੜਾ ਜ਼ਿਲ੍ਹੇ ਵਿੱਚ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ ਹੈ। ਸੈਰਾਘਾਟ-ਪਿਥੌਰਾਗੜ੍ਹ ਮੋਟਰ ਮਾਰਗ ’ਤੇ ਹਰੜਾ ਨੇੜੇ ਇੱਕ ਬੋਲੈਰੋ ਮੈਕਸ ਕਾਬੂ ਤੋਂ ਬਾਹਰ ਹੋ ਕੇ ਕਰੀਬ 400 ਮੀਟਰ ਡੂੰਘੀ ਖੱਡ ਵਿੱਚ ਡਿੱਗ ਗਈ। ਇਸ ਭਿਆਨਕ ਹਾਦਸੇ ਵਿੱਚ ਮਾਂ-ਧੀ ਅਤੇ ਗੱਡੀ ਦੇ ਡਰਾਈਵਰ ਦੀ ਮੌਕੇ ’ਤੇ ਹੀ ਮੌਤ ਹੋ ਗਈ ਹੈ।

ਜਾਣਕਾਰੀ ਅਨੁਸਾਰ, ਅਲਮੋੜਾ ਜ਼ਿਲ੍ਹੇ ਦੇ ਹਰੜਾ ਪਿੰਡ ਦੀ ਰਹਿਣ ਵਾਲੀ ਇੱਕ ਔਰਤ ਅਤੇ ਉਸ ਦੀ ਧੀ ਪਿਥੌਰਾਗੜ੍ਹ ਵਿਖੇ ਭਾਈ ਦੂਜ ਦਾ ਤਿਉਹਾਰ ਮਨਾਉਣ ਗਈਆਂ ਸਨ। ਬੁੱਧਵਾਰ ਦੇਰ ਰਾਤ ਉਹ ਬੋਲੈਰੋ ਮੈਕਸ ਰਾਹੀਂ ਵਾਪਸ ਆਪਣੇ ਪਿੰਡ ਹਰੜਾ ਪਰਤ ਰਹੀਆਂ ਸਨ। ਰਸਤੇ ਵਿੱਚ, ਹਰੜਾ ਨੇੜੇ ਹੀ ਉਨ੍ਹਾਂ ਦੀ ਗੱਡੀ ਅਚਾਨਕ ਬੇਕਾਬੂ ਹੋ ਗਈ ਅਤੇ ਸਿੱਧੀ 400 ਮੀਟਰ ਡੂੰਘੀ ਖੱਡ ਵਿੱਚ ਜਾ ਡਿੱਗੀ। ਟੱਕਰ ਇੰਨੀ ਜ਼ਬਰਦਸਤ ਸੀ

- ਕਾਰ ਦੇ ਕਾਬੂ ਤੋਂ ਬਾਹਰ ਹੋਣ ਕਾਰਨ ਵਾਪਰਿਆ ਹਾਦਸਾ



ਕਿ ਗੱਡੀ ਦੇ ਪਰਖੱਚੇ ਉੱਡ ਗਏ। ਤਿੰਨੇ ਮ੍ਰਿਤਕ ਹਰੜਾ ਪਿੰਡ ਦੇ ਹੀ ਰਹਿਣ ਵਾਲੇ ਸਨ। ਹਾਦਸਾ ਦੇਰ ਰਾਤ ਵਾਪਰਨ ਅਤੇ ਖੱਡ ਦੇ ਬਹੁਤ ਡੂੰਘੀ ਹੋਣ ਕਾਰਨ ਕਿਸੇ ਨੂੰ ਵੀ ਇਸ ਘਟਨਾ ਦੀ ਭਿਣਕ ਨਹੀਂ ਲੱਗੀ। ਤਿੰਨਾਂ ਦੇ ਮ੍ਰਿਤਕ ਸਰੀਰ ਪੂਰੀ ਰਾਤ ਖੱਡ ਵਿੱਚ ਹੀ ਫਸੇ ਰਹੇ। ਵੀਰਵਾਰ ਸਵੇਰੇ ਕਰੀਬ 9 ਵਜੇ ਜਦੋਂ ਪਿੰਡ ਦੀਆਂ ਕੁਝ ਔਰਤਾਂ ਜੰਗਲ ਵੱਲ ਘਾਹ ਕੱਟਣ ਜਾ ਰਹੀਆਂ ਸਨ, ਤਾਂ (ਬਾਕੀ ਸਫ਼ਾ 2 ’ਤੇ)

ਕਿਸ਼ਤਵਾੜ ’ਚ ਲਾਪਤਾ ਹੋਏ ਦੋਵੇਂ ਐਸ.ਪੀ.ਓ. ਦੀਆਂ ਲਾਸ਼ਾਂ ਬਰਾਮਦ

ਕਿਸ਼ਤਵਾੜ, 12 ਨਵੰਬਰ (ਪੈ.ਗਾਮ-ਏ-ਜਗਤ)

ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਵਿੱਚ ਬੁੱਧਵਾਰ ਨੂੰ ਲਾਪਤਾ ਹੋਏ ਦੋ ਵਿਸ਼ੇਸ਼ ਪੁਲਿਸ ਅਧਿਕਾਰੀਆਂ ਦੀਆਂ ਲਾਸ਼ਾਂ ਅੱਜ ਦਛਨ ਇਲਾਕੇ ਦੇ ਜੰਗਲਾਂ ਵਿੱਚੋਂ ਬਰਾਮਦ ਹੋਈਆਂ ਹਨ। ਦੋਵਾਂ ਦੀ ਅਗਵਾ ਕਰਕੇ ਹੱਤਿਆ ਕੀਤੇ ਜਾਣ ਦੀ ਘਟਨਾ ਤੋਂ ਬਾਅਦ ਸੁਰੱਖਿਆ ਏਜੰਸੀਆਂ ਨੇ ਅੱਤਵਾਦੀਆਂ ਦੀ ਭਾਲ ਲਈ ਵੱਡੇ ਪੱਧਰ ’ਤੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਦੋਵੇਂ ਪੁਲਿਸ ਮੁਲਾਜ਼ਮ ਦਛਨ ਇਲਾਕੇ ਦੇ ਉੱਚੇ ਪਹਾੜੀ ਅਤੇ ਸੰਘਣੇ ਜੰਗਲੀ ਖੇਤਰਾਂ ਵਿੱਚੋਂ ਲਾਪਤਾ ਹੋਏ ਸਨ। ਉਨ੍ਹਾਂ ਦੀ ਭਾਲ ਲਈ ਸੁਰੱਖਿਆ ਬਲਾਂ ਵੱਲੋਂ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਗਈਆਂ ਸਨ। ਤਲਾਸ਼ੀ ਮੁਹਿੰਮ ਵਿੱਚ ਡਰੋਨ ਅਤੇ ਸਨਿਫਰ ਡੌਗਜ਼ ਦੀ ਵੀ ਮਦਦ ਲਈ ਗਈ।

ਵੀਰਵਾਰ ਨੂੰ ਤਲਾਸ਼ੀ ਦੌਰਾਨ ਦੋਵਾਂ ਦੀਆਂ ਲਾਸ਼ਾਂ ਉਸ ਸਥਾਨ ਤੋਂ ਕਰੀਬ 2 ਕਿਲੋਮੀਟਰ ਦੂਰ ਮਿਲੀਆਂ, ਜਿੱਥੋਂ ਉਹ ਲਾਪਤਾ ਹੋਏ ਸਨ। ਸੂਤਰਾਂ ਮੁਤਾਬਕ ਦੋਵਾਂ ਦੇ ਸਰੀਰਾਂ ’ਤੇ ਗੋਲੀਆਂ ਦੇ ਕਈ ਨਿਸ਼ਾਨ ਮਿਲੇ ਹਨ। ਦੱਸ ਦੇਈਏ ਕਿ ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਜ਼ਿਲ੍ਹੇ ਦੇ ਪਹਾੜੀ ਇਲਾਕਿਆਂ ਤੋਂ ਬੁੱਧਵਾਰ ਨੂੰ ਦੋ ਵਿਸ਼ੇਸ਼ ਪੁਲਿਸ ਅਧਿਕਾਰੀ (ਐਸਪੀਓ) ਲਾਪਤਾ ਹੋ ਗਏ ਸਨ। ਐਸਪੀਓ ਰਸ਼ਪਾਲ ਕੁਮਾਰ ਅਤੇ ਬਾਬੀ ਚੰਦ ਸਥਾਨਕ ਪੁਲਿਸ ਦੇ ਵਿਸ਼ੇਸ਼ ਆਪ੍ਰੇਸ਼ਨ ਸਮੂਹ (ਐਸਓਜੀ) ਵਿੱਚ ਤਾਇਨਾਤ ਸਨ। ਫੌਜੀ ਅਧਿਕਾਰੀਆਂ ਨੇ ਦੱਸਿਆ ਕਿ ਦੋਵੇਂ ਪੁਲਿਸ ਅਧਿਕਾਰੀ ਪਹਾੜੀ ਜ਼ਿਲ੍ਹੇ ਦੇ ਦੂਰ-ਦੁਰਾਡੇ ਦਛਨ-ਮਾਰਵਾਹ ਖੇਤਰ ਤੋਂ ਲਾਪਤਾ ਹੋ ਗਏ ਸਨ। ਅਧਿਕਾਰੀਆਂ ਵਲੋਂ ਲਾਪਤਾ ਐਸਪੀਓਜ਼ ਨੂੰ ਲੱਭਣ ਲਈ ਇਲਾਕੇ ਵਿੱਚ ਇੱਕ ਵਿਸ਼ਾਲ ਤਲਾਸ਼ੀ ਮੁਹਿੰਮ ਵੀ ਸ਼ੁਰੂ ਕੀਤੀ ਗਈ ਸੀ। ਜਿਸ ਇਲਾਕੇ ਵਿੱਚ ਉਹ ਲਾਪਤਾ ਹੋਏ ਸਨ, ਉਹ ਅੱਤਵਾਦੀ ਪ੍ਰਭਾਵ ਹੇਠ ਦੱਸਿਆ ਜਾਂਦਾ ਹੈ।

- ਗੋਲੀਆਂ ਦੇ ਕਈ ਨਿਸ਼ਾਨ ਮਿਲੇ



ਦੋਵੇਂ ਕਿਸ਼ਤਵਾੜ ਜ਼ਿਲ੍ਹੇ ਦੇ ਕਿਆਰ ਦਛਨ ਦੇ ਵਸਨੀਕ ਸਨ। ਐਸਪੀਓ 17 ਰਾਸ਼ਟਰੀ ਰਾਈਫਲਜ਼ (ਆਰਆਰ) ਟੀਓਬੀ ਕੈਂਪ ਧਰਨਾ, ਸੈਕਟਰ ਮਾਰਵਾਹ ਵਿਖੇ ਰੋਟੇਸ਼ਨਲ ਡਿਊਟੀ ’ਤੇ ਤਾਇਨਾਤ ਸਨ। ਹਾਲਾਂਕਿ, ਉਹ ਨਿਰਧਾਰਤ ਸਮੇਂ ’ਤੇ ਡਿਊਟੀ ’ਤੇ ਰਿਪੋਰਟ ਕਰਨ ਵਿੱਚ ਅਸਫਲ ਰਹੇ। ਉਦੋਂ ਤੋਂ ਉਨ੍ਹਾਂ ਦਾ ਕੋਈ ਪਤਾ ਨਹੀਂ ਲੱਗ ਰਿਹਾ।

ਅੱਤਵਾਦੀਆਂ ਦੇ ਇੱਕ ਸਮੂਹ ਦੇ ਦਿਖਾਈ ਦੇਣ ਦੀ ਸੂਚਨਾ ਮਿਲਣ ਤੋਂ ਬਾਅਦ ਸੁਰੱਖਿਆ ਬਲਾਂ ਨੇ ਬੁੱਧਵਾਰ ਰਾਤ ਨੂੰ ਸ਼੍ਰੀਨਗਰ ਦੇ ਨਾਲ ਲੱਗਦੇ ਗੰਦਰਬਲ ਵਿੱਚ (ਬਾਕੀ ਸਫ਼ਾ 2 ’ਤੇ)



ਚਮਕੌਰ ਸਾਹਿਬ ਤੋਂ ਚਰਨਜੀਤ ਚੰਨੀ ਦੀ ‘ਜਵਾਨੀ ਸੰਭਾਲ’ ਸਾਈਕਲ ਯਾਤਰਾ ਦਾ ਆਗਾਜ਼

ਯਾਤਰਾ ਲਈ ਮੌਕੇ ’ਤੇ ਹੀ ਵੰਡੀਆਂ ਗਈਆਂ 2000 ਸਾਈਕਲਾਂ

ਚਮਕੌਰ ਸਾਹਿਬ, 12 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਨੇ ਵੀ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਵੀਰਵਾਰ ਨੂੰ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਗ੍ਰਹਿ ਹਲਕੇ ਚਮਕੌਰ ਸਾਹਿਬ ਤੋਂ ਕਾਂਗਰਸ ਦੀ ‘ਜਵਾਨੀ ਸੰਭਾਲ’ ਸਾਈਕਲ ਯਾਤਰਾ ਦਾ ਰਸਮੀ ਆਗਾਜ਼ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸਾਈਕਲਾਂ, ਕਾਂਗਰਸੀ ਝੰਡਿਆਂ ਅਤੇ ਪਾਰਟੀ ਵਰਕਰਾਂ ਦੇ ਇਕੱਠ ਨੇ ਕਾਂਗਰਸ ਦੀ ਤਾਕਤ ਦਾ ਪ੍ਰਦਰਸ਼ਨ ਕੀਤਾ।

ਇਸ ਯਾਤਰਾ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਨਾ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਕਥਿਤ ਨਾਕਾਮੀਆਂ ਨੂੰ ਲੋਕਾਂ ਸਾਹਮਣੇ ਲਿਆਉਣਾ ਹੈ। ਇਸ ਨੂੰ ਚਰਨਜੀਤ ਸਿੰਘ ਚੰਨੀ ਵੱਲੋਂ ਪੰਜਾਬ ਦੇ ਨੌਜਵਾਨਾਂ ਨਾਲ ਜੁੜਨ ਦੀ ਇੱਕ ਵੱਡੀ ਪਹਿਲ ਵਜੋਂ ਦੇਖਿਆ ਜਾ ਰਿਹਾ ਹੈ।

ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਨੇ ਸੀਨੀਅਰ ਆਗੂਆਂ ਦੀ ਮੌਜੂਦਗੀ ਵਿੱਚ ਸਾਈਕਲ ਯਾਤਰਾ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸੁਖਜਿੰਦਰ ਸਿੰਘ ਰੰਧਾਵਾ, ਰਾਣਾ ਗੁਰਜੀਤ ਸਿੰਘ ਅਤੇ ਵਿਜੇ ਇੰਦਰ ਸਿੰਗਲਾ ਸਮੇਤ ਕਈ ਹੋਰ ਸੀਨੀਅਰ ਆਗੂ ਮੌਜੂਦ ਰਹੇ।

ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ ਚਰਨਜੀਤ ਸਿੰਘ ਚੰਨੀ ਨੇ ਗੁਰਦੁਆਰਾ ਕਤਲਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ। ਰੈਲੀ ਲਈ ਵੱਡੇ ਪੱਧਰ ’ਤੇ ਪ੍ਰਬੰਧ ਕੀਤੇ ਗਏ ਸਨ ਅਤੇ ਸਥਾਨਕ ਆਗੂਆਂ ਵੱਲੋਂ ਵੱਖ-ਵੱਖ ਜਥਿਆਂ ਦੇ ਰੂਪ ਵਿੱਚ ਸਮਰਥਕਾਂ ਨੂੰ ਇਕੱਠਾ ਕੀਤਾ ਗਿਆ। ਲੋਕਾਂ ਦੀ ਭੀੜ ਇਕੱਠੀ ਕਰਨ ਲਈ ਗਾਇਕਾਂ ਦਾ ਵੀ ਪ੍ਰਬੰਧ ਕੀਤਾ ਗਿਆ ਸੀ।

ਇਸ ਮੌਕੇ ਨੌਜਵਾਨਾਂ ਅਤੇ ਹੋਰ ਭਾਗੀਦਾਰਾਂ ਨੂੰ ਕਰੀਬ 2 ਹਜ਼ਾਰ ਨਵੀਆਂ ਸਾਈਕਲਾਂ ਵੰਡੀਆਂ ਗਈਆਂ। 8 ਦਿਨਾਂ ਤੱਕ ਚੱਲਣ ਵਾਲੀ ਇਹ ਯਾਤਰਾ 12 ਤੋਂ 19 ਨਵੰਬਰ ਤੱਕ ਜਾਰੀ ਰਹੇਗੀ। ਇਹ ਕਾਂਗਰਸ ਦੀ ਵੱਡੀ ‘ਪੰਜਾਬ ਮੰਗਦਾ ਇਨਸਾਫ਼’ ਯਾਤਰਾ ਦਾ ਹਿੱਸਾ ਹੈ। ਇਸ ਦੌਰਾਨ ਕਰੀਬ 625 ਕਿਲੋਮੀਟਰ ਦਾ ਸਫ਼ਰ ਤੈਅ ਕਰਦਿਆਂ 27 ਵਿਧਾਨ ਸਭਾ ਹਲਕਿਆਂ ਨੂੰ ਕਵਰ ਕੀਤਾ ਜਾਵੇਗਾ। ਪਹਿਲੇ ਪੜਾਅ ਵਿੱਚ ਲਗਭਗ 2 ਹਜ਼ਾਰ ਸਾਈਕਲ ਸਵਾਰ ਹਿੱਸਾ ਲੈ ਰਹੇ ਹਨ।

ਚਰਨਜੀਤ ਸਿੰਘ ਚੰਨੀ ਨੇ ਇਸ ਯਾਤਰਾ



ਰਾਹੀਂ ਪੰਜਾਬ ਦੇ ਨੌਜਵਾਨਾਂ ਨਾਲ ਜੁੜੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਣ ਦਾ ਐਲਾਨ ਕੀਤਾ ਹੈ। ਇਨ੍ਹਾਂ ਵਿੱਚ ਨਸ਼ੇ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਸੂਬੇ ਦੀ ਵਿਗੜ ਰਹੀ ਕਾਨੂੰਨ ਵਿਵਸਥਾ ਵਰਗੇ ਮੁੱਦੇ ਸ਼ਾਮਲ ਹਨ। ਕਾਂਗਰਸ ਵੱਲੋਂ ਹਰ ਵਿਧਾਨ ਸਭਾ ਹਲਕੇ ਵਿੱਚ ਮਾਰਚ ਅਤੇ ਲੋਕਾਂ ਨਾਲ ਸਿੱਧਾ ਸੰਵਾਦ ਵੀ ਕੀਤਾ ਜਾਵੇਗਾ, ਤਾਂ ਜੋ ਸਥਾਨਕ ਸਮੱਸਿਆਵਾਂ ਬਾਰੇ ਲੋਕਾਂ ਦੀ ਰਾਏ ਜਾਣੀ ਜਾ ਸਕੇ।

ਸਾਈਕਲ ਯਾਤਰਾ ਦੌਰਾਨ ਸੰਬੋਧਨ ਕਰਦਿਆਂ ਕਾਂਗਰਸ ਦੇ ਪੰਜਾਬ ਇੰਚਾਰਜ ਸਚਿਨ ਪਾਇਲਟ ਨੇ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਧੋਖਾ ਹੋਇਆ ਹੈ ਅਤੇ ਦਿੱਲੀ ਤੋਂ ਆਏ ਲੋਕ ਸੂਬੇ ਦੀ ਸਰਕਾਰ ਚਲਾ ਰਹੇ ਹਨ।

ਸਾਈਕਲ ਯਾਤਰਾ ਦੌਰਾਨ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਦਿਖਾਏ ਗਏ ਕਾਲੇ ਝੰਡਿਆਂ ’ਤੇ ਪ੍ਰਤੀਕਿਰਿਆ ਦਿੰਦਿਆਂ ਪਾਇਲਟ ਨੇ ਇਸ ਨੂੰ ਕਾਂਗਰਸ ਲਈ ਸ਼ੁਭ ਸੰਕੇਤ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਜ਼ਮੀਨੀ ਪੱਧਰ ’ਤੇ ਕੰਮ ਕਰਨ ਵਾਲੇ ਆਗੂਆਂ ਨੂੰ ਹੀ ਚੋਣਾਂ ਵਿੱਚ ਟਿਕਟਾਂ ਦਿੱਤੀਆਂ ਜਾਣਗੀਆਂ।

ਇਸ ਮੌਕੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ ਭਲਾਈ ਸਕੀਮਾਂ ਨੂੰ ਬੰਦ ਕੀਤੇ ਜਾਣ ਦੇ ਖਦਸ਼ਿਆਂ ਨੂੰ ਦੂਰ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਦੀ ਹੈ ਤਾਂ ਮੁਫ਼ਤ ਬਿਜਲੀ ਵਰਗੀਆਂ ਸਹੂਲਤਾਂ ਬੰਦ ਨਹੀਂ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਔਰਤਾਂ ਨੂੰ ਹਰ ਮਹੀਨੇ 1,000 ਰੁਪਏ ਦੇਣ ਦੀ ਪ੍ਰਸਤਾਵਿਤ ਸਹਾਇਤਾ ਯੋਜਨਾ ਵੀ ਜਾਰੀ ਰੱਖੀ ਜਾਵੇਗੀ।

ਬਾਜਵਾ ਨੇ ਕਾਂਗਰਸੀ ਆਗੂਆਂ ਨੂੰ ਇਕਜੁੱਟ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਪਾਰਟੀ ਦੀ ਹਾਈਕਮਾਂਡ ਸਹੀ ਸਮੇਂ ’ਤੇ ਲੀਡਰਸ਼ਿਪ ਸਬੰਧੀ ਫੈਸਲੇ ਲਵੇਗੀ।

ਚਰਨਜੀਤ ਸਿੰਘ ਚੰਨੀ ਨੇ ਸਾਈਕਲ ਯਾਤਰਾ ਨੂੰ ‘ਆਪ’ ਸਰਕਾਰ ਵਿਰੁੱਧ ਸਿਆਸੀ ਲਹਿਰ ਦੀ ਸ਼ੁਰੂਆਤ ਦੱਸਿਆ। ਉਨ੍ਹਾਂ ਦਾਅਵਾ ਕੀਤਾ ਕਿ ਯਾਤਰਾ ਨੂੰ ਮਿਲ ਰਹੇ ਹੁੰਗਾਰੇ ਤੋਂ ਸਪੱਸ਼ਟ ਹੈ ਕਿ ਪੰਜਾਬ ਵਿੱਚ ਕਾਂਗਰਸ ਦੀ ਲਹਿਰ ਤੇਜ਼ੀ ਨਾਲ ਵਧ ਰਹੀ ਹੈ। ਰਸਤੇ ਵਿੱਚ ਕੁਝ ਆਮ ਆਦਮੀ ਪਾਰਟੀ ਦੇ ਸਮਰਥਕਾਂ ਵੱਲੋਂ ਦਿਖਾਏ ਗਏ ਕਾਲੇ ਝੰਡਿਆਂ ’ਤੇ ਚੰਨੀ ਨੇ ਕਿਹਾ ਕਿ ਕਾਂਗਰਸ ਵਿਰੋਧੀ ਪਾਰਟੀਆਂ ਦੇ (ਬਾਕੀ ਸਫ਼ਾ 2 ’ਤੇ)

.ਗੈਰ ਕਾਨੂੰਨੀ ਤੌਰ ਤੇ ਵਿਕਸਤ ਕੀਤੀ ਜਾ ਰਹੀ ਕਾਲੋਨੀ ਢਾਹੀ

ਪੈ.ਗਾਮ-ਏ-ਜਗਤ
ਅੰਬਾਲਾ, 12 ਨਵੰਬਰ (ਆਰ.ਸਿੰਘ)

ਜ਼ਿਲ੍ਹਾ ਟਾਊਨ ਪਲੈਨਰ ਅੰਬਾਲਾ ਦੀ ਟੀਮ ਨੇ ਪਿੰਡ ਸਾਹਾ (ਹੱਦਬਸਤ ਨੰਬਰ 93) ਦੇ , ਸ਼ਹਿਰੀ ਖੇਤਰ ਵਿੱਚ ਲਗਭਗ 0.9 ਏਕੜ (ਖ਼ਸਰਾ ਨੰਬਰ 74//25) 'ਤੇ ਗੈਰ-ਕਾਨੂੰਨੀ ਤੌਰ 'ਤੇ ਵਿਕਸਤ ਕੀਤੀ ਜਾ ਰਹੀ ਇੱਕ ਕਾਲੋਨੀ ਨੂੰ ਢਾਹੁਣ ਦੀ ਕਾਰਵਾਈ ਕੀਤੀ ਹੈ। ਇਸ ਕਾਰਵਾਈ ਦੌਰਾਨ ਗੈਰ-ਕਾਨੂੰਨੀ ਕਾਲੋਨੀ ਵਿੱਚ ਬਣੇ ਸੜਕਾਂ ਦੇ ਜਾਲ ਨੂੰ ਪੂਰੀ ਤਰ੍ਹਾਂ ਢਾਹ ਦਿੱਤਾ ਗਿਆ। ਮੌਕੇ 'ਤੇ ਡਿਊਟੀ ਮੈਜਿਸਟਰੇਟ-ਕਮ-ਜ਼ਿਲ੍ਹਾ ਟਾਊਨ



ਪਲੈਨਰ, ਸ਼੍ਰੀਮਤੀ ਗੁੰਜਨ ਵਰਮਾ, ਜੂਨੀਅਰ ਇੰਜੀਨੀਅਰ ਗੁਰਜਿੰਦਰ ਸਿੰਘ ਅਤੇ ਐਸਐਚਓ ਹਰਿਆਣਾ ਇਨਫੋਰਸਮੈਂਟ ਬਿਊਰੋ ਭਾਰੀ ਪੁਲੀਸ ਫੋਰਸ ਦੇ ਨਾਲ ਮੌਜੂਦ ਸਨ। ਜ਼ਿਲ੍ਹਾ ਟਾਊਨ ਪਲੈਨਰ ਸ਼੍ਰੀਮਤੀ ਗੁੰਜਨ ਵਰਮਾ ਨੇ ਆਮ ਲੋਕਾਂ ਨੂੰ ਇਸ ਤਰੀਕੇ ਨਾਲ ਵਿਕਸਤ ਕੀਤੀਆਂ ਗਈਆਂ ਅਜਿਹੀਆਂ ਗੈਰ-ਕਾਨੂੰਨੀ ਕਾਲੋਨੀਆਂ ਵਿੱਚ ਪਲਾਟ ਨਾ ਖ਼ਰੀਦਣ ਦੀ ਅਪੀਲ ਕੀਤੀ ਹੈ ਅਤੇ ਉਨ੍ਹਾਂ ਨੂੰ ਚੇਤਾਵਨੀ ਦਿੱਤੀ ਕਿ ਉਹ ਪ੍ਰਾਪਰਟੀ ਡੀਲਰਾਂ ਦੇ ਝਾਂਸੇ ਵਿੱਚ ਆ ਕੇ ਕਿਸੇ ਵੀ ਤਰ੍ਹਾਂ ਦੀ ਉਸਾਰੀ ਨਾ ਕਰਨ।

ਉਨ੍ਹਾਂ ਕਿਹਾ ਕਿ ਅਜਿਹੀਆਂ ਗੈਰ-ਕਾਨੂੰਨੀ ਕਾਲੋਨੀਆਂ/ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਵਿਭਾਗੀ ਕਾਰਵਾਈ ਜਾਰੀ ਰਹੇਗੀ।

ਅੰਬਾਲਾ ਪੁਲਿਸ ਨੇ 2026 ਵਿਚ ਕਬੂਤਰਬਾਜ਼ਾਂ ਦੇ ਖ਼ਿਲਾ.ਫ 97 ਮਾਮਲੇ ਕੀਤੇ ਦਰਜ

ਪੈ.ਗਾਮ-ਏ-ਜਗਤ
ਅੰਬਾਲਾ, 12 ਨਵੰਬਰ (ਆਰ.ਸਿੰਘ)

ਅੰਬਾਲਾ ਦੇ ਪੁਲੀਸ ਸੁਪਰਡੈਂਟ ਅਜੀਤ ਸਿੰਘ ਸ਼ੇਖਾਵਤ (ਆਈਪੀਐਸ) ਦੇ ਨਿਰਦੇਸ਼ਾਂ ਅਨੁਸਾਰ ਅੰਬਾਲਾ ਪੁਲੀਸ ਲੋਕਾਂ ਨੂੰ ਵਿਦੇਸ਼ ਭੇਜਣ ਦੀ ਆੜ ਵਿੱਚ ਧੋਖਾਧੜੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਜਾਰੀ ਰੱਖ ਰਹੀ ਹੈ। 1 ਜਨਵਰੀ ਤੋਂ 31 ਅਕਤੂਬਰ, 2026 ਤੱਕ ਪੁਲੀਸ 97 ਮਾਮਲਿਆਂ ਵਿੱਚ 218 ਦੋਸ਼ੀਆਂ ਦੀ ਸ਼ਮੂਲੀਅਤ ਦਾ ਪਰਦਾਫਾਸ਼ ਕਰਕੇ 173 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਚੁੱਕੀ ਹੈ ਜਦੋਂ ਕਿ ਪਿਛਲੇ ਸਾਲ ਅਤੇ 2026 ਦੇ ਕੁੱਲ 106 ਮਾਮਲਿਆਂ ਵਿੱਚ ਮਾਣਯੋਗ ਅਦਾਲਤ ਵਿੱਚ ਚਲਾਨ ਪੇਸ਼ ਕੀਤੇ ਗਏ ਹਨ।

ਪੁਲੀਸ ਵੱਲੋਂ ਜਾਰੀ ਸੂਚਨਾ ਅਨੁਸਾਰ ਅੰਬਾਲਾ ਜ਼ਿਲ੍ਹਾ ਪੁਲੀਸ ਧੋਖਾਧੜੀ ਵਾਲੀਆਂ ਗਤੀਵਿਧੀਆਂ ਵਿਰੁੱਧ ਲਗਾਤਾਰ ਸਖ਼ਤ ਕਾਰਵਾਈ ਕਰ ਰਹੀ ਹੈ ਜੋ ਲੋਕਾਂ ਨੂੰ ਵਿਦੇਸ਼ ਯਾਤਰਾ, ਵਿਦੇਸ਼ੀ ਨੌਕਰੀਆਂ ਅਤੇ ਬਿਹਤਰ ਭਵਿੱਖ ਦਾ ਵਾਅਦਾ ਕਰਕੇ ਉਨ੍ਹਾਂ ਦੀ ਮਿਹਨਤ ਦੀ ਕਮਾਈ ਤੋਂ ਠੱਗੀ ਮਾਰਦੀਆਂ ਹਨ। ਐਸ.ਪੀ ਸ਼ੇਖਾਵਤ ਦੀ ਅਗਵਾਈ ਹੇਠ ਅਜਿਹੇ ਮਾਮਲਿਆਂ ਵਿੱਚ ਦੋਸ਼ੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ, ਧੋਖਾਧੜੀ ਕੀਤੀ ਗਈ ਰਕਮ ਨੂੰ ਵਸੂਲਣ ਅਤੇ ਸ਼ਿਕਾਇਤਾਂ ਦਾ ਤੁਰੰਤ ਹੱਲ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਅੰਬਾਲਾ ਪੁਲੀਸ ਦੇ ਅੰਕੜਿਆਂ ਅਨੁਸਾਰ, 1 ਜਨਵਰੀ, 2026 ਤੋਂ 31

- **173 ਦੋਸ਼ੀਆਂ ਨੂੰ ਗ੍ਰਿ.ਫਤਾਰ ਕਰਕੇ 5.99 ਕਰੋੜ ਰੁਪਏ ਕੀਤੇ ਬਰਾਮਦ**

ਅਕਤੂਬਰ, 2026 ਦੇ ਵਿਚਕਾਰ ਕਬੂਤਰਬਾਜ਼ੀ ਦੇ ਕੁੱਲ 97 ਮਾਮਲੇ ਦਰਜ ਕੀਤੇ ਗਏ ਸਨ। ਇਨ੍ਹਾਂ ਮਾਮਲਿਆਂ ਵਿੱਚ ਕੁੱਲ 218 ਦੋਸ਼ੀ ਸ਼ਾਮਲ ਪਾਏ ਗਏ ਜਿਨ੍ਹਾਂ ਵਿੱਚੋਂ 173 ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਬਾਕੀ ਮੁਲਜ਼ਮਾਂ ਖ਼ਿਲਾਫ਼ ਨਿਯਮਾਂ ਅਨੁਸਾਰ ਕਾਰਵਾਈ ਜਾਰੀ ਹੈ। ਇਸ ਤੋਂ ਇਲਾਵਾ ਪਿਛਲੇ ਸਾਲ ਅਤੇ 2026 ਦੇ ਕੁੱਲ 106 ਮਾਮਲਿਆਂ ਵਿੱਚ ਮਾਣਯੋਗ ਅਦਾਲਤ ਵਿੱਚ ਚਲਾਨ ਪੇਸ਼ ਕੀਤੇ ਗਏ ਹਨ ਤਾਂ ਜੋ ਮੁਲਜ਼ਮਾਂ ਖ਼?ਲਾਫ਼ ਨਿਆਂਇਕ ਪ੍ਰਕਿਰਿਆ ਨੂੰ ਅੱਗੇ ਵਧਾਇਆ ਜਾ ਸਕੇ।

ਪੁਲੀਸ ਅਨੁਸਾਰ ਕਬੂਤਰਬਾਜ਼ੀ ਨਾਲ ਸਬੰਧਿਤ ਸ਼ਿਕਾਇਤਾਂ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਅੰਬਾਲਾ ਪੁਲੀਸ ਨੂੰ 2026 ਵਿੱਚ ਕੁੱਲ 538 ਸ਼ਿਕਾਇਤਾਂ ਪ੍ਰਾਪਤ ਹੋਈਆਂ। ਇਨ੍ਹਾਂ ਵਿੱਚੋਂ 394 ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਗਿਆ ਹੈ ਅਤੇ ਕੁੱਲ 39,81,07,048 ਰੁਪਏ (ਲਗਭਗ 39.81 ਕਰੋੜ) ਸ਼ਿਕਾਇਤਕਰਤਾਵਾਂ ਨੂੰ ਵਾਪਸ ਕਰ ਦਿੱਤੇ ਗਏ ਹਨ।

ਮਿਲੀਆਂ ਸ਼ਿਕਾਇਤਾਂ ਵਿੱਚੋਂ 97 ਸ਼ਿਕਾਇਤਾਂ ਦੇ ਆਧਾਰ 'ਤੇ ਮਾਮਲੇ ਦਰਜ ਕੀਤੇ ਗਏ ਹਨ, ਜਦੋਂ ਕਿ 47 'ਤੇ ਜਾਂਚ ਜਾਰੀ ਹੈ। ਪੁਲੀਸ ਬਾਕੀ ਸ਼ਿਕਾਇਤਾਂ 'ਤੇ ਕਾਨੂੰਨ ਅਨੁਸਾਰ ਕਾਰਵਾਈ ਕਰ ਰਹੀ ਹੈ ਅਤੇ ਪੀੜਤਾਂ ਨੂੰ ਰਾਹਤ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਲੋਕਾਂ ਨੂੰ ਵਿਦੇਸ਼ ਭੇਜਣ ਦੇ ਬਹਾਨੇ ਧੋਖਾਧੜੀ ਨਾਲ ਸਬੰਧਿਤ ਦਰਜ 97 ਮਾਮਲਿਆਂ ਵਿੱਚ ਹੁਣ ਤੱਕ ਕੁੱਲ 5,99,14,650 ਰੁਪਏ (ਲਗਭਗ 5.99 ਕਰੋੜ) ਦੀ ਰਕਮ ਬਰਾਮਦ ਕੀਤੀ ਗਈ ਹੈ। ਬਾਕੀ ਰਕਮ ਦੀ ਬਰਾਮਦਗੀ ਲਈ ਪੁਲੀਸ ਲਗਾਤਾਰ ਯਤਨ ਕਰ ਰਹੀ ਹੈ। ਕਈ ਮਾਮਲਿਆਂ ਵਿੱਚ ਜਾਂਚ ਜਾਰੀ ਹੈ। ਹੋਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ, ਉਨ੍ਹਾਂ ਦੀਆਂ ਭੂਮਿਕਾਵਾਂ ਦੀ ਜਾਂਚ ਕਰਨ ਅਤੇ ਧੋਖਾਧੜੀ ਕੀਤੀ ਗਈ ਰਕਮ ਦੀ ਵਸੂਲੀ ਲਈ ਜ਼ਰੂਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਅੰਬਾਲਾ ਦੇ ਪੁਲੀਸ ਸੁਪਰਡੈਂਟ ਅਜੀਤ ਸਿੰਘ ਸ਼ੇਖਾਵਤ (ਆਈਪੀਐਸ) ਨੇ ਸਪੱਸ਼ਟ ਕੀਤਾ ਕਿ ਜੋ ਲੋਕ ਜਨਤਾ ਨੂੰ ਵਿਦੇਸ਼ ਯਾਤਰਾ, ਰੁਜ਼ਗਾਰ ਜਾਂ ਵਿਦੇਸ਼ ਵਿੱਚ ਸਥਾਈ ਨਿਵਾਸ ਦਾ ਵਾਅਦਾ ਕਰਕੇ ਧੋਖਾ ਦਿੰਦੇ ਹਨ ਉਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਵਿਦੇਸ਼ ਯਾਤਰਾ ਜਾਂ ਵਿਦੇਸ਼ ਵਿੱਚ ਨੌਕਰੀ ਪ੍ਰਾਪਤ ਕਰਨ ਲਈ ਕਿਸੇ ਵੀ ਏਜੰਟ ਜਾਂ ਸਲਾਹਕਾਰ ਵਿੱਚ ਨਿਵੇਸ਼ ਕਰਨ ਤੋਂ ਪਹਿਲਾਂ ਉਨ੍ਹਾਂ ਦੀ ਭਰੋਸੇਯੋਗਤਾ, ਰਜਿਸਟ੍ਰੇਸ਼ਨ, ਸੰਬੰਧਿਤ ਇਜਾਜ਼ਤਾਂ ਅਤੇ ਦਸਤਾਵੇਜ਼ਾਂ ਦੀ ਚੰਗੀ ਤਰ੍ਹਾਂ ਜਾਂਚ ਕਰਨ। ਆਕਰਸ਼ਕ ਇਸ਼ਤਿਹਾਰਾਂ, ਸੋਸ਼ਲ ਮੀਡੀਆ 'ਤੇ ਕੀਤੇ ਗਏ ਦਾਅਵਿਆਂ ਜਾਂ ਲੋਕਾਂ ਨੂੰ ਵਿਦੇਸ਼ ਭੇਜਣ ਦੇ ਨਾਮ 'ਤੇ ਦਿੱਤੇ ਗਏ ਲਾਲਚਾਂ ਦਾ ਸ਼ਿਕਾਰ ਹੋ ਕੇ ਜਲਦਬਾਜ਼ੀ ਵਿੱਚ ਵਿੱਤੀ ਲੈਣ-ਦੇਣ ਨਾ ਕਰਨ।

ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵੋਟਰ ਸੂਚੀਆਂ ਸਬੰਧੀ ਮੀਟਿੰਗ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 12 ਨਵੰਬਰ (ਪੈ.ਗਾਮ-ਏ-ਜਗਤ)

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ, ਸ਼੍ਰੀ ਅਦਿੱਤਿਆ ਡਚਲਵਾਲ ਵੱਲੋਂ ਅੱਜ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਮੁਢਲੀ ਵੋਟਰ ਸੂਚੀ ਅੱਜ 12 ਨਵੰਬਰ 2026 ਨੂੰ ਪ੍ਰਕਾਸ਼ਿਤ ਕਰ ਦਿੱਤੀ ਗਈ ਹੈ। ਵੋਟਰ ਸੂਚੀ ਸਬੰਧੀ ਦਾਅਵੇ ਅਤੇ ਇਤਰਾਜ਼ 12 ਨਵੰਬਰ ਤੋਂ 11 ਦਸੰਬਰ 2026 ਤੱਕ ਦਰਜ ਕਰਵਾਏ ਜਾ ਸਕਦੇ ਹਨ, ਜਦਕਿ ਅੰਤਿਮ ਵੋਟਰ ਸੂਚੀ 4 ਜਨਵਰੀ 2027 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਵਿੱਚ ਤਿੰਨ ਵਿਧਾਨ ਸਭਾ ਹਲਕੇ 52-ਖਰੜ, 53-ਐਸ.ਏ.ਐਸ. ਨਗਰ ਅਤੇ 112-ਡੇਰਾਬੱਸੀ ਹਨ। ਇਨ੍ਹਾਂ ਹਲਕਿਆਂ ਵਿੱਚ ਕੁੱਲ 936 ਪੋਲਿੰਗ ਸਟੇਸ਼ਨ ਹਨ। ਮੁਢਲੀ ਵੋਟਰ ਸੂਚੀ ਅਨੁਸਾਰ ਜ਼ਿਲ੍ਹੇ ਵਿੱਚ ਕੁੱਲ 7,47,569 ਵੋਟਰ ਹਨ, ਜਿਨ੍ਹਾਂ ਵਿੱਚ 3,78,243 ਪੁਰਸ਼, 3,69,314

- **ਯੋਗਤਾ ਮਿਤੀ 01.01.2027 ਦੇ ਆਧਾਰ ਤੇ ਵੋਟਰ ਸੂਚੀਆਂ ਦੀ ਮੁਢਲੀ ਪ੍ਰਕਾਸ਼ਨਾ, ਦਾਅਵੇ ਅਤੇ ਇਤਰਾਜ਼ 11 ਦਸੰਬਰ ਤੱਕ ਦਿੱਤੇ ਜਾ ਸਕਣਗੇ**



ਮਹਿਲਾਵਾਂ ਅਤੇ 12 ਤੀਜੇ ਲਿੰਗ ਦੇ ਵੋਟਰ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਨਵੇਂ ਵੋਟਰ ਵਜੋਂ ਨਾਮ ਦਰਜ ਕਰਵਾਉਣ ਜਾਂ ਵੋਟਰ ਸੂਚੀ ਵਿੱਚ ਕਿਸੇ ਤਰ੍ਹਾਂ ਦੀ ਸੋਧ ਕਰਵਾਉਣ ਲਈ ਫਾਰਮ ਨੰਬਰ 6, 6 ਏ, 7 ਅਤੇ 8 ਭਰੇ ਜਾ ਸਕਦੇ ਹਨ। ਇਹ ਫਾਰਮ ਵੋਟਰ ਪੋਰਟਲ ਅਤੇ ਈ ਸੀ ਆਈ ਨੈੱਟ ਐਪ ਰਾਹੀਂ ਆਨਲਾਈਨ ਵੀ ਦਿੱਤੀਆਂ ਜਾ ਸਕਦੀਆਂ ਹਨ। ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਵੋਟਰ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਮੀਟਿੰਗ ਦੌਰਾਨ ਦੱਸਿਆ ਗਿਆ ਕਿ ਮੁੱਢਲੀ ਪ੍ਰਕਾਸ਼ਨਾ ਉਪਰੰਤ ਵਿਧਾਨ ਸਭਾ ਚੋਣ ਹਲਕਾ 52 ਖਰੜ ਦੇ ਕੁੱਲ ਵੋਟਰਾਂ ਦੀ ਗਿਣਤੀ 265702, ਵਿਧਾਨ ਸਭਾ ਚੋਣ ਹਲਕਾ 53 ਐੱਸ.ਏ.ਐੱਸ ਨਗਰ ਦੇ ਕੁੱਲ ਵੋਟਰਾਂ ਦੀ ਗਿਣਤੀ 202010 ਅਤੇ ਵਿਧਾਨ ਸਭਾ ਚੋਣ ਹਲਕਾ 112 ਡੇਰਾਬੱਸੀ ਦੇ ਕੁੱਲ ਵੋਟਰਾਂ ਦੀ ਗਿਣਤੀ 279857 ਹੈ, ਜਿਸ ਉਪਰੰਤ ਜ਼ਿਲ੍ਹਾ ਐੱਸ.ਏ.ਐਸ ਨਗਰ ਦੇ ਕੁੱਲ ਵੋਟਰਾਂ ਦੀ ਕੁੱਲ ਗਿਣਤੀ 747569 ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਆਮ ਲੋਕਾਂ ਦੇ ਦੇਖਣ ਲਈ ਇਹ ਵੋਟਰ ਸੂਚੀਆਂ ਸੰਬਧਤ ਬੀ.ਐੱਲ.ਓ ਪਾਸ, ਦਫ਼ਤਰ ਚੋਣਕਾਰ ਰਜਿਸਟਰੇਸ਼ਨ ਅਫਸਰ 52-ਖਰੜ, 52-ਐੱਸ.ਏ.ਐਸ ਨਗਰ ਅਤੇ 112 ਡੇਰਾਬੱਸੀ ਅਤੇ ਜ਼ਿਲ੍ਹਾ ਚੋਣ ਦਫਤਰ,ਐੱਸ.ਏ.ਐੱਸ ਨਗਰ ਵਿੱਚ ਵੋਟਰਾਂ ਦੇ ਦੇਖਣ ਲਈ ਉਪਲਬਧ ਰਹਿਣਗੀਆਂ। ਵੋਟਰ ਸੂਚੀ ਦੀ ਮੁਢਲੀ ਪ੍ਰਕਾਸ਼ਨਾ ਦੌਰਾਨ ਫੋਟੋ ਵੋਟਰ ਸੂਚੀਆਂ ਦੀ 1-1 ਹਾਰਡ ਕਾਪੀ ਅਤੇ ਬਿਨਾਂ ਫੋਟੋ ਤੋਂ1-1 ਸੀ.ਡੀ ਜ਼ਿਲ੍ਹੇ ਦੀ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਪਲਾਈ ਕੀਤੀ ਗਈ ਹੈ। ਉਹਨਾਂ ਵਲੋਂ ਇਹ ਵੀ ਦੱਸਿਆ ਗਿਆ ਕਿ ਜੇਕਰ ਅਜੇ ਵੀ ਕਿਸੇ ਵਿਅਕਤੀ ਦੀ ਵੋਟ ਬਣਨ ਤੋਂ ਰਹਿੰਦੀ ਹੈ ਤਾਂ ਉਹ ਵੋਟਰ ਸੂਚੀਆਂ ਦੀ ਲਗਾਤਾਰ ਸੁਧਾਈ ਦੌਰਾਨ ਆਪਣਾ ਫਾਰਮ ਨੰ.6 ਸਬੰਧਤ ਬੀ.ਐੱਲ.ਓ ਜਾਂ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਦੇ ਦਫ਼ਤਰ ਜਾਂ ਆਨਲਾਈਨ ਪੋਰਟਲ 'ਤੇ ਭਰ ਸਕਦਾ ਹੈ। ਇਸ ਦੌਰਾਨ ਆਮ ਆਦਮੀ ਪਾਰਟੀ ਵਲੋਂ ਸ੍ਰੀ ਬਹਾਦਰ ਸਿੰਘ ਚਹਿਲ, ਰਘਬੀਰ ਸਿੰਘ, ਜਸਵੰਤ ਸਿੰਘ, ਅਸ਼ੋਕ ਕੁਮਾਰ, ਗੁਰਦੀਪ ਸਿੰਘ, ਬਲਜਿੰਦਰ ਸਿੰਘ, ਨਵਤੇਜ਼ (ਕਾਂਗਰਸ), ਪ੍ਰਦੀਪ ਸਿੰਘ (ਕਾਂਗਰਸ), ਮਹਿੰਦਰ ਪਾਲ ਸਿੰਘ (ਸੀ.ਪੀ.ਆਈ), ਭਰਪੂਰ ਭਾਰਤੀ (ਅਕਾਲੀ ਦਲ), ਅਨਿਲ ਕੁਮਾਰ (ਭਾਰਤੀ ਜਨਤਾ ਪਾਰਟੀ), ਸ਼੍ਰੀਮਤੀ ਹਰਪ੍ਰੀਤ ਕੌਰ, ਚੋਣ ਤਹਿਸੀਲਦਾਰ, ਸੁਰਿੰਦਰ ਕੁਮਾਰ ਅਤੇ ਹੋਰ ਸਟਾਫ ਮੌਜੂਦ ਸਨ।

ਸਮਾਧਾਨ ਕੈਂਪ ਵਿੱਚ ਨਾਇਬ ਤਹਿਸੀਲਦਾਰ ਸੁਰੇਸ਼ ਕੁਮਾਰ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ, ਹੱਲ ਲਈ ਦਿੱਤੇ ਨਿਰਦੇਸ਼

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਦੇ ਮਾਰਗਦਰਸ਼ਨ ਹੇਠ ਜ਼ਿਲ੍ਹਾ ਸਕੱਤਰੇਤ ਵਿੱਚ ਲਗਾਏ ਗਏ ਸਮਾਧਾਨ ਕੈਂਪ ਦੌਰਾਨ ਨਾਇਬ ਤਹਿਸੀਲਦਾਰ ਸੁਰੇਸ਼ ਕੁਮਾਰ ਨੇ ਆਮ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦਾ ਸਮਾਂਬੱਧ ਹੱਲ ਕਰਨ ਲਈ ਲੋੜੀਂਦੇ ਨਿਰਦੇਸ਼ ਦਿੱਤੇ। ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸ਼ਿਕਾਇਤਾਂ ਪ੍ਰਾਪਤ ਹੋਈਆਂ। ਹਾਂਸੀ ਵਾਸੀ ਅਸ਼ੋਕ ਕੁਮਾਰ ਨੇ ਸੀਵਰੇਜ ਪ੍ਰਣਾਲੀ ਨੂੰ ਦਰੁਸਤ ਕਰਵਾਉਣ ਅਤੇ ਬਿਜਲੀ ਦੀਆਂ ਤਾਰਾਂ ਠੀਕ ਕਰਵਾਉਣ, ਪਿੰਡ ਮੁਜਾਦਪੁਰ ਦੇ ਵਸਨੀਕਾਂ ਨੇ ਛੱਪੜ ਤੋਂ ਨਾਜਾਇਜ਼ ਕਬਜ਼ਾ ਹਟਵਾਉਣ, ਹਾਂਸੀ ਦੀ ਭਾਟੀਆ ਕਾਲੋਨੀ ਵਾਸੀ ਕੌਸ਼ਲਿਆ ਨੇ ਪਰਿਵਾਰ ਪਛਾਣ ਪੱਤਰ ਵਿੱਚ ਦਰਜ ਆਮਦਨ ਠੀਕ

- **3 ਫੁੱਟ 4 ਇੰਚ ਕੱਦ ਵਾਲੇ 62 ਸਾਲਾ ਰਾਜੂ ਵੀ ਆਪਣੀ ਸਮੱਸਿਆ ਲੈ ਕੇ ਪਹੁੰਚੇ ਜ਼ਿਲ੍ਹਾ ਸਕੱਤਰੇਤ, ਨਾਇਬ ਤਹਿਸੀਲਦਾਰ ਨੇ ਸੁਣੀ ਸ਼ਿਕਾਇਤ**



ਕਰਵਾਉਣ, ਹਾਂਸੀ ਦੇ ਵਿਕਾਸ ਨਗਰ ਵਾਸੀ ਸੁਭਾਸ਼ ਨੇ ਅਣਵਿਆਹੇ ਵਿਅਕਤੀ ਦੀ ਪੈਨਸ਼ਨ ਸ਼ੁਰੂ ਕਰਵਾਉਣ, ਸਿਸਾਇ ਵਾਸੀ ਵਾਸੂਦੇਵ ਨੇ ਰਾਸ਼ਨ ਕਾਰਡ ਬਣਵਾਉਣ, ਘਿਰਾਇ ਵਾਸੀ ਰਾਜਰਾਣੀ ਨੇ ਪਰਿਵਾਰ ਪਛਾਣ ਪੱਤਰ ਵਿੱਚ ਦਰਜ ਆਮਦਨ ਘਟਵਾਉਣ ਅਤੇ ਡਾਟਾ ਵਾਸੀ ਪਾਇਲ ਨੇ ਪਰਿਵਾਰ ਪਛਾਣ ਪੱਤਰ ਵਿੱਚ ਵਿਦਿਅਕ ਯੋਗਤਾ ਦਰਜ ਕਰਵਾਉਣ ਸਬੰਧੀ ਸ਼ਿਕਾਇਤਾਂ ਰੱਖੀਆਂ। ਨਾਇਬ ਤਹਿਸੀਲਦਾਰ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਨ੍ਹਾਂ ਸ਼ਿਕਾਇਤਾਂ 'ਤੇ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਸਮਾਧਾਨ ਕੈਂਪ ਦੌਰਾਨ 3 ਫੁੱਟ 4 ਇੰਚ ਕੱਦ ਵਾਲੇ 62 ਸਾਲਾ ਰਾਜੂ ਵੀ ਆਪਣੀ ਸਮੱਸਿਆ ਲੈ ਕੇ ਜ਼ਿਲ੍ਹਾ ਸਕੱਤਰੇਤ ਪਹੁੰਚੇ। ਇਸ ਮੌਕੇ ਨਾਇਬ ਤਹਿਸੀਲਦਾਰ ਸੁਰੇਸ਼ ਕੁਮਾਰ ਨੇ ਉਨ੍ਹਾਂ ਪ੍ਰਤੀ ਸੰਵੇਦਨਸ਼ੀਲਤਾ ਦਿਖਾਉਂਦਿਆਂ ਉਨ੍ਹਾਂ ਨੂੰ ਆਪਣੇ ਕੋਲ ਬੁਲਾਇਆ ਅਤੇ ਉਨ੍ਹਾਂ ਦੀ ਸਮੱਸਿਆ ਸੁਣੀ। ਰਾਜੂ ਨੇ ਆਪਣੀ ਜ਼ਮੀਨ 'ਤੇ ਕਬਜ਼ੇ ਸਬੰਧੀ ਸ਼ਿਕਾਇਤ ਉਨ੍ਹਾਂ ਅੱਗੇ ਰੱਖੀ। ਇਸ 'ਤੇ ਸੁਰੇਸ਼ ਕੁਮਾਰ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਸ਼ਿਕਾਇਤ 'ਤੇ ਨਿਯਮਾਂ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ ਅਤੇ ਉਨ੍ਹਾਂ ਨੂੰ ਆਪਣੀ ਜ਼ਮੀਨ ਦਾ ਕਬਜ਼ਾ ਦਿਵਾਉਣ ਲਈ ਸਬੰਧਤ ਪੱਧਰ 'ਤੇ ਢੁਕਵੇਂ ਕਦਮ ਚੁੱਕੇ ਜਾਣਗੇ। ਇਸ ਮੌਕੇ ਟੀਐਮ ਸਤਬੀਰ ਸਿੰਘ, ਏਪੀਓ ਜਤਿੰਦਰ ਬਰਾੜ, ਐਸਡੀਓ ਪ੍ਰਮੋਦ ਕੁਮਾਰ, ਅਮਿਤ ਲੋਹਾਨ, ਐਮੀਨੈਂਟ ਪਰਸਨ ਓਮਪਾਲ ਯਾਦਵ, ਗ੍ਰੀਵੈਂਸ ਕਮੇਟੀ ਮੈਂਬਰ ਵਜ਼ੀਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਛੱਠ ਪੂਜਾ ਤੇ ਘਰੀਂ ਜਾਣ ਵਾਲੇ ਯਾਤਰੀਆਂ ਦੀ ਭੀੜ ਨੇ ਰੇਲਵੇ ਸਟੇਸ਼ਨ ਅਤੇ ਗੱਡੀਆਂ ਵਿਚ ਅ.ਫਰਾ-ਤ.ਫਰੀ ਮਚਾਈ

ਪੈ.ਗਾਮ-ਏ-ਜਗਤ
ਅੰਬਾਲਾ, 12 ਨਵੰਬਰ (ਆਰ.ਸਿੰਘ)

ਛੱਠ ਤਿਉਹਾਰ ਲਈ ਘਰਾਂ ਨੂੰ ਪਰਤ ਰਹੇ ਯਾਤਰੀਆਂ ਦੀ ਆਮਦ ਨੇ ਰੇਲਵੇ ਸਟੇਸ਼ਨ ਅਤੇ ਗੱਡੀਆਂ ਵਿੱਚ ਹਫੜਾ-ਦਫੜੀ ਮਚਾ ਦਿੱਤੀ ਹੈ। ਬਿਹਾਰ ਅਤੇ ਪੂਰਵਾਂਚਲ ਵੱਲ ਜਾਣ ਵਾਲੀਆਂ ਪ੍ਰਮੁੱਖ ਰੇਲਗੱਡੀਆਂ ਜਨਸੇਵਾ ਅਤੇ ਅਮਰਪਾਲੀ ਐਕਸਪ੍ਰੈੱਸ ਤੇ ਸਥਿਤੀ ਖ਼ਾਸ ਤੌਰ 'ਤੇ ਗੰਭੀਰ ਬਣੀ ਹੋਈ ਹੈ। ਜਿਵੇਂ ਹੀ ਗੱਡੀ ਪਲੇਟਫਾਰਮ 'ਤੇ ਪਹੁੰਚਦੀ ਹੈ, ਯਾਤਰੀ ਡੱਬਿਆਂ ਵਿੱਚ ਚੜ੍ਹਨ ਲਈ ਧੱਕੇ ਮਾਰਦੇ ਹਨ। ਜਨਰਲ ਡੱਬਿਆਂ ਵਿੱਚ ਬਹੁਤ ਘੱਟ ਜਗ੍ਹਾ ਹੋਣ ਕਰਕੇ ਸੈਂਕੜੇ ਯਾਤਰੀ ਦਰਵਾਜ਼ਿਆਂ ਨਾਲ ਲਟਕ ਕੇ ਆਪਣੀ ਜਾਨ ਜੋਖ਼ਮ ਵਿੱਚ ਪਾ ਰਹੇ ਹਨ। ਭੀੜ ਦਾ ਦਬਾਅ ਏਨਾ ਵੱਧ ਗਿਆ ਹੈ ਕਿ ਅਣਰਿਜ਼ਰਵ ਯਾਤਰੀ ਜ਼ਬਰਦਸਤੀ ਰਿਜ਼ਰਵ ਡੱਬਿਆਂ/ਸਲੀਪਰ ਕੋਚਾਂ ਦੇ ਨਾਲ-ਨਾਲ ਏਸੀ ਕੋਚਾਂ ਵਿੱਚ ਦਾਖਲ ਹੋ ਰਹੇ ਹਨ ਜਿਸ ਕਰਕੇ ਪੁਸ਼ਟੀ ਕੀਤੀਆਂ ਟਿਕਟਾਂ ਵਾਲੇ ਯਾਤਰੀਆਂ ਨੂੰ ਭਾਰੀ ਅਸੁਵਿਧਾ ਅਤੇ ਅਸੁਰੱਖਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਰੇਲਵੇ ਦੇ ਵਧੀਆਂ ਇੰਤਜ਼ਾਮਾਂ ਦੇ ਦਾਅਵਿਆਂ ਦੇ ਬਾਵਜੂਦ ਭੀੜ ਨੂੰ ਕੰਟਰੋਲ ਕਰਨ ਦੇ ਉਪਾਅ ਨਾਕਾਫ਼ੀ ਸਾਬਤ ਹੋ ਰਹੇ ਹਨ।

ਜਿਨ੍ਹਾਂ ਯਾਤਰੀਆਂ ਨੇ ਤਿਉਹਾਰ ਲਈ ਘਰ ਪਹੁੰਚਣ ਦੀ ਉਮੀਦ ਵਿੱਚ ਮਹੀਨਿਆਂ ਪਹਿਲਾਂ ਤੋਂ ਕਨਫਰਮਡ ਟਿਕਟਾਂ ਬੁੱਕ ਕਰਵਾਈਆਂ ਸਨ ਉਹ ਬੇਕਾਬੂ ਭੀੜ ਕਰਕੇ ਆਪਣੀਆਂ ਰਾਖਵੀਂਆਂ ਸੀਟਾਂ ਤੱਕ ਨਹੀਂ ਪਹੁੰਚ ਸਕੇ। ਪਰਿਵਾਰਾਂ ਅਤੇ ਬੱਚਿਆਂ ਨਾਲ ਆਏ ਅਜਿਹੇ ਯਾਤਰੀਆਂ ਨੇ ਰੇਲਗੱਡੀ ਵਿੱਚ ਚੜ੍ਹਨ ਲਈ ਬਹੁਤ ਕੋਸ਼ਿਸ਼ ਕੀਤੀ ਪਰ ਆਮ ਟਿਕਟਾਂ ਵਾਲਿਆਂ ਨੇ ਉਨ੍ਹਾਂ ਨੂੰ ਡੱਬਿਆਂ ਵਿਚ ਚੜ੍ਹਨ ਹੀ ਨਾ ਦਿੱਤਾ। ਅਜਿਹੇ ਯਾਤਰੀ ਨਿਰਾਸ਼ ਹੋ ਕੇ ਅੰਬਾਲਾ ਕੈਂਟ ਬੱਸ ਅੱਡੇ ਤੇ ਪਹੁੰਚੇ ਅਤੇ ਰੇਲਗੱਡੀ ਰਾਹੀਂ ਯਾਤਰਾ ਕਰਨ ਦੀ ਉਮੀਦ ਛੱਡ ਕੇ ਦੁੱਗਣਾ ਕਿਰਾਇਆ ਦੇ ਕੇ ਬਿਹਾਰ ਜਾਣ ਵਾਲੀਆਂ ਬੱਸਾਂ ਵਿੱਚ ਬੈਠ ਗਏ।

ਜਨਗਣਨਾ-2027 ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਤਿਆਰੀਆਂ ਕੀਤੀਆਂ ਸ਼ੁਰੂ, 25 ਜਨਵਰੀ ਤੋਂ ਹੋਵੇਗੀ ਆਬਾਦੀ ਦੀ ਗਣਨਾ: ਡੀਸੀ ਰਾਹੁਲ ਨਰਵਾਲ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਜਨਗਣਨਾ-2027 ਦੇ ਸਫਲ ਸੰਚਾਲਨ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਨੇ ਦੱਸਿਆ ਕਿ ਹਰਿਆਣਾ ਵਿੱਚ ਜਨਗਣਨਾ ਦੇ ਦੂਜੇ ਪੜਾਅ, ਭਾਵ ਆਬਾਦੀ ਦੀ ਗਣਨਾ ਦਾ ਕੰਮ 25 ਜਨਵਰੀ ਤੋਂ 28 ਫਰਵਰੀ ਤੱਕ ਕੀਤਾ ਜਾਵੇਗਾ। ਇਸ ਤੋਂ ਬਾਅਦ 1 ਮਾਰਚ ਤੋਂ 5 ਮਾਰਚ ਤੱਕ ਪੰਜ ਦਿਨਾਂ ਦਾ ਪੁਨਰ-ਜਾਂਚ ਦੌਰ ਚਲਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਬਾਦੀ ਦੀ ਗਣਨਾ ਤੋਂ ਪਹਿਲਾਂ ਨਾਗਰਿਕਾਂ ਨੂੰ 10 ਜਨਵਰੀ ਤੋਂ 24 ਜਨਵਰੀ ਤੱਕ ਸਵੈ-ਗਣਨਾ ਦੀ ਸਹੂਲਤ ਮਿਲੇਗੀ। ਇਸ ਸਮੇਂ ਦੌਰਾਨ ਨਾਗਰਿਕ ਆਨਲਾਈਨ ਪੋਰਟਲ https://se.census.gov.in 'ਤੇ ਜਾ ਕੇ ਆਪਣੇ ਪਰਿਵਾਰ ਨਾਲ ਸਬੰਧਤ ਲੋੜੀਂਦੀ ਜਾਣਕਾਰੀ ਖੁਦ ਦਰਜ ਕਰ ਸਕਣਗੇ। ਇਸ ਤੋਂ ਬਾਅਦ ਗਣਨਾਕਾਰ ਘਰ-ਘਰ ਪਹੁੰਚ ਕੇ ਪਰਿਵਾਰਾਂ ਤੋਂ ਨਿਰਧਾਰਤ ਵੇਰਵੇ ਇਕੱਠੇ ਕਰਨਗੇ ਅਤੇ ਉਨ੍ਹਾਂ ਦੀ ਤਸਦੀਕ ਕਰਨਗੇ।

ਉਨ੍ਹਾਂ ਦੱਸਿਆ ਕਿ ਇਸ ਵਾਰ ਜਨਗਣਨਾ ਦੀ ਪੂਰੀ ਪ੍ਰਕਿਰਿਆ ਡਿਜੀਟਲ ਮਾਧਿਅਮ ਰਾਹੀਂ ਚਲਾਈ ਜਾਵੇਗੀ। ਗਣਨਾਕਾਰ ਸਮਾਰਟਫੋਨ ਵਿੱਚ ਉਪਲਬਧ ਨਿਰਧਾਰਤ ਮੋਬਾਈਲ ਐਪਲੀਕੇਸ਼ਨ ਰਾਹੀਂ ਅੰਕੜੇ ਦਰਜ ਕਰਨਗੇ। ਇਸ ਦੇ ਨਾਲ ਹੀ ਜਨਗਣਨਾ ਪ੍ਰਬੰਧਨ ਅਤੇ ਨਿਗਰਾਨੀ ਪ੍ਰਣਾਲੀ ਰਾਹੀਂ ਕੰਮ ਦੀ ਪ੍ਰਗਤੀ 'ਤੇ ਨਜ਼ਰ ਰੱਖੀ ਜਾਵੇਗੀ। ਇਸ ਪ੍ਰਬੰਧ ਨਾਲ ਅੰਕੜੇ ਇਕੱਠੇ ਕਰਨ ਵਿੱਚ ਗਲਤੀਆਂ ਘਟਾਉਣ,

- **10 ਤੋਂ 24 ਜਨਵਰੀ ਤੱਕ ਨਾਗਰਿਕ ਆਨਲਾਈਨ ਪੋਰਟਲ ਰਾਹੀਂ ਕਰ ਸਕਣਗੇ ਸਵੈ-ਗਣਨਾ**



ਪ੍ਰਸ਼ਾਸਨਿਕ ਤਾਲਮੇਲ ਮਜ਼ਬੂਤ ਕਰਨ ਅਤੇ ਨਿਰਧਾਰਤ ਸਮੇਂ ਅੰਦਰ ਕੰਮ ਪੂਰਾ ਕਰਨ ਵਿੱਚ ਮਦਦ ਮਿਲੇਗੀ।

ਹਰੇਕ ਵਿਅਕਤੀ ਨੂੰ ਪੁੱਛੇ ਜਾਣਗੇ 40 ਨਿਰਧਾਰਤ ਸਵਾਲ

ਡੀਸੀ ਰਾਹੁਲ ਨਰਵਾਲ ਨੇ ਦੱਸਿਆ ਕਿ ਆਬਾਦੀ ਦੀ ਗਣਨਾ ਦੌਰਾਨ ਨਿਰਧਾਰਤ ਪ੍ਰਸ਼ਨਾਵਲੀ ਰਾਹੀਂ ਹਰੇਕ ਵਿਅਕਤੀ ਨਾਲ ਸਬੰਧਤ ਜਾਣਕਾਰੀ ਇਕੱਠੀ ਕੀਤੀ ਜਾਵੇਗੀ। ਇਸ ਪ੍ਰਸ਼ਨਾਵਲੀ ਵਿੱਚ ਕੁੱਲ 40 ਸਵਾਲ ਹੋਣਗੇ, ਜਿਨ੍ਹਾਂ ਰਾਹੀਂ ਜਨਸੰਖਿਆ ਸੰਬੰਧੀ, ਸਮਾਜਿਕ, ਵਿੱਦਿਅਕ, ਆਰਥਿਕ ਗਤੀਵਿਧੀਆਂ, ਭਾਸ਼ਾ, ਪਰਵਾਸ ਅਤੇ ਹੋਰ ਨਿਰਧਾਰਤ ਵਿਸ਼ਿਆਂ ਬਾਰੇ ਵੇਰਵੇ ਇਕੱਠੇ ਕੀਤੇ ਜਾਣਗੇ। ਇਨ੍ਹਾਂ ਅੰਕੜਿਆਂ ਦੇ ਆਧਾਰ 'ਤੇ ਦੇਸ਼ ਅਤੇ ਸੂਬੇ ਵਿੱਚ ਵਿਕਾਸ ਯੋਜਨਾਵਾਂ ਬਣਾਉਣ, ਜਨਤਕ ਸਹੂਲਤਾਂ ਦੀਆਂ ਲੋੜਾਂ ਦਾ ਮੁਲਾਂਕਣ ਕਰਨ ਅਤੇ ਵੱਖ-ਵੱਖ ਖੇਤਰਾਂ ਦੀਆਂ ਆਬਾਦੀ ਸਬੰਧੀ ਜ਼ਰੂਰਤਾਂ ਨੂੰ ਸਮਝਣ ਵਿੱਚ ਮਦਦ ਮਿਲੇਗੀ।

ਜਨਗਣਨਾ ਕਰਮਚਾਰੀਆਂ ਨੂੰ ਦਿੱਤੀ ਜਾਵੇਗੀ ਲੋੜੀਂਦੀ ਸਿਖਲਾਈ

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਨਗਣਨਾ ਦੇ ਕੰਮ ਲਈ ਨਿਯੁਕਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਅਨੁਸਾਰ ਲੋੜੀਂਦੀ ਸਿਖਲਾਈ ਅਤੇ ਦਿਸ਼ਾ-ਨਿਰਦੇਸ਼ ਦਿੱਤੇ ਜਾਣਗੇ। ਸਬੰਧਤ ਵਿਭਾਗ ਇਹ ਯਕੀਨੀ ਬਣਾਉਣਗੇ ਕਿ ਕਰਮਚਾਰੀ ਪੂਰੀ ਨਿਸ਼ਠਾ, ਜ਼ਿੰਮੇਵਾਰੀ ਅਤੇ ਤਤਪਰਤਾ ਨਾਲ ਆਪਣੇ ਫਰਜ਼ ਨਿਭਾਉਣ, ਤਾਂ ਜੋ ਜਨਗਣਨਾ ਦਾ ਕੰਮ ਸੁਚਾਰੂ ਢੰਗ ਨਾਲ ਪੂਰਾ ਹੋ ਸਕੇ।

ਨਾਗਰਿਕਾਂ ਦੀ ਜਾਣਕਾਰੀ ਰਹੇਗੀ ਗੁਪਤ

ਡੀਸੀ ਨੇ ਸਪੱਸ਼ਟ ਕੀਤਾ ਕਿ ਜਨਗਣਨਾ ਦੌਰਾਨ ਨਾਗਰਿਕਾਂ ਵੱਲੋਂ ਦਿੱਤੀ ਗਈ ਜਾਣਕਾਰੀ ਜਨਗਣਨਾ ਐਕਟ, 1948 ਦੇ ਉਪਬੰਧਾਂ ਅਨੁਸਾਰ ਗੁਪਤ ਰੱਖੀ ਜਾਵੇਗੀ। ਉਨ੍ਹਾਂ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸਵੈ-ਗਣਨਾ ਦੌਰਾਨ ਸਹੀ ਅਤੇ ਪੂਰੀ ਜਾਣਕਾਰੀ ਦਰਜ ਕਰਨ ਅਤੇ ਗਣਨਾਕਾਰਾਂ ਦੇ ਘਰ ਪਹੁੰਚਣ 'ਤੇ ਲੋੜੀਂਦੇ ਵੇਰਵੇ ਮੁਹੱਈਆ ਕਰਵਾ ਕੇ ਸਹਿਯੋਗ ਦੇਣ। ਉਨ੍ਹਾਂ ਇਹ ਵੀ ਕਿਹਾ ਕਿ ਨਾਗਰਿਕ ਆਪਣਾ ਆਧਾਰ ਨੰਬਰ, ਪਾਸਪੋਰਟ ਨੰਬਰ, ਡਰਾਈਵਿੰਗ ਲਾਇਸੈਂਸ ਨੰਬਰ ਅਤੇ ਵੋਟਰ ਪਛਾਣ ਪੱਤਰ ਨੰਬਰ ਪਹਿਲਾਂ ਤੋਂ ਤਿਆਰ ਰੱਖਣ, ਤਾਂ ਜੋ ਲੋੜ ਪੈਣ 'ਤੇ ਇਹ ਜਾਣਕਾਰੀ ਗਣਨਾਕਾਰਾਂ ਨੂੰ ਦਿੱਤੀ ਜਾ ਸਕੇ।

ਜਨਗਣਨਾ ਦੇ ਕੰਮ ਵਿੱਚ ਰੁਕਾਵਟ ਪਾਉਣ 'ਤੇ ਹੋਵੇਗੀ ਕਾਨੂੰਨੀ ਕਾਰਵਾਈ

ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਨੇ ਕਿਹਾ ਕਿ ਜਨਗਣਨਾ ਦੇ ਅਧਿਕਾਰਤ ਕਰਮਚਾਰੀਆਂ ਨੂੰ ਸਰਕਾਰੀ ਕੰਮ ਕਰਨ ਤੋਂ ਰੋਕਣ, ਉਨ੍ਹਾਂ ਦੇ ਕੰਮ ਵਿੱਚ ਦਖ਼ਲ ਦੇਣ ਜਾਂ ਜਨਗਣਨਾ ਪ੍ਰਕਿਰਿਆ ਵਿੱਚ ਰੁਕਾਵਟ ਪੈਦਾ ਕਰਨ ਵਾਲੇ ਵਿਅਕਤੀਆਂ ਵਿਰੁੱਧ ਜਨਗਣਨਾ ਐਕਟ, 1948 ਦੀ ਧਾਰਾ 11 ਤਹਿਤ ਕਾਰਵਾਈ ਕੀਤੀ ਜਾਵੇਗੀ।

ਇਸ ਧਾਰਾ ਅਧੀਨ ਅਜਿਹੇ ਕੰਮਾਂ ਲਈ ਤਿੰਨ ਸਾਲ ਤੱਕ ਦੀ ਕੈਦ ਅਤੇ ਇੱਕ ਹਜ਼ਾਰ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਹੈ।

ਹਾਂਸੀ ਦੇ ਪੁਲਿਸ ਕਪਤਾਨ ਵਿਨੋਦ ਕੁਮਾਰ ਦੀ ਪ੍ਰਧਾਨਗੀ ਹੇਠ ਅਪਰਾਧ ਸਮੀਖਿਆ ਅਤੇ ਕਾਨੂੰਨ-ਵਿਵਸਥਾ ਸਬੰਧੀ ਸਮੀਖਿਆ ਮੀਟਿੰਗ ਆਯੋਜਿਤ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਹਾਂਸੀ ਦੇ ਪੁਲਿਸ ਕਪਤਾਨ ਵਿਨੋਦ ਕੁਮਾਰ ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹਾ ਸਭਾਗਾਰ, ਹਾਂਸੀ ਵਿਖੇ ਅਪਰਾਧ ਸਮੀਖਿਆ ਅਤੇ ਕਾਨੂੰਨ-ਵਿਵਸਥਾ ਨਾਲ ਜੁੜੇ ਵੱਖ-ਵੱਖ ਅਹਿਮ ਮੁੱਦਿਆਂ ਸਬੰਧੀ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਸਾਰੇ ਐਸਐਚਓ, ਐਸਓ,

- **ਲੰਬਿਤ ਮਾਮਲਿਆਂ ਦੇ ਜਲਦੀ ਨਿਪਟਾਰੇ ਅਤੇ ਅਪਰਾਧਾਂ 'ਤੇ ਕਾਬੂ ਪਾਉਣ ਲਈ ਦਿੱਤੇ ਲੋੜੀਂਦੇ ਦਿਸ਼ਾ-ਨਿਰਦੇਸ਼**

ਪੁਲਿਸ ਚੌਕੀ ਇੰਚਾਰਜਾਂ, ਅਪਰਾਧ ਜਾਂਚ ਇਕਾਈਆਂ ਅਤੇ ਵੱਖ-ਵੱਖ ਸ਼ਾਖਾਵਾਂ ਦੇ ਇੰਚਾਰਜਾਂ ਨੇ ਭਾਗ ਲਿਆ।

ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਅਪਰਾਧਾਂ ਦੀ ਤੁਲਨਾਤਮਕ ਸਥਿਤੀ, ਜਾਂਚ ਅਧੀਨ ਲੰਬਿਤ ਮਾਮਲਿਆਂ (ਯੂਆਈ ਕੇਸ), ਇੱਕ ਸਾਲ ਅਤੇ ਦੋ ਸਾਲ ਤੋਂ ਵੱਧ ਸਮੇਂ ਤੋਂ ਲੰਬਿਤ ਮਾਮਲਿਆਂ ਅਤੇ ਛੇ ਮਹੀਨਿਆਂ ਤੋਂ ਵੱਧ ਸਮੇਂ ਤੋਂ ਲੰਬਿਤ ਮਾਮਲਿਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਪੁਲਿਸ ਕਪਤਾਨ ਨੇ ਨਿਰਦੇਸ਼ ਦਿੱਤੇ ਕਿ ਲੰਬਿਤ ਮਾਮਲਿਆਂ ਦਾ ਤਰਜੀਹ ਦੇ ਆਧਾਰ 'ਤੇ ਜਲਦੀ ਨਿਪਟਾਰਾ ਕੀਤਾ ਜਾਵੇ ਅਤੇ ਕਿਸੇ ਵੀ ਮਾਮਲੇ ਨੂੰ ਬਿਨਾਂ ਲੋੜ ਲੰਬਿਤ ਨਾ ਰੱਖਿਆ ਜਾਵੇ। ਇਸ ਤੋਂ ਇਲਾਵਾ ਐਨਸੀਆਈਐਲ



ਮਾਮਲਿਆਂ, 60 ਅਤੇ 90 ਦਿਨਾਂ ਤੋਂ ਵੱਧ ਸਮੇਂ ਤੋਂ ਲੰਬਿਤ ਮਾਮਲਿਆਂ, ਲੰਬਿਤ ਸ਼ਿਕਾਇਤਾਂ ਅਤੇ ਸਥਾਨਕ ਤੇ ਵਿਸ਼ੇਸ਼ ਕਾਨੂੰਨਾਂ ਤਹਿਤ ਦਰਜ ਮਾਮਲਿਆਂ ਵਿੱਚ ਬਰਾਮਦਗੀ ਦੀ ਸਥਿਤੀ ਦੀ ਸਮੀਖਿਆ ਕੀਤੀ ਗਈ। ਭਗੌੜੇ ਐਲਾਨੇ ਗਏ ਮੁਲਜ਼ਮਾਂ (ਪੀਓ), ਜ਼ਮਾਨਤ 'ਤੇ ਰਿਹਾਅ ਹੋਣ ਤੋਂ ਬਾਅਦ ਗੈਰ-ਹਾਜ਼ਰ ਰਹਿਣ ਵਾਲਿਆਂ, ਪੈਰੋਲ 'ਤੇ ਜਾ ਕੇ ਵਾਪਸ ਨਾ ਆਉਣ ਵਾਲਿਆਂ, ਮੋਸਟ ਵਾਂਟੇਡ ਅਪਰਾਧੀਆਂ, ਇਨਾਮੀ ਅਪਰਾਧੀਆਂ ਅਤੇ ਹਿਸਟਰੀਸ਼ੀਟਰਾਂ ਦੀ ਗ੍ਰਿਫ਼ਤਾਰੀ ਲਈ ਪ੍ਰਭਾਵਸ਼ਾਲੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ। ਮੀਟਿੰਗ ਵਿੱਚ ਨਸ਼ੀਲੇ ਪਦਾਰਥਾਂ ਅਤੇ ਹੋਰ ਵਿਸ਼ੇਸ਼ ਕਾਨੂੰਨਾਂ ਨਾਲ ਸਬੰਧਤ ਮਾਮਲਿਆਂ ਦੇ ਨਾਲ-ਨਾਲ ਸਾਈਬਰ ਅਪਰਾਧਾਂ ਦੀ ਸਥਿਤੀ ਬਾਰੇ ਵੀ ਚਰਚਾ ਕੀਤੀ ਗਈ। ਪੁਲਿਸ ਕਪਤਾਨ ਨੇ ਨਿਰਦੇਸ਼ ਦਿੱਤੇ ਕਿ ਅਜਿਹੇ ਅਪਰਾਧਾਂ 'ਤੇ ਪ੍ਰਭਾਵਸ਼ਾਲੀ ਰੋਕ ਲਗਾਉਣ ਲਈ ਸਬੰਧਤ ਇਕਾਈਆਂ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਅਪਰਾਧੀਆਂ ਦੀਆਂ ਗਤੀਵਿਧੀਆਂ 'ਤੇ ਲਗਾਤਾਰ ਨਜ਼ਰ ਰੱਖਣ। ਇਸ ਦੇ ਨਾਲ ਹੀ ਲਾਪਤਾ ਵਿਅਕਤੀਆਂ, ਅਣਪਛਾਤੀਆਂ ਅਤੇ ਪਛਾਣ ਕੀਤੀਆਂ ਲਾਸ਼ਾਂ, ਅਣਸੁਲਝੇ ਅਤੇ ਰੱਦ ਕਰਨ ਵਾਲੇ ਮਾਮਲਿਆਂ, ਇਨਕੁਐਸਟ ਰਿਪੋਰਟਾਂ, ਵਿਸ਼ੇਸ਼ ਰਿਪੋਰਟ ਸ਼੍ਰੇਣੀ ਦੇ ਮਾਮਲਿਆਂ ਵਿੱਚ ਲੰਬਿਤ ਆਈਐਸਆਰ/ ਸੀਐਸਆਰ, ਗ੍ਰਿਫ਼ਤਾਰੀ ਦੇ ਆਧਾਰਾਂ ਦੀ ਸਹੀ ਰਿਕਾਰਡਿੰਗ ਅਤੇ ਕਾਨੂੰਨੀ ਵਿਵਸਥਾਵਾਂ ਦੀ ਪਾਲਣਾ ਦੀ ਸਮੀਖਿਆ ਕੀਤੀ ਗਈ। ਪੁਲਿਸ ਕਪਤਾਨ ਨੇ ਪੁਲਿਸ ਕਰਮਚਾਰੀਆਂ ਦੀ ਅਦਾਲਤਾਂ ਵਿੱਚ ਸਮੇਂ ਸਿਰ ਹਾਜ਼ਰੀ ਯਕੀਨੀ ਬਣਾਉਣ, ਖ਼ਾਸ ਕਰਕੇ ਐਨਡੀਪੀਐਸ ਐਕਟ ਦੇ ਮਾਮਲਿਆਂ ਵਿੱਚ ਪੁਲਿਸ ਗਵਾਹਾਂ ਦੀ ਪ੍ਰਭਾਵਸ਼ਾਲੀ ਗਵਾਹੀ ਕਰਵਾਉਣ ਅਤੇ ਜਾਂਚ ਪ੍ਰਕਿਰਿਆ ਨੂੰ ਮਜ਼ਬੂਤ ਬਣਾਉਣ 'ਤੇ ਜ਼ੋਰ ਦਿੱਤਾ। ਮੀਟਿੰਗ ਵਿੱਚ NAT-GRID, FRS, ICJS, ਸੀਸੀਟੀਵੀ ਕੈਮਰਿਆਂ ਦੀ ਸਥਾਪਨਾ ਅਤੇ ਸੁਚਾਰੂ ਸੰਚਾਲਨ, ਅਭੇਦਿਆ ਐਪ ਦੀ ਸਥਾਪਨਾ ਅਤੇ ਪ੍ਰਭਾਵਸ਼ਾਲੀ ਵਰਤੋਂ, ਆਰਜੇਐਸਐਫਐਚ ਯੂਨਿਟ ਦੇ ਕੰਮਾਂ ਅਤੇ ਅਪਰਾਧੀਆਂ ਦੀ ਤਸਦੀਕ ਦੀ ਵੀ ਸਮੀਖਿਆ ਕੀਤੀ ਗਈ।

ਸ.ਫਾ 1 ਦਾ ਬਾਕੀ...

'ਆਪ' ਨੇ 31...

ਪਵਨ ਕੁਮਾਰ ਟੀਨੂੰ, ਮੁਕੇਰੀਆਂ ਤੋਂ ਸਰਬਜੋਤ ਸਿੰਘ ਸਾਬੀ, ਨਵਾਂਸ਼ਹਿਰ ਤੋਂ ਰੌਬੀ ਕੰਗ, ਚਮਕੌਰ ਸਾਹਿਬ ਤੋਂ ਜਸਵੀਰ ਸਿੰਘ ਗੜ੍ਹੀ, ਖਰੜ ਤੋਂ ਪਰਮਿੰਦਰ ਸਿੰਘ, ਦੱਖਾ ਤੋਂ ਡਾ. ਕੇ.ਐੱਨ.ਐੱਸ. ਕੰਗ, ਜਗਰਾਉਂ ਤੋਂ ਸਰਵਜੀਤ ਕੌਰ ਮਾਣੂੰਕੇ, ਅਬੋਹਰ ਤੋਂ ਡਾ. ਸੁਹਾਨੀ ਡੋਡਾ, ਬੱਲੂਆਣਾ ਤੋਂ ਅਮਨਦੀਪ ਸਿੰਘ "ਗੋਲਡੀ" ਮੁਸਾਫਿਰ, ਲੰਬੀ ਤੋਂ ਰਣਧੀਰ ਸਿੰਘ ਧੀਰਾ ਖੁੱਡੀਆਂ, ਬਠਿੰਡਾ ਦਿਹਾਤੀ ਤੋਂ ਗੋਪਾਲ ਸਿੰਘ, ਬਰਨਾਲਾ ਤੋਂ ਗੁਰਮੀਤ ਸਿੰਘ ਮੀਤ ਹੇਅਰ, ਸ਼ੁਤਰਾਣਾ ਤੋਂ ਵਨਿੰਦਰ ਕੌਰ ਲੂੰਬਾ ਨੂੰ ਉਮੀਦਵਾਰ ਐਲਾਨਿਆ ਹੈ। ਪਾਰਟੀ ਦੇ ਰਾਸ਼ਟਰੀ ਸਕੱਤਰ ਪੰਕਜ ਕੁਮਾਰ ਗੁਪਤਾ ਵੱਲੋਂ ਜਾਰੀ ਕੀਤੀ ਗਈ ਇਸ ਸੂਚੀ ਤੋਂ ਸਾਫ਼ ਹੈ ਕਿ "ਆਪ" ਨੇ ਆਉਣ ਵਾਲੀਆਂ ਚੋਣਾਂ ਲਈ ਆਪਣੀ ਤਿਆਰੀਆਂ ਨੂੰ ਤੇਜ਼ ਕਰ ਦਿੱਤਾ ਹੈ ਅਤੇ ਪੰਜਾਬ ਵਿੱਚ ਸਿਆਸੀ ਸਰਗਰਮੀਆਂ ਨੂੰ ਭਖਾ ਦਿੱਤਾ ਹੈ।

ਦੀਵਾਲੀ ਅਤੇ ਧਨਤੇਰਸ...

ਸਿਲਸਿਲਾ ਅਜੇ ਵੀ ਜਾਰੀ ਹੈ। ਇਸ ਤੋਂ ਇਲਾਵਾ, IBJA ਨੇ ਕਿਹਾ ਕਿ ਵਿਆਹਾਂ ਦੇ ਸੀਜ਼ਨ ਦੀ ਸ਼ੁਰੂਆਤ ਨੇ ਵੀ ਵਿਕਰੀ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਭਾਰਤ ਦੀ ਕਹਾਣੀ...

ਪਹਿਲਾਂ ਅਸੀਂ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣਾ ਹੈ। ਮੀਡੀਆ ਵਾਲੇ ਜਾਣਦੇ ਹਨ ਕਿ ਜਦੋਂ ਸਮਾਂ-ਸੀਮਾ ਤੈਅ ਹੋ ਜਾਂਦੀ ਹੈ ਤਾਂ ਤਰਜੀਹਾਂ ਬਦਲ ਜਾਂਦੀਆਂ ਹਨ, ਕੰਮ ਕਰਨ ਦਾ ਤਰੀਕਾ ਬਦਲ ਜਾਂਦਾ ਹੈ ਅਤੇ ਰਫ਼ਤਾਰ ਵੀ ਵਧ ਜਾਂਦੀ ਹੈ। ਅੱਜ ਭਾਰਤ ਜਿਨ੍ਹਾਂ ਪ੍ਰਾਪਤੀਆਂ ਨਾਲ ਅੱਗੇ ਵਧ ਰਿਹਾ ਹੈ, ਵਿਕਸਤ ਭਾਰਤ ਦਾ ਟੀਚਾ ਅਸੰਭਵ ਨਹੀਂ ਹੈ।"ਪ੍ਰਧਾਨ ਮੰਤਰੀ ਨੇ ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਲਈ ਵੀ ਮੀਡੀਆ ਤੋਂ ਸਹਿਯੋਗ ਦੀ ਅਪੀਲ ਕੀਤੀ।

ਸਾਬਕਾ ਐੱਸ.ਐੱਸ.ਪੀ...

ਵਿਆਹ ਵਿੱਚ ਸ਼ਰੀਕ ਸਨ। 1996 ਵਿੱਚ ਅਮਰੀਕ ਸਿੰਘ ਦੀ ਪਤਨੀ ਨੇ ਸੁਪਰੀਮ ਕੋਰਟ ਵਿੱਚ ਹੈਬੀਅਸ ਕਾਰਪਸ ਪਟੀਸ਼ਨ ਦਾਇਰ ਕੀਤੀ। ਉਸੇ ਸਾਲ, ਸੁਪਰੀਮ ਕੋਰਟ ਨੇ ਪੰਜਾਬ ਪੁਲਿਸ ਵੱਲੋਂ ਵੱਡੇ ਪੱਧਰ 'ਤੇ ਲਾਸ਼ਾਂ ਨੂੰ ਲਾਵਾਰਿਸ ਅਤੇ ਅਣਪਛਾਤੀਆਂ ਦੱਸ ਕੇ ਸਸਕਾਰ ਕਰਨ ਦੇ ਮਾਮਲੇ ਦੀ ਸੀ ਬੀ ਆਈ ਜਾਂਚ ਦੇ ਹੁਕਮ ਦਿੱਤੇ। ਸਾਕਰੀ ਦੇ ਲਾਪਤਾ ਹੋਣ ਦਾ ਮਾਮਲਾ ਵੀ ਸੀ ਬੀ ਆਈ ਨੇ ਆਪਣੇ ਹੱਥ ਵਿੱਚ ਲੈ ਲਿਆ ਸੀ। ਮੁਲਜ਼ਮਾਂ ਵਿਰੁੱਧ 2000 ਵਿੱਚ ਦੋਸ਼ ਤੈਅ ਕੀਤੇ ਗਏ, ਪਰ ਅਦਾਲਤਾਂ ਦੇ ਨਿਰਦੇਸ਼ਾਂ 'ਤੇ ਇਸ ਮਾਮਲੇ ਦੀ ਸੁਣਵਾਈ ਕਰੀਬ 22 ਸਾਲ ਰੁਕੀ ਰਹੀ। ਵਕੀਲਾਂ ਅਨੁਸਾਰ ਸਾਲ 2022 ਵਿੱਚ ਮੁਕੱਦਮਾ ਸ਼ੁਰੂ ਹੋਇਆ ਤਾਂ ਸੀ ਬੀ ਆਈ ਵੱਲੋਂ ਅਦਾਲਤ ਵਿੱਚ ਪੇਸ਼ ਸਾਰੇ ਸਬੂਤਾਂ ਦਾ ਰਿਕਾਰਡ ਅਦਾਲਤ ਵਿਚੋਂ ਗਾਇਬ ਹੋ ਗਿਆ। ਹਾਈ ਕੋਰਟ ਦੇ ਹੁਕਮਾਂ 'ਤੇ ਮੁੜ ਸਾਰੇ ਸਬੂਤ ਇਕੱਤਰ ਕੀਤੇ ਗਏ। ਮੁਕੱਦਮੇ ਦੌਰਾਨ 47 ਗਵਾਹਾਂ ਦਾ ਹਵਾਲਾ ਦਿੱਤਾ ਗਿਆ ਪਰ ਸੁਣਵਾਈ ਦੌਰਾਨ ਸਿਰਫ਼ 16 ਗਵਾਹ ਹੀ ਪੇਸ਼ ਕੀਤੇ ਗਏ, ਬਹੁਤੇ ਗਵਾਹਾਂ ਦੀ ਸੁਣਵਾਈ ਰੁਕਣ ਦੌਰਾਨ ਮੌਤ ਹੋ ਗਈ। ਇਸੇ ਤਰ੍ਹਾਂ ਤਿੰਨ ਮੁਲਜ਼ਮਾਂ ਏ ਐੱਸ ਆਈ ਜਸਵੰਤ ਸਿੰਘ, ਐੱਸ ਆਈ ਸੁਰਿੰਦਰ ਸਿੰਘ ਅਤੇ ਇੰਸਪੈਕਟਰ ਸੂਬਾ ਸਿੰਘ ਦੀ ਵੀ ਮੌਤ ਹੋ ਗਈ, ਜਿਸ ਕਰ ਕੇ ਉਨ੍ਹਾਂ ਵਿਰੁੱਧ ਕਾਰਵਾਈ ਬੰਦ ਕਰ ਦਿੱਤੀ ਗਈ।

ਪਰਚੂਨ ਮਹਿੰਗਾਈ ਦਰ...

ਸੂਚਕਾਂਕ' ਵਿੱਚ ਖਾਣ-ਪੀਣ ਦੀਆਂ ਵਸਤੂਆਂ ਦਾ ਹਿੱਸਾ ਲਗਭਗ 40% ਹੈ, ਜਿਸਦਾ ਮਤਲਬ ਹੈ ਕਿ ਇਨ੍ਹਾਂ ਦੀਆਂ ਕੀਮਤਾਂ ਵਿੱਚ ਕੋਈ ਵੀ ਤਬਦੀਲੀ ਸਮੁੱਚੀ ਮਹਿੰਗਾਈ 'ਤੇ ਸਿੱਧਾ ਅਸਰ ਪਾਉਂਦੀ ਹੈ।

ਇਸ ਤੋਂ ਪਹਿਲਾਂ, ਅਕਤੂਬਰ 2024 ਵਿੱਚ ਵੀ ਪਰਚੂਨ ਮਹਿੰਗਾਈ 6% ਦੇ ਅੰਕੜੇ ਨੂੰ ਪਾਰ ਕਰਕੇ 6.2% ਤੱਕ ਪਹੁੰਚ ਗਈ ਸੀ। ਉਸ ਸਮੇਂ, ਮਹਿੰਗਾਈ ਦੇ ਅੰਕੜੇ ਇੱਕ ਪੁਰਾਣੀ CPI ਲੜੀ ਦੇ ਆਧਾਰ 'ਤੇ ਜਾਰੀ ਕੀਤੇ ਗਏ ਸਨ, ਜਿਸ ਵਿੱਚ 2012 ਨੂੰ ਆਧਾਰ ਸਾਲ ਵਜੋਂ ਵਰਤਿਆ ਗਿਆ ਸੀ। ਮੌਜੂਦਾ, ਨਵੀਂ ਲੜੀ ਦੇ ਤਹਿਤ, ਇਹ ਪਹਿਲੀ ਵਾਰ ਹੈ ਜਦੋਂ ਮਹਿੰਗਾਈ ਦਰ RBI ਦੀ 6% ਦੀ ਉੱਪਰੀ ਸੀਮਾ ਤੋਂ ਪਾਰ ਗਈ ਹੈ।

ਕੇਜਰੀਵਾਲ ਅਤੇ ਉਨ੍ਹਾਂ...

ਸ਼ਿਕਾਇਤਕਰਤਾ ਨੇ ਦੱਸਿਆ ਕਿ ਅਣ-ਪਛਾਤੇ ਵਿਅਕਤੀ ਨੇ ਉਸ ਦੇ ਵਿਧਾਇਕ ਹੋਣ ਦੇ ਅਹੁਦੇ ਦੀ ਵਰਤੋਂ ਕਰਦਿਆਂ ਉਸ ਰਾਹੀਂ ਅਰਵਿੰਦ ਕੇਜਰੀਵਾਲ ਤੱਕ ਫਿਰੌਤੀ ਦੀ ਮੰਗ ਅਤੇ ਧਮਕੀ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਹੈ। ਉਸ ਨੇ ਪੁਲੀਸ ਤੋਂ ਮੁਲਜ਼ਮ ਅਤੇ ਉਸ ਦੇ ਸਾਥੀਆਂ ਦੀ ਪਛਾਣ ਕਰਨ, ਮੋਬਾਈਲ ਨੰਬਰ ਦੀ ਕਾਲ ਡਿਟੇਲ ਰਿਕਾਰਡ (ਸੀਡੀਆਰ), ਆਈ.ਪੀ. ਲੌਗ ਅਤੇ ਲੋਕੇਸ਼ਨ ਦੀ ਜਾਂਚ ਕਰਕੇ ਗ੍ਰਿਫ਼ਤਾਰੀ ਕਰਨ ਦੀ ਮੰਗ ਕੀਤੀ ਸੀ। ਵਿਧਾਇਕ ਦੀ ਸ਼ਿਕਾਇਤ 'ਤੇ ਮੁਹਾਲੀ ਪੁਲੀਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਆਰੰਭ ਦਿੱਤੀ ਹੈ।

ਅਮਰੀਕਾ ਵਿੱਚ ਵ੍ਹਾਈਟ...

ਇਸ ਘਟਨਾ ਕਾਰਨ ਇਲਾਕੇ ਵਿੱਚ ਦਹਿਸ਼ਤ ਫੈਲ ਗਈ; ਲੋਕ ਆਪਣੀ ਜਾਨ ਬਚਾਉਣ ਲਈ ਦੁਕਾਨਾਂ ਅਤੇ ਘਰਾਂ ਵਿੱਚ ਲੁਕਦੇ ਦੇਖੇ ਗਏ। ਪੁਲਿਸ ਨੇ ਪੂਰੇ ਇਲਾਕੇ ਨੂੰ ਘੇਰ ਲਿਆ ਹੈ ਅਤੇ ਸਥਾਨਕ ਵਸਨੀਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਹੀ ਰਹਿਣ ਦੀ ਸਲਾਹ ਦਿੱਤੀ ਹੈ।

ਅਲਮੋੜਾ ਵਿਚ ਡੂੰਘੀ...

ਉਨ੍ਹਾਂ ਦੀ ਨਜ਼ਰ ਹੇਠਾਂ ਖੱਡ ਵਿੱਚ ਡਿੱਗੀ ਬੋਲੈਰੋ 'ਤੇ ਪਈ। ਔਰਤਾਂ ਨੇ ਤੁਰੰਤ ਪਿੰਡ ਵਾਲਿਆਂ ਨੂੰ ਇਸ ਦੀ ਖ਼ਬਰ ਦਿੱਤੀ, ਜਿਸ ਤੋਂ ਬਾਅਦ ਪੁਲਿਸ ਨੂੰ ਸੂਚਿਤ ਕੀਤਾ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਟੀਮ ਮੌਕੇ 'ਤੇ ਪਹੁੰਚੀ ਅਤੇ ਪਿੰਡ ਵਾਲਿਆਂ ਦੀ ਮਦਦ ਨਾਲ ਬਚਾਅ ਮੁਹਿੰਮ ਸ਼ੁਰੂ ਕੀਤੀ। ਖੱਡ ਦੇ ਕਰੀਬ 400 ਮੀਟਰ ਡੂੰਘੀ ਹੋਣ ਕਾਰਨ ਲਾਸ਼ਾਂ ਨੂੰ ਸੜਕ ਤੱਕ ਲਿਆਉਣ ਵਿੱਚ ਪੁਲਿਸ ਅਤੇ ਪ੍ਰਸ਼ਾਸਨਿਕ ਟੀਮ ਨੂੰ ਭਾਰੀ ਮੁਸ਼ੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦਰਦਨਾਕ ਹਾਦਸੇ ਤੋਂ ਬਾਅਦ ਪੂਰੇ ਹਰੜਾ ਪਿੰਡ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।

ਕਿਸ਼ਤਵਾੜ 'ਚ ਲਾਪਤਾ...

ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਸੁਰੱਖਿਆ ਬਲਾਂ ਨੇ ਅੱਤਵਾਦੀਆਂ ਦੇ ਟਿਕਾਣੇ ਹੋਣ ਦੇ ਸ਼ੱਕ ਵਿੱਚ ਕਈ ਥਾਵਾਂ ਦੀ ਤਲਾਸ਼ੀ ਲਈ, ਪਰ ਅੱਤਵਾਦੀਆਂ ਦਾ ਪਤਾ ਲਗਾਉਣ ਵਿੱਚ ਅਸਫਲ ਰਹੇ। ਤਲਾਸ਼ੀ ਮੁਹਿੰਮ ਦੇਰ ਰਾਤ ਤੱਕ ਜਾਰੀ ਰਹੀ।

ਇਹ ਘਟਨਾ ਕੁਲਗਾਮ ਜ਼ਿਲ੍ਹੇ ਵਿੱਚ ਸੀਆਰਪੀਐਫ ਟੀਮ 'ਤੇ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਵਾਪਰੀ। ਅਣਪਛਾਤੇ ਬਾਈਕ ਸਵਾਰ ਹਮਲਾਵਰਾਂ ਨੇ ਸੀਆਰਪੀਐਫ ਦੀ ਇੱਕ ਚੌਕੀ 'ਤੇ ਗੋਲੀਬਾਰੀ ਕੀਤੀ, ਜਿਸ ਵਿੱਚ ਤਿੰਨ ਜਵਾਨ ਗੰਭੀਰ ਜ਼ਖਮੀ ਹੋ ਗਏ। ਹਮਲਾਵਰਾਂ ਨੇ ਚੌਕੀ 'ਤੇ ਤਾਇਨਾਤ ਸੀਆਰਪੀਐਫ ਜਵਾਨਾਂ ਨੂੰ ਨਿਸ਼ਾਨਾ ਬਣਾਇਆ। ਗੋਲੀਬਾਰੀ ਤੋਂ ਤੁਰੰਤ ਬਾਅਦ ਹਮਲਾਵਰ ਭੱਜ ਗਏ।

ਚਮਕੌਰ ਸਾਹਿਬ ਤੋਂ..

ਪ੍ਰੋਗਰਾਮਾਂ ਵਿੱਚ ਕਦੇ ਵਿਘਨ ਨਹੀਂ ਪਾਉਂਦੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਨੇ ਕਾਂਗਰਸ ਦੇ ਪ੍ਰੋਗਰਾਮਾਂ ਵਿੱਚ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਤਾਂ ਪਾਰਟੀ ਵਰਕਰ ਇਸ ਦਾ ਵਿਰੋਧ ਕਰਨਗੇ।

ਇਸ ਸਮਾਗਮ ਵਿੱਚ ਕਈ ਹੋਰ ਸੀਨੀਅਰ ਕਾਂਗਰਸੀ ਆਗੂ ਵੀ ਸ਼ਾਮਲ ਹੋਏ, ਜਿਨ੍ਹਾਂ ਵਿੱਚ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਸੰਗਤ ਸਿੰਘ ਗਿਲਜੀਆਂ, ਰਾਜ ਕੁਮਾਰ ਵੇਰਕਾ, ਸੁਖਵਿੰਦਰ ਸਿੰਘ ਡੈਨੀ, ਹਰਪ੍ਰਤਾਪ ਸਿੰਘ ਅਜਨਾਲਾ, ਸੁਨੀਲ ਦੱਤੀ, ਸੰਤੋਖ ਸਿੰਘ ਭਲਾਈਪੁਰ, ਸੁਰਿੰਦਰ ਸਿੰਘ ਕਰਤਾਰਪੁਰ, ਰਜ਼ੀਆ ਸੁਲਤਾਨਾ ਅਤੇ ਸੁਖਪਾਲ ਸਿੰਘ ਖਹਿਰਾ ਦੇ ਨਾਮ ਸ਼ਾਮਲ ਹਨ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, .ਫੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਵੋਟਰ ਸੂਚੀ ਦੀ ਕਰਵਾਈ ਮੁੱਢਲੀ ਪ੍ਰਕਾਸ਼ਨਾ, ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ : ਜ਼ਿਲ੍ਹਾ ਚੋਣ ਅਫ਼ਸਰ

ਪੈਗ਼ਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਤਹਿਤ ਅੱਜ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾਂ ਕਰਵਾਈ ਗਈ ਅਤੇ ਹਰੇਕ ਵਿਧਾਨ ਸਭਾ ਚੋਣ ਹਲਕਾ ਵਾਈਜ਼ ਤਿਆਰ ਵੋਟਰ ਸੂਚੀਆਂ ਦਾ ਇਕ-ਇਕ ਸੈੱਟ ਅਤੇ ਬਿਨਾ ਫੋਟੋ ਵੋਟਰ ਸੂਚੀ ਦੀ ਸੀ.ਡੀ. ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਦਿੱਤੀ ਗਈ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਦੇ ਸ਼ਡਿਊਲ ਬਾਰੇ ਲੋੜੀਂਦੀ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਅੱਜ ਵੋਟਰ ਸੂਚੀ ਦੀ ਡਰਾਫਟ ਪ੍ਰਕਾਸ਼ਨਾ ਉਪਰੰਤ 11 ਦਸੰਬਰ 2026 ਤੱਕ ਇਸ ਸਬੰਧੀ ਦਾਅਵੇ ਅਤੇ ਇਤਰਾਜ ਲਏ ਜਾਣਗੇ ਜਿਨ੍ਹਾਂ ਦਾ 28 ਦਸੰਬਰ 2026 ਤੱਕ ਨਿਪਟਾਰਾ ਕਰਨ ਉਪਰੰਤ 4 ਜਨਵਰੀ 2027 ਨੂੰ

- **ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਮੁੱਢਲੀ ਪ੍ਰਕਾਸ਼ਨਾ ਦੀ ਸੌਂਪੀ ਕਾਪੀ**

ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ। ਉਨ੍ਹਾਂ ਦੱਸਿਆ ਕਿ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਅਤੇ ਨਵੇਂ ਬਣਾਏ ਗਏ ਪੁਲਿੰਗ ਬੂਥਾਂ ਦੇ ਨਾਲ-ਨਾਲ ਵੋਟਰਾਂ ਦੀ ਗਿਣਤੀ ਦੇ ਵੇਰਵਿਆਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਚੋਣ ਦਫ਼ਤਰ ਅਤੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਦੇ ਦਫ਼ਤਰ ਵਿਚ ਮੁੱਢਲੀ ਵੋਟਰ ਸੂਚੀ ਉਪਲਬੱਧ ਹੈ ਜਿਥੇ ਕੋਈ ਵੀ ਵੋਟਰ ਆਪਣੀ ਵੋਟ ਬਾਰੇ ਲੋੜੀਂਦੀ ਜਾਣਕਾਰੀ ਹਾਸਲ ਕਰ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁੱਖ ਅਫ਼ਸਰ ਦੀ ਵੈਬਸਾਈਟ https://www.ceopunjab.gov.in ਜਾਂ ਜ਼ਿਲ੍ਹਾ ਚੋਣ ਦਫ਼ਤਰ ਦੀ ਸਾਈਟ Hoshiarpur.nic.in 'ਤੇ ਵੀ ਵੋਟਰ ਸੂਚੀ ਉਪਲਬੱਧ ਹੈ ਅਤੇ ਜੇਕਰ ਕਿਸੇ ਵੀ ਵੋਟਰ /ਵਿਅਕਤੀ ਨੇ ਆਪਣੀ ਵੋਟ ਦੇਖਣੀ ਹੋਵੇ ਤਾਂ ਉਹ ਚੋਣਕਾਰ ਰਜਿਸਟ੍ਰੇਸ਼ਨ ਦੇ ਅਫ਼ਸਰਾਂ ਦੇ ਦਫ਼ਤਰਾਂ ਜਾਂ ਆਨਲਾਈਨ ਢੰਗ ਨਾਲ ਦੇਖ ਸਕਦਾ ਹੈ।

ਉਨ੍ਹਾਂ ਦੱਸਿਆ ਕਿ 11 ਦਸੰਬਰ ਤੱਕ ਵੋਟਰ ਸੂਚੀ ਨੂੰ ਲੈ ਕੇ ਦਾਅਵੇ ਅਤੇ ਇਤਰਾਜ ਦਿੱਤੇ ਜਾ ਸਕਦੇ ਹਨ ਅਤੇ ਜੇਕਰ ਕੋਈ ਵੀ ਵਿਅਕਤੀ ਜਿਸ ਦੀ ਉਮਰ 1-1-2027 ਨੂੰ 18 ਸਾਲ ਜਾਂ ਇਸ ਤੋਂ ਵੱਧ ਹੋਵੇ ਤੇ ਉਹ ਵੋਟ ਬਣਾਉਣ ਤੋਂ ਰਹਿ ਗਿਆ ਹੋਵੇ ਉਹ ਆਪਣਾ ਫਾਰਮ ਨੰਬਰ-6 ਸਮੇਤ ਦਸਤਾਵੇਜ਼ਾਂ ਭਰ ਕੇ ਸਬੰਧਤ ਬੀ.ਐਲ.ਓਜ਼ /ਏ.ਆਰ.ਓਜ਼ ਦਫ਼ਤਰ ਵਿਚ ਜਾਂ ਆਨਲਾਈਨ ਢੰਗ ਨਾਲ ਅਪਲਾਈ ਕਰ ਸਕਦਾ ਹੈ। ਉਨ੍ਹਾਂ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਬੂਥ ਲੈਵਲ ਏਜੰਟਾਂ ਨਾਲ ਰਾਬਤਾ ਕਰਕੇ ਵੋਟਰ ਸੂਚੀ ਦੀ ਵਿਸ਼ੇਸ਼ ਸਰਸਰੀ ਸੁਧਾਈ (ਐਸ.ਐਸ.ਆਰ) ਬਾਰੇ ਪੂਰਨ ਸਹਿਯੋਗ ਕਰਨ ਤਾਂ ਜੋ ਕੋਈ ਵੀ ਯੋਗ ਵਿਅਕਤੀ ਵੋਟ ਬਣਾਉਣ ਤੋਂ ਵਾਂਝਾ ਨਾ ਰਹਿ ਸਕੇ।

ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਮੁੱਢਲੀ ਵੋਟਰ ਸੂਚੀ ਦੀਆਂ ਕਾਪੀਆਂ ਸੌਂਪੀਆਂ

ਪੈਗ਼ਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਤਹਿਤ ਅੱਜ ਸਮੂਹ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਵੱਲੋਂ ਵੋਟਰ ਸੂਚੀ ਦਾ ਮੁੱਢਲਾ ਪ੍ਰਕਾਸ਼ਨ ਕਰਵਾਇਆ ਗਿਆ। ਹਰੇਕ ਵਿਧਾਨ ਸਭਾ ਹਲਕੇ ਅਨੁਸਾਰ ਤਿਆਰ ਕੀਤੀਆਂ ਵੋਟਰ ਸੂਚੀਆਂ ਦਾ ਇੱਕ-ਇੱਕ ਸੈੱਟ ਅਤੇ ਬਿਨਾਂ ਫੋਟੋ ਵਾਲੀ ਵੋਟਰ ਸੂਚੀ ਦੀ ਸੀਡੀ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸੌਂਪੀ ਗਈ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਆਸ਼ਿਕਾ ਜੈਨ ਨੇ ਦੱਸਿਆ ਕਿ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਦੇ ਸ਼ਡਿਊਲ ਸਬੰਧੀ ਜ਼ਰੂਰੀ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਅੱਜ ਵੋਟਰ ਸੂਚੀ

- **11 ਦਸੰਬਰ ਤੱਕ ਦਾਅਵੇ ਅਤੇ ਇਤਰਾਜ਼ ਜਮ੍ਹਾਂ ਕਰਵਾਏ ਜਾ ਸਕਣਗੇ, 28 ਦਸੰਬਰ ਤੱਕ ਹੋਵੇਗਾ ਨਿਪਟਾਰਾ**

ਦੇ ਡਰਾਫਟ ਪ੍ਰਕਾਸ਼ਨ ਤੋਂ ਬਾਅਦ 11 ਦਸੰਬਰ 2026 ਤੱਕ ਇਸ ਸਬੰਧੀ ਦਾਅਵੇ ਅਤੇ ਇਤਰਾਜ਼ ਜਮ੍ਹਾਂ ਕਰਵਾਏ ਜਾ ਸਕਣਗੇ। ਇਨ੍ਹਾਂ ਦਾ ਨਿਪਟਾਰਾ 28 ਦਸੰਬਰ 2026 ਤੱਕ ਕੀਤਾ ਜਾਵੇਗਾ ਅਤੇ 4 ਜਨਵਰੀ 2027 ਨੂੰ ਵੋਟਰ ਸੂਚੀ ਦਾ ਅੰਤਿਮ ਪ੍ਰਕਾਸ਼ਨ ਹੋਵੇਗਾ। ਉਨ੍ਹਾਂ ਦੱਸਿਆ ਕਿ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀ ਦੇ ਮੁੱਢਲੇ ਪ੍ਰਕਾਸ਼ਨ, ਨਵੇਂ ਬਣਾਏ ਗਏ ਪੋਲਿੰਗ ਬੂਥਾਂ ਅਤੇ ਵੋਟਰਾਂ ਦੀ ਗਿਣਤੀ ਦੇ ਵੇਰਵਿਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਮੁੱਢਲੀ ਵੋਟਰ ਸੂਚੀ ਜ਼ਿਲ੍ਹਾ ਚੋਣ ਦਫ਼ਤਰ ਅਤੇ ਸਬੰਧਤ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਦੇ ਦਫ਼ਤਰਾਂ ਵਿੱਚ ਉਪਲਬਧ ਹੈ, ਜਿੱਥੇ



ਕੋਈ ਵੀ ਵੋਟਰ ਆਪਣੀ ਵੋਟ ਸਬੰਧੀ ਲੋੜੀਂਦੀ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦੀ ਵੈੱਬਸਾਈਟ https://www.ceopunjab.gov.in ਅਤੇ ਜ਼ਿਲ੍ਹਾ ਚੋਣ ਦਫ਼ਤਰ ਦੀ ਵੈੱਬਸਾਈਟ Hoshiarpur.nic.in 'ਤੇ ਵੀ ਉਪਲਬਧ ਹੈ। ਕੋਈ ਵੀ ਵੋਟਰ ਜਾਂ ਵਿਅਕਤੀ ਆਪਣਾ ਨਾਮ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਦੇ ਦਫ਼ਤਰਾਂ ਵਿੱਚ ਜਾ ਕੇ ਜਾਂ ਆਨਲਾਈਨ ਮਾਧਿਅਮ ਰਾਹੀਂ ਦੇਖ ਸਕਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਵੋਟਰ ਸੂਚੀ ਸਬੰਧੀ 11 ਦਸੰਬਰ ਤੱਕ ਦਾਅਵੇ ਅਤੇ ਇਤਰਾਜ਼ ਦਿੱਤੇ ਜਾ ਸਕਦੇ ਹਨ। ਜੇਕਰ ਕੋਈ ਵਿਅਕਤੀ 1 ਜਨਵਰੀ 2027 ਨੂੰ 18 ਸਾਲ ਜਾਂ ਇਸ ਤੋਂ ਵੱਧ ਉਮਰ ਦਾ ਹੋਵੇ ਅਤੇ ਉਸ ਦੀ ਵੋਟ ਹਾਲੇ ਤੱਕ ਨਾ ਬਣੀ ਹੋਵੇ, ਤਾਂ ਉਹ ਲੋੜੀਂਦੇ ਦਸਤਾਵੇਜ਼ਾਂ ਸਮੇਤ ਫਾਰਮ ਨੰਬਰ 6 ਭਰ ਕੇ ਸਬੰਧਤ ਬੀ.ਐੱਲ.ਓ./ ਏ.ਆਰ.ਓ. ਦਫ਼ਤਰ ਵਿੱਚ ਜਾਂ ਆਨਲਾਈਨ ਅਪਲਾਈ ਕਰ ਸਕਦਾ ਹੈ। ਉਨ੍ਹਾਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੂਥ ਲੈਵਲ ਏਜੰਟਾਂ ਨਾਲ ਤਾਲਮੇਲ ਕਰਕੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ (ਐੱਸ.ਐੱਸ.ਆਰ.) ਵਿੱਚ ਪੂਰਾ ਸਹਿਯੋਗ ਦੇਣ, ਤਾਂ ਜੋ ਕੋਈ ਵੀ ਯੋਗ ਵਿਅਕਤੀ ਵੋਟ ਬਣਾਉਣ ਤੋਂ ਵਾਂਝਾ ਨਾ ਰਹਿ ਜਾਵੇ।

ਡੀ.ਆਈ.ਜੀ. ਜਲੰਧਰ ਰੇਂਜ ਵਲੋਂ ਆਗਾਮੀ ਚੋਣਾਂ ਦੇ ਮੱਦੇਨਜ਼ਰ ਚੌਕਸੀ ਅਤੇ ਸੁਰੱਖਿਆ ਵਧਾਉਣ ਦੇ ਨਿਰਦੇਸ਼

ਪੈਗ਼ਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਆਗਾਮੀ ਵਿਧਾਨ ਸਭਾ ਚੋਣਾਂ ਅਤੇ ਸੁਰੱਖਿਆ ਪ੍ਰਬੰਧਾਂ ਦੇ ਮੱਦੇਨਜ਼ਰ ਜਲੰਧਰ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀ.ਆਈ.ਜੀ.) ਨਵੀਨ ਸਿੰਗਲਾ ਨੇ ਅੱਜ ਇਥੇ ਰੇਂਜ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ

- **ਰੇਂਜ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਹਿਮਾਚਲ ਪ੍ਰਦੇਸ਼ ਦੇ ਹੁਸ਼ਿਆਰਪੁਰ ਦੇ ਨਾਲ ਲੱਗਦੇ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀਆਂ ਨਾਲ ਕੀਤੀ ਮੀਟਿੰਗ**

ਹਿਮਾਚਲ ਪ੍ਰਦੇਸ਼ ਦੇ ਹੁਸ਼ਿਆਰਪੁਰ ਨਾਲ ਲੱਗਦੇ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਆਉਂਦੇ ਦਿਨਾਂ ਵਿਚ ਚੌਕਸੀ ਅਤੇ ਸੁਰੱਖਿਆਂ ਨੂੰ ਹੋਰ ਵਧਾਉਣ ਦੇ ਨਿਰਦੇਸ਼ ਦਿੱਤੇ।

ਸਥਾਨਕ ਪੁਲਿਸ ਲਾਈਨ ਵਿਖੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਿਆਂ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਰੇਂਜ ਦੇ ਅਧਿਕਾਰੀਆਂ ਨਾਲ ਤਾਲਮੇਲ ਮੀਟਿੰਗ ਦੌਰਾਨ ਡੀ.ਆਈ.ਜੀ. ਨਵੀਨ ਸਿੰਗਲਾ ਨੇ ਦੋਵਾਂ ਰਾਜਾਂ ਦੇ ਸਰਹੱਦੀ ਜ਼ਿਲ੍ਹਿਆਂ ਵਿਚ ਸੁਰੱਖਿਆ ਪ੍ਰਬੰਧ ਹੋਰ ਪੁਖਤਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇੰਟਰ ਸਟੇਟ ਨਾਕਿਆਂ 'ਤੇ ਪਹਿਲਾਂ ਨਾਲੋਂ ਚੌਕਸੀ ਅਤੇ ਨਫ਼ਰੀ ਨੂੰ ਹੋਰ ਵਧਾਇਆ ਜਾਵ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਸਰਗਰਮੀ 'ਤੇ ਨਜ਼ਰ ਰੱਖੀ ਜਾ ਸਕੇ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਦੇ ਹੁਸ਼ਿਆਰਪੁਰ ਨਾਲ ਲੱਗਦੇ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀਆਂ ਦਾ ਹੁਸ਼ਿਆਰਪੁਰ ਪੁਲਿਸ ਨਾਲ ਲਗਾਤਾਰ ਤਾਲਮੇਲ ਹੋਣਾ ਚਾਹੀਦਾ ਹੈ ਜਿਸ ਨਾਲ ਤੁਰੰਤ ਅਤੇ ਸਮੇਂ ਸਿਰ ਅਹਿਮ ਜਾਣਕਾਰੀਆਂ ਸਾਂਝੀਆਂ ਕੀਤੀਆਂ ਜਾ ਸਕਣ।

ਡੀ.ਆਈ.ਜੀ. ਨਵੀਨ ਸਿੰਗਲਾ ਨੇ ਪੁਲਿਸ ਅਧਿਕਾਰੀਆਂ ਨੂੰ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਨਾਲ ਲੱਗਦੇ ਇੰਟਰ ਸਟੇਟ ਨਾਕਿਆਂ ਦੀ ਰੈਗੂਲਰ ਚੈਕਿੰਗ ਕਰਕੇ ਲੋੜੀਂਦੇ ਸੁਰੱਖਿਆ ਇਤਜ਼ਾਮ ਅਮਲ ਵਿਚ ਲਿਆਉਣ ਦੀ ਵੀ ਹਦਾਇਤ ਕੀਤੀ ਅਤੇ ਇਨ੍ਹਾਂ ਨਾਕਿਆਂ 'ਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਸੁਚਾਰੂ ਵਿਵਸਥਾ ਦੇ ਨਿਰਦੇਸ਼ ਦਿੱਤੇ ਜਿਸ ਨਾਲ ਕਿਸੇ ਵੀ ਤਰ੍ਹਾਂ ਦੀ ਸਰਗਰਮੀ 'ਤੇ ਪੈਨੀ ਨਜ਼ਰ ਰੱਖੀ ਜਾ ਸਕਦੀ ਹੈ।

ਦੋਵਾਂ ਸੂਬਿਆਂ ਵਿਚ ਆਵਾਜਾਈ ਦੌਰਾਨ ਸਮੇਂ-ਸਮੇਂ ਸਿਰ ਚੈਕਿੰਗ ਦੀ ਲੋੜ 'ਤੇ ਜ਼ੋਰ ਦਿੰਦਿਆਂ ਡੀ.ਆਈ.ਜੀ. ਨਵੀਨ ਸਿੰਗਲਾ ਨੇ ਦੋਵਾਂ ਪਾਸਿਆਂ ਦੇ ਪੁਲਿਸ ਅਧਿਕਾਰੀਆਂ ਨੂੰ ਨਾਕਿਆਂ ਦਾ ਸਾਂਝੇ ਤੌਰ 'ਤੇ ਦੌਰਾ ਕਰਨ ਅਤੇ ਆਉਣ ਵਾਲੇ ਸਮੇਂ ਵਿਚ ਸੁਰੱਖਿਆ ਸਬੰਧੀ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ ਲਈ ਵੀ ਕਿਹਾ। ਉਨ੍ਹਾਂ ਨੇ ਗੁਆਂਢੀ ਸੂਬੇ ਦੇ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀਆਂ ਨੂੰ ਆਗਾਮੀ ਚੋਣਾਂ ਦੇ ਮੱਦੇਨਜ਼ਰ ਲਗਾਤਾਰ ਸੰਪਰਕ ਵਿਚ ਰਹਿਣ ਦੀ ਤਾਕੀਦ ਕੀਤੀ ਤਾਂ ਜੋ ਗੈਰ ਸਮਾਜੀ ਸਰਗਰਮੀਆਂ ਵਿਚ ਸ਼ਾਮਲ ਅਨਸਰਾਂ ਖਿਲਾਫ਼ ਸਮੇਂ ਸਿਰ ਠੋਸ ਕਾਰਵਾਈ ਕੀਤੀ ਜਾ ਸਕੇ।

ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ, ਕਪੂਰਥਲਾ ਦੇ ਐਸ.ਐਸ.ਪੀ. ਗੌਰਵ ਤੂਰਾ, ਜਲੰਧਰ ਦਿਹਾਤੀ ਦੇ ਐਸ.ਐਸ.ਪੀ. ਹਰਵਿੰਦਰ ਸਿੰਘ ਵਿਰਕ, ਗੁਆਂਢੀ ਸੂਬੇ ਦੇ ਸਰਹੱਦੀ ਜ਼ਿਲ੍ਹਿਆਂ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਤੋਂ ਇਲਾਵਾ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਡੀ.ਸੀ ਗੁਲਪ੍ਰੀਤ ਸਿੰਘ ਔਲਖ ਨੇ ਅਧਿਕਾਰੀਆਂ ਨੂੰ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਸਖ਼ਤ ਕਦਮ ਚੁੱਕਣ ਅਤੇ ਨਿਗਰਾਨੀ ਵਧਾਉਣ ਦੇ ਦਿੱਤੇ ਨਿਰਦੇਸ਼

ਪੈਗ਼ਾਮ-ਏ-ਜਗਤ
ਨਵਾਂਸ਼ਹਿਰ, 12 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)

ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਸ੍ਰੀ ਗੁਲਪ੍ਰੀਤ ਸਿੰਘ ਔਲਖ ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਮਿਨਰਲ ਫਾਊਂਡੇਸ਼ਨ (ਡੀ.ਐਮ.ਐਫ.) ਦੀ ਮੀਟਿੰਗ ਹੋਈ, ਜਿਸ ਦੌਰਾਨ ਜ਼ਿਲ੍ਹੇ ਵਿੱਚ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਕੀਤੇ ਜਾ ਰਹੇ ਉਪਰਾਲਿਆਂ, ਮਾਈਨਿੰਗ ਸਾਈਟਾਂ ਦੀ ਵਾਤਾਵਰਣ ਨਿਗਰਾਨੀ ਅਤੇ ਵੱਖ-ਵੱਖ ਵਿਕਾਸ ਕਾਰਜਾਂ ਲਈ ਡੀ.ਐਮ.ਐਫ. ਫੰਡ ਦੀ ਵਰਤੋਂ ਸਬੰਧੀ ਏਜੰਡੇ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

- **ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਮਿਨਰਲ ਫਾਊਂਡੇਸ਼ਨ ਦੀ ਮੀਟਿੰਗ ਦੌਰਾਨ ਵੱਖ-ਵੱਖ ਪ੍ਰਸਤਾਵਾਂ ਨੂੰ ਪ੍ਰਵਾਨਗੀ ਲਈ ਵਿਚਾਰਿਆ ਗਿਆ**



ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਗੈਰ-ਕਾਨੂੰਨੀ ਮਾਈਨਿੰਗ ਦੀ ਰੋਕਥਾਮ ਲਈ ਵਿਭਾਗੀ ਅਧਿਕਾਰੀਆਂ ਨੂੰ ਨਿਯਮਤ ਚੈਕਿੰਗ ਅਤੇ ਸਖ਼ਤ ਨਿਗਰਾਨੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਐਫ.ਆਈ.ਆਰ. ਦਰਜ ਕਰਨ ਦੇ ਨਾਲ-ਨਾਲ ਓਵਰਲੋਡ ਅਤੇ ਨਾਜਾਇਜ਼ ਮਾਈਨਿੰਗ ਵਿੱਚ ਸ਼ਾਮਲ ਵਾਹਨਾਂ ਦੇ ਸੈਕਸ਼ਨ 74-75 ਤਹਿਤ ਚਲਾਨ ਕੀਤੇ ਜਾ ਰਹੇ ਹਨ। ਇਸ ਕਾਰਵਾਈ ਤਹਿਤ 1 ਅਪ੍ਰੈਲ ਤੋਂ 31 ਅਕਤੂਬਰ 2026 ਤੱਕ 21,23,591 ਰੁਪਏ ਦੇ ਚਲਾਨ ਕੀਤੇ ਗਏ ਹਨ।

ਅਧਿਕਾਰੀਆਂ ਨੇ ਦੱਸਿਆ ਕਿ 30 ਸਤੰਬਰ 2026 ਤੱਕ ਡੀ.ਐਮ.ਐਫ. ਖਾਤੇ ਵਿੱਚ 1 ਕਰੋੜ 46 ਲੱਖ 23 ਹਜ਼ਾਰ 734 ਰੁਪਏ 74 ਪੈਸੇ ਦੀ ਰਾਸ਼ੀ ਮੌਜੂਦ ਹੈ। ਇਸ ਦੇ ਨਾਲ ਹੀ ਮੁੱਖ ਮੰਤਰੀ ਖੇਡ ਮੈਦਾਨ ਸਕੀਮ ਤਹਿਤ ਜ਼ਿਲ੍ਹੇ ਵਿੱਚ ਬਣਨ ਵਾਲੇ ਖੇਡ ਸਟੇਡੀਅਮ ਲਈ 40 ਲੱਖ ਰੁਪਏ ਪੇਂਡੂ ਵਿਕਾਸ ਅਤੇ ਪੰਚਾਇਤ ਰਾਜ ਅਧਿਕਾਰੀ, ਨਵਾਂ ਸ਼ਹਿਰ ਨੂੰ ਜਾਰੀ ਕਰਨ ਸਬੰਧੀ ਪ੍ਰਸਤਾਵ ਵੀ ਮੀਟਿੰਗ ਵਿੱਚ ਰੱਖਿਆ ਗਿਆ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮਾਈਨਿੰਗ ਗਤੀਵਿਧੀਆਂ ਨੂੰ ਨਿਯਮਾਂ ਅਨੁਸਾਰ ਚਲਾਉਣ, ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਡੀ.ਐਮ.ਐਫ. ਫੰਡ ਦੀ ਪਾਰਦਰਸ਼ੀ ਤੇ ਲੋਕ-ਹਿੱਤ ਵਿੱਚ ਵਰਤੋਂ ਨੂੰ ਯਕੀਨੀ ਬਣਾਇਆ ਜਾਵੇ।

ਸਿੱਖਿਆ ਬੋਰਡ ਯੂਨੀਅਨ ਚੋਣਾਂ

ਤਿੰਨਾਂ ਗਰੁੱਪਾਂ ਵੱਲੋਂ ਜਿੱਤ ਦੇ ਦਾਅਵੇ, ਪਹਿਲੀ ਵਾਰ ਏ.ਆਈ. ਤਕਨੀਕ ਨਾਲ ਚੋਣ ਪ੍ਰਚਾਰ ਨੇ ਖਿੱਚਿਆ ਧਿਆਨ

ਮੋਹਾਲੀ 12 ਨਵੰਬਰ
(ਪੈਗ਼ਾਮ-ਏ-ਜਗਤ)



ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀਆਂ ਸਾਲ 2026 -2027 ਲਈ ਚੋਣਾਂ ਲਈ ਮੁਲਾਜਮਾਂ ਦੇ ਤਿੰਨੇ ਗਰੁਪਾਂ ਵੱਲੋਂ ਪੂਰੀ ਝੋਕ ਦਿਤੀ ਗਈ ਹੈ। ਇਸ ਵਾਰ ਜਿਥੇ ਪਿਛਲੇ 10 ਸਾਲਾਂ ਤੋਂ ਬੰਦੀ ਕੀਤੀ ਗਈ ਦੋ ਰੋਜਾ ਸਾਂਝੀ ਸਟੇਜ ਮੁੜ ਤੋਂ ਸੁਰੂ ਕੀਤੀ ਗਈ। ਜਿਥੇ ਤਿੰਨੇ ਗਰੁੱਪਾਂ ਨੇ ਵਾਰੋ ਵਾਰੀ ਬੋਲਣ ਦਾ ਸਮਾਂ ਦਿਤਾ ਗਿਆ। ਤਿਨੇ ਗਰੁਪਾਂ ਵੱਲੋਂ ਚੋਣਾ ਜਿਤਣ ਦਾ ਦਾਅਵਾ ਪੇਸ ਕੀਤਾ ਗਿਆ। ਇਸ ਵਾਰ ਪ੍ਰਚਾਰ ਲਈ ਸੋਸਲ ਮੀਡੀਆ ਨੇ ਬਹੁਤ ਮਹੱਤਵ ਪੂਰਨ ਰੋਲ ਨਿਭਾਇਆ ਗਿਆ। ਤਿਨੇ ਗਰੁੱਪਾਂ ਵੱਲੋਂ ਏ ਆਈ ਤਕਨੀਕ ਰਾਹੀਂ ਅਪਣੇ ਗਰੁੱਪ ਦਾ ਪ੍ਰਚਾਰ ਕੀਤਾ ਗਿਆ।

ਇਸ ਮੌਕੇ ਸਰਬ ਸਾਂਝਾ ਰਾਣੂ ਗੁੱਰਪ (ਨੀਲਾ ਰੰਗ) ਦੇ ਪ੍ਰਧਾਨਗੀ ਦੀ ਉਮੀਦਵਾਰ ਬੀਬੀ ਰਮਨਦੀਪ ਕੌਰ ਗਿੱਲ ਅਤੇ ਜਨਰਲ ਸਕੱਤਰ ਦੇ ਉਮੀਦਵਾਰ ਸੁਖਚੈਨ ਸਿੰਘ ਸੈਣੀ ਵੱਲੋਂ 2024-25 ਵੱਲੋਂ ਅਪਣੇ ਗਰੁੱਪ ਦੀਆਂ ਪ੍ਰਾਪਤੀਆਂ ਦਾ ਬਾਖੂਬੀ ਪ੍ਰਭਾਵਸ਼ਾਲੀ ਤਰੀਕੇ ਨਾਲ ਵਿਖਿਆ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਆਉਣ ਵਾਲੇ ਸਾਲਾਂ ਲਈ ਅਪਣਾ ਏਜੰਡਾ ਵੀ ਪੇਸ਼ ਕੀਤਾ ਗਿਆ।

ਬੀਬਾ ਰਮਨਦੀਪ ਕੌਰ ਗਿੱਲ ਦੀ ਪ੍ਰਭਾਵਸ਼ਾਲੀ ਤਕਰੀਰ ਨੇ ਸਾਰੇ ਸਰੋਤਿਆਂ ਦਾ ਮਨ ਮੋਹ ਲਿਆ। ਉਨ੍ਹਾਂ ਦੋਸ਼ ਲਾਈਆ ਕਿ ਲਾਲ ਗਰੁੱਪ ਵਾਲੇ ਆਗੂ ਜੇਤੂ ਹੋਣ ਦੇ ਬਾਵਜੂਦ ਮੁਲਾਜਮਾਂ ਮੁਲਾਜਮਾਂ ਲਈ ਕੋਈ ਰਿਆਤ ਨਹੀ ਲੈਕੇ । ਮਾਣਯੋਗ ਕੋਰਟਾਂ ਵਿੱਚ ਲੰਬੀ ਲੜਾਈ ਨਾਲ ਵਾਲੇ ਸਾਥੀਆਂ ਵੱਲਾਂ ਕੀਤੀਆਂ ਪ੍ਰਾਪਤੀਆਂ ਨੂੰ ਅਪਣੀ ਪ੍ਰਾਪਤੀਆਂ ਵਿੱਚ ਗਿਣ ਰਹੇ ਜਦੋਂ ਕਿ ਇਹ ਕੋਰਟਾਂ ਵਿੱਚ ਲੰਬੀ ਲੜਾਈ ਲੜਨ ਵਾਲੇ ਸਾਥੀਆਂ ਦੀ ਲਗਨ ਅਤੇ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਸੋਢੀ ਅਤੇ ਖੰਗੁੜਾ ਗਰੁੱਪ ਦੇ ਆਗੂ ਗੁਰਇਕਬਾਲ ਸਿੰਘ ਸੋਢੀ, ਹਰਦੀਪ ਸਿੰਘ ਗਿੱਲ, ਸਾਬਕਾ ਪ੍ਰਧਾਨ ਅਤੇ ਸੀਨੀਅਰ ਮੀਤ ਪ੍ਰਧਾਨਗੀ ਦੇ ਉਮੀਦਵਾਰ ਪਰਵਿੰਦਰ ਸਿੰਘ ਖੰਗੁੜਾ ਨੇ ਕਿਹਾ ਕਿ 70 ਫੀ ਸਦੀ ਮੁਲਾਜਮ ਅਤੇ ਉਨ੍ਹਾਂ ਦੀ ਟੀਮ ਚਟਾਨ ਵਾਂਗ ਉਨ੍ਹਾਂ ਨਾਲ ਖੜੀ ਹੈ ਤੇ ਉਨ੍ਹਾਂ ਵੱਲੋਂ ਸਾਨਦਾਰ ਜਿੱਤ ਪ੍ਰਾਪਤ ਕੀਤੀ ਜਾਵੇਗੀ ।ਉਨ੍ਹਾਂ ਦੋਸ ਲਾਇਆ ਗਿ ਲਾਲ ਗਰੁੱਪ ਦੇ ਆਗੂਆਂ ਵੱਲੋਂ ਉਨ੍ਹਾਂ ਨਾਲ ਕੀਤੇ ਧਕੇ ਅਤੇ ਉਨ੍ਹਾਂ ਦੀ ਬਦਲੀ ਸਬੰਧੀ ਕਦੇ ਵੀ ਹਾਂ ਦਾ ਨਾਹਰਾ ਨਹੀਂ ਮਾਰਿਆ ਬਲਕੇ ਦੇਵੇ ਸਾਥੀ ਆਪ ਹੁਦਰਾ ਪਣ ਕਰਦੇ ਰਹੇ। ਉਨਾਂ ਦੋਸ਼ ਲਾਇਆ ਕਿ ਜਦੋਂ ਸਾਰੇ ਗਰੁੱਪ ਅਪਣਾ ਅਪਣਾ ਪ੍ਰਚਾਰ ਕਰ ਰਹੇ ਹਨ ਉਨ੍ਹਾਂ ਨੂੰ ਪ੍ਰਚਾਰ ਕਰਨ ਦੀ ਆਗਿਆ ਨਹੀਂ ਦਿਤੀ ਗਈ। ਉਨ੍ਹਾਂ ਵੱਲੋਂ ਦਫਤਰ ਪਾਸੋਂ ਪ੍ਰਚਾਰ ਲਈ ਤਿੰਨ ਦਿਨਾਂ ਦੀ ਛੁੱਟੀ ਮੰਗੀ ਗਈ ਸੀ ਪਰ ਉਨ੍ਹਾਂ ਨੂੰ ਕੇਵਲ ਇਕ ਦਿਨ ਦਿਨ ਦੀ ਹੀ ਛੁਟੀ ਦਿਤੀ ਗਈ ਸੀ। ਉਨ੍ਹਾਂ ਅਪਣੇ ਗਰੁੱਪ ਦੀ 100 ਫੀ ਜਿੱਤ ਦਾ ਦਾਅਵੀ ਕੀਤਾ ਗਿਆ। ਮੁਲਾਜਮ ਭਲਾਈ ਗਰੁੱਪ (ਲਾਲ ਰੰਗ) ਦੇ ਪ੍ਰਧਾਨਗੀ ਦੇ ਉਮੀਦਵਾਰ ਗੁਰਚਰਨ ਸਿੰਘ ਤਰਮਾਲਾ, ਜਨਜਰਲ ਸਕੱਤਰ ਈ ਉਮੀਦਵਾਰ ਪਰਮਜੀਤ ਸਿੰਘ ਬੈਨੀਪਾਲ ਵੱਲੋਂ ਦਾਅਵਾ ਕੀਤਾ ਗਿਆ ਕਿ ਉਨ੍ਹਾਂ ਵੱਲੋਂ ਅਪਣੇ ਕਾਰਜਕਾਲ ਦੌਰਾਨ, ਦਿਹਾੜੀਦਾਰ ਮੁਲਾਜਮਾਂ ਨੂੰ ਨਾ ਕੱਢਣ ਦੀ ਪਾਲਸੀ ਤਿਆਰ ਕਰਵਾਕੇ ਲਾਗੂ ਕਰਵਾਈ ਗਈ ਉਥੇ ਨਾਲ ਹੀ ਮਾਣਯੋਗ ਹਾਈ ਕੋਰਟ ਅਤੇ ਮਾਣਯੋਗ ਸੁਪਰੀਮ ਕੋਰਟ ਵੱਲੋਂ 2004 ਤੋਂ ਪਹਿਲਾਂ ਭਰਤੀ ਕੀਏ ਗਏ ਮੁਲਾਜਮਾਂ ਨੂੰ ਪੁਰਾਣੀ ਪੈਨਸਨ ਲਾਗੂ ਕਰਵਾਉਣ ਵਿੱਚ ਅਪਣਾ ਬਣਦਾ ਯੋਗਦਾਨ ਵੀ ਪਾਇਆ। ਉਨ੍ਹਾਂ ਸਾਬਕਾ ਪ੍ਰਧਾਨ ਪਰਵਿੰਦਰ ਸਿੰਘ ਖੰਗੁੜਾ ਵੱਲੋਂ ਉਨ੍ਹਾਂ ਦੀ ਸੁਣਵਾਈ ਨਾ ਕਰਨ ਅਤੇ ਆਪ ਹੁਦਰਾ ਚੱਲਣ ਦੇ ਦੋਸ਼ਾਂ ਨੂੰ ਖਾਰਜ ਕਰਦਿਆਂ ਕਿਹਾ ਕਿ ਸ੍ਰੀ ਖੰਗੁੜਾ ਨੇ ਕਦੇ ਵੀ ਉਨ੍ਹਾਂ ਨਾਲ ਕੋਈ ਮੀਟਿੰਗ ਨਹੀਂ ਕੀਤੀ ਅਤੇ ਨਾ ਹੀ ਕਦੇ ਉਨ੍ਹਾਂ ਨੂੰ ਕੋਈ ਅਵਗਾਈ ਦਿਤੀ ਗਈ । ਉਹ ਹਰ ਸਨਿਚਰਵਾਰ ਅਤੇ ਐਤਵਾਰ ਅਪਣੇ ਘਰ ਆਉਂਦੇ ਸਨ ਪਰ ਕਦੇ ਵੀ ਉਨ੍ਹਾਂ ਨਾਲ ਕੋਈ ਮੀਟਿੰਗ ਆਦਿ ਨਹੀ ਕੀਤੀ ਗਈ। ਉਨ੍ਹਾਂ ਦਾਅਵਾ ਕੀਤਾ ਕਿ ਕੀਤਾ ਕਿ ਮਲਾਜਮ ਭਲਾਈ ਗਰੁੱਪ ਅਪਣੇ ਕੰਮਾਂ ਦੇ ਅਧਾਰ ਤੇ ਜਿੱਤ ਪ੍ਰਾਪਤ ਕਰੇਗਾ।

ਵਿਸ਼ਵ ਬੈਂਕ ਨੇ ਵੀ ਮੋਦੀ ਸਰਕਾਰ ਦੇ ਗਰੀਬੀ ਦੂਰ ਕਰਨ ਅਤੇ ਬੇਰੁਜ਼ਗਾਰੀ ਘਟਾਉਣ ਦੇ ਯਤਨਾਂ ਦੀ ਕੀਤੀ ਸ਼ਲਾਘਾ: ਤੀਕਸ਼ਣ ਸੂਦ

ਪੈਗ਼ਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸਾਬਕਾ ਕੈਬਨਿਟ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਤੀਕਸ਼ਣ ਸੂਦ ਨੇ ਕਿਹਾ ਕਿ ਮੋਦੀ ਸਰਕਾਰ ਦੇ ਬਹੁਪੱਖੀ ਯਤਨਾਂ ਸਦਕਾ ਭਾਰਤ ਵਿੱਚ ਇੱਕ ਪਾਸੇ ਗਰੀਬੀ ਵਿੱਚ ਤੇਜ਼ੀ ਨਾਲ ਕਮੀ ਦਰਜ ਕੀਤੀ ਗਈ ਹੈ, ਉੱਥੇ ਹੀ ਬੇਰੁਜ਼ਗਾਰੀ ਦੀ ਦਰ ਵੀ ਘਟੀ ਹੈ। ਉਨ੍ਹਾਂ ਕਿਹਾ ਕਿ ਬਿਜ਼ਨਸ ਸਟੈਂਡਰਡ ਵਿੱਚ ਵਿਸ਼ਵ ਬੈਂਕ ਦੇ ਹਵਾਲੇ ਨਾਲ ਪ੍ਰਕਾਸ਼ਿਤ ਇੱਕ ਰਿਪੋਰਟ ਵਿੱਚ ਮੋਦੀ ਸਰਕਾਰ ਦੇ ਕਾਰਜਕਾਲ ਦੌਰਾਨ ਭਾਰਤ ਵਿੱਚ ਘਟ ਰਹੀ ਗਰੀਬੀ ਅਤੇ ਬੇਰੁਜ਼ਗਾਰੀ ਦੇ ਅੰਕੜੇ ਪੇਸ਼ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੀਆਂ ਸਫਲ ਨੀਤੀਆਂ ਕਾਰਨ ਭਾਰਤ ਦੀ ਆਰਥਿਕ ਵਿਕਾਸ ਦਰ ਨੂੰ ਮਜ਼ਬੂਤੀ ਮਿਲੀ ਹੈ। ਇਸ ਦੇ ਨਾਲ ਹੀ ਖਪਤ, ਰੁਜ਼ਗਾਰ ਅਤੇ ਸਮਾਜਿਕ

- **ਕਿਹਾ: 50 ਕਰੋੜ ਲੋਕ ਗਰੀਬੀ ਰੇਖਾ ਤੋਂ ਬਾਹਰ ਆਏ**

ਸੁਰੱਖਿਆ ਵਿੱਚ ਵੀ ਵਾਧਾ ਹੋਇਆ ਹੈ, ਜਿਸ ਦੇ ਨਤੀਜੇ ਵਜੋਂ 50 ਕਰੋੜ ਲੋਕ ਗਰੀਬੀ ਰੇਖਾ ਤੋਂ ਬਾਹਰ ਆ ਚੁੱਕੇ ਹਨ।



ਉਨ੍ਹਾਂ ਕਿਹਾ ਕਿ ਸਾਲ 2011 ਵਿੱਚ ਅਤਿ ਦੀ ਗਰੀਬੀ ਦੀ ਦਰ 27.1 ਫ਼ੀਸਦੀ ਦਰਜ ਕੀਤੀ ਗਈ ਸੀ, ਜੋ 2023 ਵਿੱਚ ਘਟ ਕੇ ਸਿਰਫ਼ 2.6 ਫ਼ੀਸਦੀ ਰਹਿ ਗਈ। ਇਸੇ ਤਰ੍ਹਾਂ, ਸਾਲ 2014 ਤੋਂ 2024 ਦੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਦੇਸ਼ ਵਿੱਚ 17 ਕਰੋੜ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਹਨ, ਜੋ ਸਾਲਾਨਾ ਔਸਤਨ 1.7 ਕਰੋੜ ਰੁਜ਼ਗਾਰ ਬਣਦੇ ਹਨ। ਉਨ੍ਹਾਂ ਅਨੁਸਾਰ ਬੇਰੁਜ਼ਗਾਰੀ ਦੀ ਦਰ 2015 ਵਿੱਚ 7.6 ਫ਼ੀਸਦੀ ਦਰਜ ਕੀਤੀ ਗਈ ਸੀ, ਜੋ 2015 ਵਿੱਚ ਘਟ ਕੇ 4.2 ਫ਼ੀਸਦੀ ਰਹਿ ਗਈ।

ਸੂਦ ਨੇ ਕਿਹਾ ਕਿ ਇਨ੍ਹਾਂ ਅੰਕੜਿਆਂ 'ਤੇ ਨਜ਼ਰ ਮਾਰਨ ਤੋਂ ਪਤਾ ਲੱਗਦਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸਾਲ 2047 ਤੱਕ ਭਾਰਤ ਨੂੰ ਵਿਕਸਿਤ ਰਾਸ਼ਟਰ ਬਣਾਉਣ ਦਾ ਸੰਕਲਪ ਪੂਰਾ ਹੋਣ ਵੱਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਆਰਥਿਕ ਮੋਰਚੇ 'ਤੇ ਭਾਰਤ ਦੀ ਇਸ ਬੇਮਿਸਾਲ ਪ੍ਰਾਪਤੀ ਨੂੰ ਵਿਸ਼ਵ ਬੈਂਕ ਨੇ ਹੋਰ ਵਿਕਾਸਸ਼ੀਲ ਦੇਸ਼ਾਂ ਲਈ ਸਿੱਖਣਯੋਗ ਦੱਸਿਆ ਹੈ, ਜੋ ਭਾਰਤ ਵਾਸੀਆਂ ਲਈ ਬਹੁਤ ਮਾਣ ਵਾਲੀ ਗੱਲ ਹੈ।

ਪੀ.ਸੀ.ਐਸ. ਮੁੱਖ ਪ੍ਰੀਖਿਆ ਵਿੱਚ ਕਥਿਤ ਧਾਂਦਲੀ ਦੀ ਸੀ.ਬੀ.ਆਈ. ਜਾਂਚ ਹੋਵੇ: ਕਾਕੂ, ਭਾਰਤ ਭੂਸ਼ਣ

ਪੈਗ਼ਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਅੱਜ ਭਾਰਤੀ ਜਨਤਾ ਯੁਵਾ ਮੋਰਚਾ ਵੱਲੋਂ ਪੰਜਾਬ ਵਿੱਚ ਪੀਸੀਐਸ (ਪ੍ਰਾਂਤਿਕ ਸਿਵਲ ਸੇਵਾਵਾਂ) ਮੁੱਖ ਪ੍ਰੀਖਿਆ ਦੇ ਨਤੀਜਿਆਂ ਵਿੱਚ ਕਥਿਤ ਬੇਨਿਯਮੀਆਂ ਅਤੇ ਪਾਰਦਰਸ਼ਤਾ ਦੀ ਘਾਟ ਨੂੰ ਲੈ ਕੇ ਭਾਜਪਾ ਵਰਕਰਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ।

ਸੂਬਾ ਯੁਵਾ ਮੋਰਚਾ ਕਾਰਜਕਾਰਨੀ ਮੈਂਬਰ ਕਾਕੂ ਰਿਵਾੜੀ ਨੇ ਕਿਹਾ ਕਿ 4 ਨਵੰਬਰ 2026 ਨੂੰ ਪੰਜਾਬ ਲੋਕ ਸੇਵਾ ਕਮਿਸ਼ਨ (ਪੀਪੀਐਸਸੀ) ਵੱਲੋਂ 331 ਅਸਾਮੀਆਂ ਲਈ 751 ਉਮੀਦਵਾਰਾਂ ਦੀ ਇੰਟਰਵਿਊ ਸੂਚੀ ਜਾਰੀ ਕੀਤੇ ਜਾਣ ਤੋਂ ਬਾਅਦ ਸੂਬੇ ਭਰ ਦੇ ਪ੍ਰੀਖਿਆਰਥੀਆਂ ਵਿੱਚ ਭਾਰੀ ਰੋਸ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਦਾ ਦੋਸ਼ ਹੈ ਕਿ ਚੁਣੀ ਗਈ ਸੂਚੀ ਵਿੱਚ 86 ਅਜਿਹੇ ਉਮੀਦਵਾਰ ਹਨ, ਜਿਨ੍ਹਾਂ ਦੇ ਰੋਲ ਨੰਬਰ ਲਗਾਤਾਰ ਕ੍ਰਮ ਵਿੱਚ ਤਿੰਨ, ਚਾਰ ਅਤੇ ਛੇ ਦੇ ਸਮੂਹਾਂ ਵਿੱਚ ਹਨ। ਇਸ ਨਾਲ ਪ੍ਰੀਖਿਆ ਵਿੱਚ ਧਾਂਦਲੀ ਦਾ ਸ਼ੱਕ ਪੈਦਾ ਹੁੰਦਾ ਹੈ। ਉਮੀਦਵਾਰਾਂ

- **ਭਾਜਪਾ ਨੇ ਮੁੱਖ ਮੰਤਰੀ ਮਾਨ ਦਾ ਪੁਤਲਾ ਫੂਕਿਆ**

ਦਾ ਇਹ ਵੀ ਦਾਅਵਾ ਹੈ ਕਿ ਕੁਝ ਖਾਸ ਪ੍ਰੀਖਿਆ ਕੇਂਦਰਾਂ ਅਤੇ ਇੱਕੋ ਕਮਰੇ ਵਿੱਚੋਂ ਅਸਧਾਰਨ ਤੌਰ 'ਤੇ ਵੱਡੀ ਗਿਣਤੀ ਵਿੱਚ ਉਮੀਦਵਾਰ ਪਾਸ ਹੋਏ ਹਨ। ਦੱਸਿਆ ਗਿਆ ਹੈ ਕਿ ਇੱਕ ਕਮਰੇ ਵਿੱਚ ਬੈਠੇ 24 ਵਿੱਚੋਂ 10-11 ਵਿਦਿਆਰਥੀ ਪਾਸ ਹੋਏ ਹਨ। ਇਨ੍ਹਾਂ ਹਾਲਾਤ ਕਾਰਨ ਪ੍ਰੀਖਿਆ ਵਿੱਚ ਬੇਨਿਯਮੀਆਂ ਦਾ ਸ਼ੱਕ ਹੋਰ ਡੂੰਘਾ ਹੋ ਗਿਆ ਹੈ।

ਭਾਜਪਾ ਆਗੂ ਭਾਰਤ ਭੂਸ਼ਣ ਵਰਮਾ ਨੇ ਕਿਹਾ ਕਿ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ ਦਾ ਦਾਅਵਾ ਹੈ ਕਿ ਸੂਚੀ ਵਿੱਚ ਕੁਝ ਅਜਿਹੇ ਰੋਲ ਨੰਬਰ ਵੀ ਸ਼ਾਮਲ ਹਨ, ਜਿਨ੍ਹਾਂ ਦੇ ਉਮੀਦਵਾਰ ਮੁੱਖ ਪ੍ਰੀਖਿਆ ਦੌਰਾਨ ਪ੍ਰੀਖਿਆ ਕੇਂਦਰ ਵਿੱਚ ਹਾਜ਼ਰ ਹੀ ਨਹੀਂ ਸਨ। ਕਮਿਸ਼ਨ ਨੇ ਨਤੀਜੇ ਵਿੱਚ ਸਿਰਫ਼ ਰੋਲ ਨੰਬਰ ਜਾਰੀ ਕੀਤੇ ਹਨ ਅਤੇ ਉਮੀਦਵਾਰਾਂ ਦੇ ਨਾਂ ਜਾਂ ਸ਼੍ਰੇਣੀ ਅਨੁਸਾਰ ਕੱਟ-ਆਫ ਅੰਕ ਜਨਤਕ ਨਹੀਂ ਕੀਤੇ। ਸ਼੍ਰੀ ਵਰਮਾ ਨੇ ਕਿਹਾ ਕਿ ਪ੍ਰਦਰਸ਼ਨ ਕਰ ਰਹੇ ਨੌਜਵਾਨ ਅਤੇ ਵੱਖ-ਵੱਖ ਵਿਦਿਆਰਥੀ ਤੇ ਸਿਆਸੀ ਜਥੇਬੰਦੀਆਂ ਇਸ ਪੂਰੇ ਮਾਮਲੇ ਦੀ ਸੁਤੰਤਰ ਅਤੇ ਨਿਰਪੱਖ ਜਾਂਚ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਤੋਂ ਕਰਵਾਉਣ ਦੀ ਮੰਗ ਕਰ ਰਹੀਆਂ ਹਨ। ਪੰਜਾਬ ਦੇ ਮੁੱਖ ਮੰਤਰੀ ਨੂੰ ਇਹ ਮੰਗ ਸਵੀਕਾਰ ਕਰਕੇ ਜਾਂਚ ਸੀਬੀਆਈ ਦੇ ਹਵਾਲੇ ਕਰਨੀ ਚਾਹੀਦੀ ਹੈ। ਇਸ ਦੇ ਨਾਲ ਹੀ ਪੰਜਾਬ ਸਰਕਾਰ ਨੂੰ ਪ੍ਰੀਖਿਆਰਥੀਆਂ ਦੀਆਂ ਉੱਤਰ-ਪੱਤਰੀਆਂ ਦੀ ਮੁੜ ਜਾਂਚ (ਰੀ-ਇਵੈਲੂਏਸ਼ਨ) ਕਰਵਾਉਣ ਦੀ ਬਜਾਏ ਪੂਰੀ ਮੁੱਖ ਪ੍ਰੀਖਿਆ ਰੱਦ ਕਰਕੇ ਨਵੇਂ ਸਿਰੇ ਤੋਂ ਕਰਵਾਉਣ ਦੀ ਮੰਗ ਵੀ ਮੰਨਣੀ ਚਾਹੀਦੀ ਹੈ।

ਇਸ ਮੌਕੇ ਸਾਬਕਾ ਜ਼ਿਲ੍ਹਾ ਮੀਤ ਪ੍ਰਧਾਨ ਭਾਰਤ ਭੂਸ਼ਣ ਵਰਮਾ, ਰਾਜ ਨਾਰਾਇਣ ਸ਼ਰਮਾ, ਪਵਨ ਸ਼ਰਮਾ, ਮੁਨੀਸ਼ ਸ਼ਰਮਾ, ਐਡਵੋਕੇਟ ਨਿਤਿਸ਼ ਵਰਮਾ, ਪ੍ਰਣਵ, ਭਵਾਨੀ, ਵਿਕਾਸ, ਯੀਸ਼ੂ, ਸਾਹਿਲ, ਹਿਮਾਂਸ਼ੂ, ਨਿਸ਼ਾਂਤ ਸਿੱਧੂ, ਮੋਹਿਤ, ਰਿਸ਼ੂ, ਅਭੀ ਸ਼ਰਮਾ, ਪਾਰਸ਼ ਸ਼ਰਮਾ, ਤਨਿਸ਼ਾ ਰਾਜ ਚੌਹਾਨ, ਅੰਸ਼ ਆਦਿ ਨੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਵਿਦਿਆਰਥੀ ਆਪਣੀ ਬੁੱਧੀ ਜਰੀਏ, ਪਰਿਵਾਰ ਨਸ਼ਾ ਮੁਕਤ ਕਰਨ: ਸ. ਚਮਨ ਸਿੰਘ, ਪ੍ਰੋਜੈਕਟ ਡਾਇਰੈਕਟਰ

ਪੈਗ਼ਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)



ਰੈੱਡ ਕਰਾਸ ਨਸ਼ਾ ਪੀੜ੍ਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਨਵਾਂਸ਼ਹਿਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਪੱਲੀ ਝਿੱਕੀ (ਨਵਾਂਸ਼ਹਿਰ) ਵਿਖੇ ਨਸ਼ਾ ਮੁਕਤ ਭਾਰਤ ਅਭਿਆਨ" ਤਹਿਤ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਅਤੇ ਤੰਬਾਕੂ ਵਿਰੋਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਦੀ ਪ੍ਰਧਾਨਗੀ ਸਤਵੀਰ ਸਿੰਘ(ਪ੍ਰਿੰਸੀਪਲ) ਨੇ ਕੀਤੀ।

ਇਸ ਮੌਕੇ ਤੇ ਸ. ਚਮਨ ਸਿੰਘ, ਪ੍ਰੋਜੈਕਟ ਡਾਇਰੈਕਟਰ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਛੋਟੀ ਉਮਰ ਵਿੱਚ ਹੀ ਵਿਦਿਆਰਥੀ ਕੂਲ ਲਿਪ ਸਿਗਰਟ, ਬੀੜੀ, ਕੋਲਡ ਡਰਿੰਕ ਸਟਿੰਗ ਤੋਂ ਸ਼ੁਰੂ ਹੋ ਕੇ ਹੈਰੋਇਨ ਵਰਗੇ ਨਸ਼ਿਆਂ ਦੀ ਦਲਦਲ ਵਿੱਚ ਫਸ ਜਾਦੇਂ ਹਨ ਜੋ ਕਿ ਭੱਵਿਖ ਵਿੱਚ ਭਿਆਨਕ ਬਿਮਾਰੀਆਂ ਦਾ ਕਾਰਣ ਬਣਦੇ ਹਨ। ਦੇਸ਼ ਵਿੱਚ ਚੱਲ ਰਹੇ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਜਾਣਕਾਰੀ ਦਿੱਤੀ ਕਿ ਇਨਾਂ ਮੁਹਿੰਮ ਅਧੀਨ ਲੱਖਾਂ-ਕਰੋੜਾਂ ਨੌਜਵਾਨਾਂ ਦਾ ਇਲਾਜ ਹੋ ਰਿਹਾ ਹੈ ਅਤੇ ਨੌਜਵਾਨ ਨਸ਼ਿਆਂ ਤੋਂ ਛੁਟਕਾਰਾਂ ਪਾ ਰਹੇ ਹਨ । ਉਹਨਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਤੁਸੀ ਕਦੇ ਵੀ ਤੰਬਾਕੂ ਅਤੇ ਨਸ਼ੀਲੀ ਵਸਤੂ ਦੀ ਵਰਤੋਂ ਨਹੀਂ ਕਰਨੀ। ਉਨਾ ਨੇ ਨਸ਼ਾ ਮੁਕਤ ਮਿੱਤਰ ਬਣਨ ਲਈ ਅਪੀਲ ਕੀਤੀ।ਇਸ ਮੌਕੇ ਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਸਾਰੇ ਹੀ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੇ ਨਸ਼ੇ ਤੋਂ ਦੂਰ ਰਹਿਣ ਲਈ ਪ੍ਰਣ ਲਿਆ ।

ਇਸ ਮੌਕੇ ਤੇ ਕਮਲਜੀਤ ਕੌਰ, ਕੌਸਲਰ ਨੇ ਸੈਂਟਰ ਦੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਕਿਹਾ ਕਿ ਜੇਕਰ ਕੋਈ ਵੀ ਨਸ਼ੇ ਦਾ ਆਦੀ ਵਿਅਕਤੀ ਆਪਣਾ ਇਲਾਜ ਕਰਵਾਉਣਾ ਚਾਹੁੰਦਾ ਹੈ ਤਾਂ ਉਹ ਇੱਕ ਮਹੀਨੇ ਲਈ ਦਾਖਿਲ ਹੋ ਕੇ ਆਪਣਾ ਮੁਫਤ ਵਿੱਚ ਇਲਾਜ ਕਰਵਾ ਸਕਦਾ ਹੈ। ਇਸ ਮੌਕੇ ਤੇ ਸਤਵੀਰ ਸਿੰਘ (ਪ੍ਰਿੰਸੀਪਲ) ਨੇ ਨਸ਼ੇ ਤੋਂ ਦੂਰ ਰਹਿਣ ਲਈ ਵਿਚਾਰ ਪੇਸ਼ ਕੀਤੇ ਅਤੇ ਆਈ ਹੋਈ ਰੈੱਡ ਕਰਾਸ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਲਖਵਿੰਦਰ ਸਿੰਘ ਨੇ ਸਟੇਜ ਦਾ ਸੰਚਾਲਨ ਬਾਖੂਬੀ ਨਿਭਾਇਆ। ਇਸ ਮੌਕੇ ਤੇ ਪਰਵੇਸ਼ ਕੁਮਾਰ, ਸਕੂਲ ਸਟਾਫ ਮੈਂਬਰ ਹਰਜੀਤ ਸਿੰਘ, ਜਸਪਾਲ ਸਿੰਘ, ਪਰਦੀਪ ਕੁਮਾਰ, ਸਤਵਿੰਦਰ ਕੌਰ, ਚਰਨਜੀਤ ਕੌਰ, ਸੁਸ਼ਮਾ ਲਤਾ, ਮਨਜੀਤ ਕੌਰ, ਅਮਰਜੀਤ ਕੌਰ, ਸੁਖਦੀਪ ਕੌਰ , ਕਮਲ ਕੌਰ, ਪਰਮਿੰਦਰ ਕੁਮਾਰ ਅਤੇ ਵਿਦਿਆਰਥੀ ਹਾਜਿਰ ਸਨ।

ਵਿੱਕੀ ਚੌਧਰੀ ਨੇ ਚੰਨੀ ਨਾਲ ਸਾਂਝੀ ਕੀਤੀ ਪੰਜਾਬ ਦੀ ਜਵਾਨੀ ਬਚਾਉਣ ਦੀ ਰਣਨੀਤੀ

ਪੈਗ਼ਾਮ-ਏ-ਜਗਤ/ਬਲਾਚੌਰ
12 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਸੀਨੀਅਰ ਕਾਂਗਰਸੀ ਆਗੂ ਵਿੱਕੀ ਚੌਧਰੀ ਅੱਜ ਚਮਕੌਰ ਸਾਹਿਬ ਪੁੱਜੇ, ਜਿੱਥੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸਾਈਕਲ ਯਾਤਰਾ ਅੱਜ ਸ਼ੁਰੂ ਕੀਤੀ। ਇਸ ਮੌਕੇ ਵਿੱਕੀ ਚੌਧਰੀ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਕਿਵੇਂ ਬਚਾਉਣਾ ਹੈ, ਇਸ ਬਾਰੇ ਅਹਿਮ ਨੁਕਤੇ ਸਾਂਝੇ ਕੀਤੇ। ਵਿੱਕੀ ਚੌਧਰੀ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਅੱਜ ਨਸ਼ਿਆਂ ਦੀ ਦਲਦਲ ਵਿੱਚ ਫਸਦੀ ਜਾ ਰਹੀ ਹੈ ਅਤੇ ਸਿਰਫ਼ ਭਾਸ਼ਣਾਂ ਨਾਲ ਇਸ ਨੂੰ ਬਚਾਇਆ ਨਹੀਂ ਜਾ ਸਕਦਾ, ਇਸ ਲਈ ਜ਼ਮੀਨੀ ਪੱਧਰ 'ਤੇ ਨੌਜਵਾਨਾਂ ਨੂੰ ਖੇਡਾਂ, ਰੁਜ਼ਗਾਰ ਅਤੇ



ਸਕਾਰਾਤਮਕ ਸੋਚ ਨਾਲ ਜੋੜਨਾ ਪਵੇਗਾ। ਉਨ੍ਹਾਂ ਕਿਹਾ ਕਿ ਸਾਈਕਲ ਯਾਤਰਾ ਦਾ ਸੰਦੇਸ਼ ਹੀ ਇਹੀ ਹੈ ਕਿ ਸਿਹਤਮੰਦ ਸਰੀਰ ਅਤੇ ਸਾਫ਼ ਸੋਚ ਨਾਲ ਹੀ ਨਸ਼ਿਆਂ ਨੂੰ ਹਰਾਇਆ ਜਾ ਸਕਦਾ ਹੈ। ਉਨ੍ਹਾਂ ਨੇ ਚੰਨੀ ਨੂੰ ਸੁਝਾਅ ਦਿੱਤਾ ਕਿ ਪਿੰਡ-ਪਿੰਡ ਵਿੱਚ ਨਸ਼ਾ ਮੁਕਤੀ ਲਈ ਨੌਜਵਾਨਾਂ ਦੀਆਂ ਟੀਮਾਂ ਬਣਾਈਆਂ ਜਾਣ, ਜੋ ਪੀੜਤ ਪਰਿਵਾਰਾਂ ਦੀ ਮਦਦ ਕਰਨ ਅਤੇ ਨਸ਼ਾ ਤਸਕਰਾਂ ਖਿਲਾਫ਼ ਆਵਾਜ਼ ਬੁਲੰਦ ਕਰਨ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਵਿੱਕੀ ਚੌਧਰੀ ਦੇ ਵਿਚਾਰਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਨੂੰ ਬਚਾਉਣ ਲਈ ਹਰ ਵਰਗ ਨੂੰ ਇੱਕ ਮੰਚ 'ਤੇ ਆਉਣਾ ਪਵੇਗਾ। ਉਨ੍ਹਾਂ ਕਿਹਾ ਕਿ ਚਮਕੌਰ ਸਾਹਿਬ ਦੀ ਧਰਤੀ ਸ਼ਹਾਦਤ ਅਤੇ ਕੁਰਬਾਨੀ ਦੀ ਧਰਤੀ ਹੈ ਅਤੇ ਇੱਥੋਂ ਸ਼ੁਰੂ ਹੋਈ ਇਹ ਯਾਤਰਾ ਪੰਜਾਬ ਦੇ ਹਰ ਨੌਜਵਾਨ ਤੱਕ ਇਹ ਸੰਦੇਸ਼ ਲੈ ਕੇ ਜਾਵੇਗੀ ਕਿ ਨਸ਼ਾ ਛੱਡੋ, ਖੇਡਾਂ ਨਾਲ ਜੁੜੋ ਅਤੇ ਪੰਜਾਬ ਨੂੰ ਫਿਰ ਸੋਨੇ ਦੀ ਚਿੜੀ ਬਣਾਓ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਅਤੇ ਨੌਜਵਾਨ ਵੀ ਹਾਜ਼ਰ ਸਨ, ਜਿਨ੍ਹਾਂ ਨੇ ਯਾਤਰਾ ਦਾ ਭਰਵਾਂ ਸਵਾਗਤ ਕੀਤਾ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਨਗਰ ਨਿਗਮ ਦੇ 30 ਵਾਰਡਾਂ ਦੀ ਮੁੜ ਚੋਣ ਲਈ ਵੋਟਿੰਗ 28 ਨਵੰਬਰ ਨੂੰ, ਨਾਮਜ਼ਦਗੀਆਂ ਅੱਜ ਤੋਂ

ਨਾਮਜ਼ਦਗੀ ਪੱਤਰ ਦਾਖ਼ਲ ਕਰਵਾਉਣ ਲਈ ਰਿਟਰਨਿੰਗ ਅ.ਫ਼ਸਰ ਤਾਇਨਾਤ: ਸੁਨੀਲ

ਪੈ.ਗਾਮ-ਏ-ਜਗਤ/ਪਟਿਆਲਾ
12 ਨਵੰਬਰ (ਪਰਮਜੀਤ ਸਿੰਘ ਪਰਵਾਨਾ)

ਪਟਿਆਲਾ ਦੇ 30 ਵਾਰਡਾਂ ਦੀ ਮੁੜ ਚੋਣ ਕਰਵਾਉਣ ਲਈ ਚੋਣ ਸ਼ਡਿਊਲ ਨੋਟੀਫਾਈ ਕਰ ਦਿੱਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਏਡੀਸੀ (ਦਿਹਾਤੀ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਸੁਨੀਲ ਨੇ ਦੱਸਿਆ ਕਿ ਨਾਮਜ਼ਦਗੀਆਂ ਭਰਨ ਲਈ ਰਿਟਰਨਿੰਗ ਅਫ਼ਸਰ ਅਤੇ ਸਹਾਇਕ ਰਿਟਰਨਿੰਗ ਅਫ਼ਸਰ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਵਾਰਡ ਨੰਬਰ 1, 4, 6, 12, 14, 15, 16, 22, 26, 29, 32, 33, 34, 36 ਅਤੇ 37 ਲਈ ਏਐਮਡੀ, ਪੀਆਰਟੀਸੀ ਇੰਦਰਪਾਲ ਸਿੰਘ ਨੂੰ ਰਿਟਰਨਿੰਗ ਅਫ਼ਸਰ ਅਤੇ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਹਰਪ੍ਰੀਤ ਸਿੰਘ ਕਟਾਰੀਆ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਨਿਯੁਕਤ ਕੀਤਾ ਗਿਆ ਹੈ।

ਇਹ ਅਧਿਕਾਰੀ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਨਾਭਾ ਰੋਡ ਸਥਿਤ ਪੀਆਰਟੀਸੀ ਦੇ ਮੁੱਖ ਦਫ਼ਤਰ ਦੇ ਕਾਨਫਰੰਸ ਹਾਲ ਵਿਖੇ ਪ੍ਰਾਪਤ ਕਰਨਗੇ। ਇਸ ਤੋਂ ਇਲਾਵਾ ਵਾਰਡ ਨੰਬਰ 38, 40, 41, 43, 44, 45, 46, 48, 50, 51, 52, 53, 55, 57 ਅਤੇ 58 ਲਈ ਡਿਪਟੀ ਕਮਿਸ਼ਨਰ ਆਬਕਾਰੀ (ਡਿਸਟਿਲਰੀ) ਖੁਸ਼ਦਿਲ ਸਿੰਘ ਨੂੰ ਰਿਟਰਨਿੰਗ ਅਫ਼ਸਰ ਅਤੇ ਲੋਕ ਨਿਰਮਾਣ ਵਿਭਾਗ (ਨੈਸ਼ਨਲ ਹਾਈਵੇ) ਦੇ ਕਾਰਜਕਾਰੀ ਇੰਜੀਨੀਅਰ ਵਨੀਤ ਸਿੰਗਲਾ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਦਫ਼ਤਰ ਉਪ ਕਮਿਸ਼ਨਰ ਆਬਕਾਰੀ, ਪਟਿਆਲਾ ਜ਼ੋਨ, ਪਹਿਲੀ ਮੰਜ਼ਿਲ, ਜ਼ਿਲ੍ਹਾ ਪ੍ਰੀਸ਼ਦ ਬਿਲਡਿੰਗ, ਪਟਿਆਲਾ ਵਿਖੇ ਪ੍ਰਾਪਤ ਕੀਤੇ ਜਾਣਗੇ।



ਏਡੀਸੀ ਸੁਨੀਲ ਨੇ ਦੱਸਿਆ ਕਿ ਨਾਮਜ਼ਦਗੀਆਂ ਦਾਖ਼ਲ ਕਰਨ ਦਾ ਪਹਿਲਾ ਦਿਨ ਸ਼ੁੱਕਰਵਾਰ, 13 ਨਵੰਬਰ 2026 (ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ) ਹੋਵੇਗਾ। ਛੁੱਟੀਆਂ ਵਾਲੇ ਦਿਨ ਨਾਮਜ਼ਦਗੀ ਪੱਤਰ ਪ੍ਰਾਪਤ ਨਹੀਂ ਕੀਤੇ ਜਾਣਗੇ। ਇਨ੍ਹਾਂ ਵਿੱਚ ਸ਼ਨੀਵਾਰ, 14 ਨਵੰਬਰ 2026 (ਬੈਂਕ ਛੁੱਟੀ), ਐਤਵਾਰ, 15 ਨਵੰਬਰ 2026 ਅਤੇ ਸੋਮਵਾਰ, 16 ਨਵੰਬਰ 2026 (ਗਜ਼ਟਿਡ ਛੁੱਟੀ) ਸ਼ਾਮਲ ਹਨ। ਨਾਮਜ਼ਦਗੀਆਂ ਦਾਖ਼ਲ ਕਰਨ ਦਾ ਦੂਜਾ ਦਿਨ ਮੰਗਲਵਾਰ, 17 ਨਵੰਬਰ (ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ) ਅਤੇ ਤੀਜਾ ਦਿਨ ਬੁੱਧਵਾਰ, 18 ਨਵੰਬਰ (ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ) ਹੋਵੇਗਾ।

ਨਾਮਜ਼ਦਗੀਆਂ ਦਾਖ਼ਲ ਕਰਨ ਦਾ ਆਖ਼ਰੀ ਦਿਨ ਵੀਰਵਾਰ, 19 ਨਵੰਬਰ (ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ) ਹੋਵੇਗਾ। ਨਾਮਜ਼ਦਗੀ ਪੱਤਰਾਂ ਦੀ ਪੜਤਾਲ ਸ਼ੁੱਕਰਵਾਰ, 20 ਨਵੰਬਰ ਨੂੰ (ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ) ਹੋਵੇਗੀ। ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਮਿਤੀ ਸ਼ਨੀਵਾਰ, 21 ਨਵੰਬਰ (ਦੁਪਹਿਰ 3:00 ਵਜੇ ਤੱਕ) ਅਤੇ ਵੋਟਾਂ ਪੈਣ ਦੀ ਮਿਤੀ ਸ਼ਨੀਵਾਰ, 28 ਨਵੰਬਰ (ਸਵੇਰੇ 8:00 ਵਜੇ ਤੋਂ ਸ਼ਾਮ 4:00 ਵਜੇ ਤੱਕ) ਹੋਵੇਗੀ। ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ ਸਬੰਧੀ ਰਾਜ ਚੋਣ ਕਮਿਸ਼ਨ ਵੱਲੋਂ ਹਦਾਇਤਾਂ ਬਾਅਦ ਵਿੱਚ ਜਾਰੀ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਾਰੇ ਨਾਮਜ਼ਦਗੀ ਫਾਰਮਾਂ ਦੇ ਨਾਲ ਨਿਰਧਾਰਤ ਹਲਫ਼ੀਆ ਬਿਆਨ ਦੇਣਾ ਲਾਜ਼ਮੀ ਹੋਵੇਗਾ। ਜੇਕਰ ਕੋਈ ਉਮੀਦਵਾਰ ਕਿਸੇ ਸਿਆਸੀ ਪਾਰਟੀ ਵੱਲੋਂ ਚੋਣ ਲੜ ਰਿਹਾ ਹੈ, ਤਾਂ ਸਬੰਧਤ ਸਿਆਸੀ ਪਾਰਟੀ ਦਾ ਅਧਿਕਾਰ ਪੱਤਰ ਵੀ ਨਾਲ ਨੱਥੀ ਕਰਨਾ ਹੋਵੇਗਾ। ਉਮੀਦਵਾਰਾਂ ਦੇ ਕੇ.ਵਾਈ.ਸੀ. ਵੇਰਵੇ ਜ਼ਿਲ੍ਹਿਆਂ ਦੀਆਂ ਵੈੱਬਸਾਈਟਾਂ 'ਤੇ ਅਪਲੋਡ ਕੀਤੇ ਜਾਣਗੇ। ਇਹ ਚੋਣਾਂ ਈ.ਵੀ.ਐਮਜ਼ ਰਾਹੀਂ ਕਰਵਾਈਆਂ ਜਾਣਗੀਆਂ।

ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਲਈ ਨਗਰ ਨਿਗਮ ਪਟਿਆਲਾ ਦੇ 30 ਵਾਰਡਾਂ ਵਿੱਚ 123 ਪੋਲਿੰਗ ਬੂਥ ਸਥਾਪਤ ਕੀਤੇ ਗਏ ਹਨ। ਕਮਿਸ਼ਨ ਵੱਲੋਂ ਨਗਰ ਨਿਗਮ ਦੇ ਅਹੁਦੇ ਲਈ ਚੋਣ ਲੜਨ ਵਾਲੇ ਉਮੀਦਵਾਰਾਂ ਵਾਸਤੇ ਖਰਚੇ ਦੀ ਹੱਦ 4,00,000 ਰੁਪਏ ਅਤੇ ਨਗਰ ਕੌਂਸਲਾਂ (ਕਲਾਸ-99) ਲਈ 2,30,000 ਰੁਪਏ ਨੋਟੀਫਾਈ ਕੀਤੀ ਗਈ ਹੈ। ਏਡੀਸੀ (ਦਿਹਾਤੀ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸੁਨੀਲ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ ਵੱਲੋਂ ਚੋਣ ਸ਼ਡਿਊਲ ਦੇ ਐਲਾਨ ਦੇ ਨਾਲ ਹੀ ਸਬੰਧਤ ਨਗਰ ਨਿਗਮ ਦੇ ਸਮੁੱਚੇ ਅਧਿਕਾਰ ਖੇਤਰ ਵਿੱਚ, ਜਿੱਥੇ ਚੋਣਾਂ ਹੋਣ ਜਾ ਰਹੀਆਂ ਹਨ, ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਹੈ। ਇਹ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਲਾਗੂ ਰਹੇਗਾ।

ਸੁਨੀਲ ਨੇ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਜੋਂ ਅਹੁਦਾ ਸੰਭਾਲਿਆ

ਪੈ.ਗਾਮ-ਏ-ਜਗਤ/ਪਟਿਆਲਾ
12 ਨਵੰਬਰ (ਪਰਮਜੀਤ ਸਿੰਘ ਪਰਵਾਨਾ)

2023-ਬੈਚ ਦੇ ਆਈ.ਏ.ਐਸ. ਅਧਿਕਾਰੀ ਸੁਨੀਲ ਨੇ ਪਟਿਆਲਾ ਵਿਖੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਜੋਂ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ, ਉਹ ਰਾਮਪੁਰਾ ਫੂਲ ਅਤੇ ਬਲਾਚੌਰ ਵਿਖੇ ਐਸ.ਡੀ.ਐਮ. ਵਜੋਂ ਸੇਵਾ ਨਿਭਾ ਚੁੱਕੇ ਹਨ। ਕੰਪਿਊਟਰ ਸਾਇੰਸ ਵਿੱਚ ਬੀ.ਟੈਕ ਦੀ ਡਿਗਰੀ ਪ੍ਰਾਪਤ ਇੰਜੀਨੀਅਰ, ਸੁਨੀਲ ਆਪਣੇ ਪਿਛਲੇ ਕਾਰਜਕਾਲ ਦੌਰਾਨ ਪ੍ਰਾਪਤ ਪ੍ਰਸ਼ਾਸਕੀ ਤਜਰਬੇ ਨਾਲ ਲੈਸ ਹਨ। ਅਹੁਦਾ ਸੰਭਾਲਣ ਦੇ ਇਸ ਮੌਕੇ 'ਤੇ ਉਨ੍ਹਾਂ ਦੀ ਮਾਤਾ ਅਨੀਤਾ ਦੇਵੀ ਅਤੇ ਛੋਟੀ ਭੈਣ ਤਨੀਸ਼ਾ ਵੀ ਮੌਜੂਦ ਸਨ।



ਅਹੁਦਾ ਸੰਭਾਲਣ ਉਪਰੰਤ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਨੀਲ ਨੇ ਕਿਹਾ ਕਿ ਉਹ ਜ਼ਿਲ੍ਹੇ ਵਿੱਚ ਸਰਕਾਰੀ ਸਕੀਮਾਂ ਅਤੇ ਵਿਕਾਸ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਪੂਰੀ ਲਗਨ ਅਤੇ ਵਚਨਬੱਧਤਾ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਦੀ ਅਗਵਾਈ ਹੇਠ, ਉਹ ਪੇਂਡੂ ਵਿਕਾਸ ਵਿੱਚ ਤੇਜ਼ੀ ਲਿਆਉਣ, ਜਨਤਕ ਸੇਵਾਵਾਂ ਤੇਜ਼ੀ ਨਾਲ ਲੋਕਾਂ ਤਕ ਪਹੁੰਚਾਉਣ ਨੂੰ ਮਜ਼ਬੂਤ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰਨਗੇ ਕਿ ਸਰਕਾਰੀ ਭਲਾਈ ਸਕੀਮਾਂ ਦਾ ਲਾਭ ਯੋਗ ਲਾਭਪਾਤਰੀਆਂ ਤਕ ਪਾਰਦਰਸ਼ੀ ਢੰਗ ਨਾਲ ਅਤੇ ਸਮੇਂ ਸਿਰ ਪਹੁੰਚੇ। ਏ.ਡੀ.ਸੀ. ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਅਤੇ ਜ਼ਿਲ੍ਹੇ ਭਰ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੇਂਡੂ ਵਿਕਾਸ ਵਿਭਾਗਾਂ ਅਤੇ ਸਥਾਨਕ ਸੰਸਥਾਵਾਂ ਨਾਲ ਨੇੜਲਾ ਤਾਲਮੇਲ ਬਣਾ ਕੇ ਰੱਖਿਆ ਜਾਵੇਗਾ।

ਕੌਮੀ ਸ.ਫ਼ਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਖਨੌਰੀ ਵਿਖੇ ਸ.ਫ਼ਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਸੁਣੀਆਂ

ਸੀਵਰੇਜ਼ ਦੀ ਸ.ਫ਼ਾਈ ਮਸ਼ੀਨਾਂ ਨਾਲ ਕਰਵਾਉਣ ਅਤੇ ਕਰਮਚਾਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਦੀਆਂ ਹਦਾਇਤਾਂ



ਖਨੌਰੀ (ਸੰਗਰੂਰ), 12 ਨਵੰਬਰ
(ਪੈ.ਗਾਮ-ਏ-ਜਗਤ)

ਕੌਮੀ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਅੱਜ ਨਗਰ ਪੰਚਾਇਤ ਖਨੌਰੀ ਵਿਖੇ ਸਫ਼ਾਈ ਕਰਮਚਾਰੀਆਂ, ਸੀਵਰਮੈਨਾਂ, ਸਫ਼ਾਈ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਅਤੇ ਸਥਾਨਕ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਉਨ੍ਹਾਂ ਨੇ ਕਰਮਚਾਰੀਆਂ ਦੀਆਂ ਕੰਮਕਾਜੀ ਹਾਲਤਾਂ, ਸੇਵਾ ਸਬੰਧੀ ਮੰਗਾਂ ਅਤੇ ਭਲਾਈ ਯੋਜਨਾਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਭਰੋਸਾ ਦਿਵਾਇਆ ਕਿ ਸੂਬਾ ਅਤੇ ਕੇਂਦਰ ਸਰਕਾਰ ਦੇ ਪੱਧਰ 'ਤੇ ਵਿਚਾਰ ਅਧੀਨ ਲਿਆਂਦੇ ਜਾਣ ਵਾਲੇ ਮਾਮਲਿਆਂ ਦੀ ਕਮਿਸ਼ਨ ਵੱਲੋਂ ਪਹਿਲ ਦੇ ਆਧਾਰ 'ਤੇ ਪੈਰਵੀ ਕੀਤੀ ਜਾਵੇਗੀ।

ਮੀਟਿੰਗ ਦੌਰਾਨ ਹਰਦੀਪ ਸਿੰਘ ਗਿੱਲ ਨੇ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ, ਮੈਨੂਅਲ ਸਕੈਵੇਂਜਿੰਗ ਦੀ ਰੋਕਥਾਮ ਸਬੰਧੀ 2013 ਦੇ ਕਾਨੂੰਨ ਅਤੇ ਕੇਂਦਰ ਸਰਕਾਰ ਦੀ 'ਨਮਸਤੇ' ਯੋਜਨਾ ਤਹਿਤ ਕੀਤੇ ਜਾ ਰਹੇ ਉਪਰਾਲਿਆਂ ਦੀ ਸਮੀਖਿਆ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੀਵਰੇਜ ਦੀ ਸਫ਼ਾਈ ਲਈ ਮਸ਼ੀਨਾਂ ਦੀ ਵਰਤੋਂ ਯਕੀਨੀ ਬਣਾਈ ਜਾਵੇ ਅਤੇ ਕਿਸੇ ਵੀ ਕਰਮਚਾਰੀ ਨੂੰ ਸੀਵਰ ਵਿੱਚ ਉਤਰ ਕੇ ਜਾਂ ਹੱਥੀਂ ਗੰਦਗੀ ਸਾਫ਼ ਕਰਨ ਲਈ ਮਜਬੂਰ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੁਰੱਖਿਆ ਨਿਯਮਾਂ ਦੀ ਉਲੰਘਣਾ ਸਾਹਮਣੇ ਆਉਣ 'ਤੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

ਅਧਿਕਾਰੀਆਂ ਨੇ ਦੱਸਿਆ ਕਿ 'ਨਮਸਤੇ' ਯੋਜਨਾ ਤਹਿਤ ਸਫ਼ਾਈ ਕਰਮਚਾਰੀਆਂ ਨੂੰ ਵਿਸ਼ੇਸ਼ ਸੁਰੱਖਿਆ ਸਿਖਲਾਈ ਦਿੱਤੀ ਜਾ ਚੁੱਕੀ ਹੈ। ਵਾਈਸ ਚੇਅਰਮੈਨ ਨੇ ਕੰਮ ਦੌਰਾਨ ਲੋੜੀਂਦੇ ਸੁਰੱਖਿਆ ਉਪਕਰਨਾਂ ਦੀ ਉਪਲਬਧਤਾ ਅਤੇ ਉਨ੍ਹਾਂ ਦੀ ਵਰਤੋਂ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ। ਮੀਟਿੰਗ ਵਿੱਚ ਸੀਵਰੇਜ ਦੀ ਸਫ਼ਾਈ ਦੌਰਾਨ ਵਾਪਰਨ ਵਾਲੇ ਹਾਦਸਿਆਂ ਨਾਲ ਸਬੰਧਤ ਮੁਆਵਜ਼ੇ ਅਤੇ ਪ੍ਰਭਾਵਿਤ ਪਰਿਵਾਰਾਂ ਦੇ ਪੁਨਰਵਾਸ ਦੇ ਮਾਮਲਿਆਂ ਨੂੰ ਲਾਗੂ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਮੇਂ ਸਿਰ ਨਿਪਟਾਉਣ ਬਾਰੇ ਵੀ ਚਰਚਾ ਹੋਈ।

ਸਫ਼ਾਈ ਕਰਮਚਾਰੀਆਂ ਨੇ ਦੱਸਿਆ ਕਿ ਨਗਰ ਪੰਚਾਇਤ ਵੱਲੋਂ ਉਨ੍ਹਾਂ ਨੂੰ ਹਰ ਮਹੀਨੇ ਸਮੇਂ ਸਿਰ ਤਨਖ਼ਾਹ ਦਿੱਤੀ ਜਾ ਰਹੀ ਹੈ। ਮੀਟਿੰਗ ਵਿੱਚ ਭਵਿੱਖ ਨਿਧੀ (ਪੀ.ਐੱਫ਼.) ਦੀ ਕਟੌਤੀ ਅਤੇ ਜਮ?ਹਾਂ ਰਾਸ਼ੀ ਦਾ ਰਿਕਾਰਡ ਪਾਰਦਰਸ਼ੀ ਰੱਖਣ, ਕਰਮਚਾਰੀਆਂ ਨੂੰ ਪਾਸਬੁੱਕ ਮੁਹੱਈਆ ਕਰਵਾਉਣ ਅਤੇ ਰਿਕਾਰਡ ਸਮੇਂ ਸਿਰ ਅੱਪਡੇਟ ਕਰਨ ਬਾਰੇ ਵੀ ਵਿਚਾਰ-ਵਟਾਂਦਰਾ ਹੋਇਆ। ਇਸ ਤੋਂ ਇਲਾਵਾ, ਕਰਮਚਾਰੀਆਂ ਨੂੰ ਕਰਜ਼ਾ ਲੈਣ ਵਿੱਚ ਆ ਰਹੀਆਂ ਮੁਸ਼ਕਲਾਂ ਅਤੇ ਮ੍ਰਿਤਕ ਕਰਮਚਾਰੀਆਂ ਦੇ ਪਰਿਵਾਰਕ ਮੈਂਬਰਾਂ ਦੀ ਤਰਸ ਦੇ ਆਧਾਰ 'ਤੇ ਨਿਯੁਕਤੀ ਨਾਲ ਸਬੰਧਤ ਲੰਬਿਤ ਮਾਮਲੇ ਵੀ ਵਾਈਸ ਚੇਅਰਮੈਨ ਦੇ ਧਿਆਨ ਵਿੱਚ ਲਿਆਂਦੇ ਗਏ। ਸਬੰਧਤ ਅਧਿਕਾਰੀਆਂ ਨੇ ਲੋੜੀਂਦੇ ਦਸਤਾਵੇਜ਼ ਅਤੇ ਮਤੇ ਦੀ ਕਾਪੀ ਮੁਹੱਈਆ ਕਰਵਾਉਣ ਵਿੱਚ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਯੂਨੀਅਨ ਦੇ ਨੁਮਾਇੰਦਿਆਂ ਨੇ 11 ਤੋਂ 12 ਸਾਲਾਂ ਤੋਂ ਸੇਵਾਵਾਂ ਨਿਭਾ ਰਹੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਮੰਗ ਵੀ ਰੱਖੀ। ਮੀਟਿੰਗ ਵਿੱਚ ਦੱਸਿਆ ਗਿਆ ਕਿ ਠੇਕੇ 'ਤੇ ਕੰਮ ਕਰ ਰਹੇ ਮੁਲਾਜ਼ਮਾਂ ਦੀਆਂ ਸੇਵਾਵਾਂ ਨਿਯਮਤ ਕਰਨ ਸਬੰਧੀ ਮਤਾ ਪਾਸ ਕਰਕੇ ਭੇਜਿਆ ਜਾ ਚੁੱਕਾ ਹੈ। ਆਊਟਸੋਰਸ ਮੁਲਾਜ਼ਮਾਂ ਸਬੰਧੀ ਮਤੇ 'ਤੇ ਵਿਚਾਰ ਕਰਨ ਲਈ ਨਗਰ ਪੰਚਾਇਤ ਵੱਲੋਂ ਵਿਸ਼ੇਸ਼ ਮੀਟਿੰਗ ਰੱਖੀ ਗਈ ਹੈ। ਵਾਈਸ ਚੇਅਰਮੈਨ ਨੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਜਲਦੀ ਮੁਕੰਮਲ ਕਰਕੇ ਮਾਮਲੇ ਸਮਰੱਥ ਅਥਾਰਟੀ ਕੋਲ ਭੇਜਣ ਲਈ ਕਿਹਾ।

ਹਰਦੀਪ ਸਿੰਘ ਗਿੱਲ ਨੇ ਨਗਰ ਪੰਚਾਇਤ ਦੇ ਅਧਿਕਾਰੀਆਂ ਤੋਂ ਖਨੌਰੀ ਦੇ ਵਿਕਾਸ ਕਾਰਜਾਂ, ਸੀਵਰੇਜ ਪ੍ਰਬੰਧਾਂ, ਪੀਣ ਵਾਲੇ ਪਾਣੀ ਦੀ ਸਪਲਾਈ, ਜਾਇਦਾਦ ਕਰ ਦੀ ਉਗਰਾਹੀ ਅਤੇ ਸ਼ਹਿਰ ਦੀ ਸਫ਼ਾਈ ਬਾਰੇ ਵੀ ਜਾਣਕਾਰੀ ਲਈ। ਉਨ੍ਹਾਂ 'ਪ੍ਰਧਾਨ ਮੰਤਰੀ ਆਵਾਸ ਯੋਜਨਾ' ਤਹਿਤ ਯੋਗ ਸਫ਼ਾਈ ਕਰਮਚਾਰੀਆਂ ਦੀਆਂ ਅਰਜ਼ੀਆਂ ਨਾਲ ਸਬੰਧਤ ਫ਼ਾਈਲਾਂ ਜਲਦੀ ਮੁਕੰਮਲ ਕਰਨ ਅਤੇ ਕੇਂਦਰ ਤੇ ਸੂਬਾ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਯੋਗ ਕਰਮਚਾਰੀਆਂ ਤੱਕ ਪਹੁੰਚਾਉਣ ਦੀ ਹਦਾਇਤ ਕੀਤੀ।

ਇਸ ਮੌਕੇ ਸਫ਼ਾਈ ਕਰਮਚਾਰੀ ਯੂਨੀਅਨ ਅਤੇ ਸਥਾਨਕ ਨੁਮਾਇੰਦਿਆਂ ਨੇ ਹਰਦੀਪ ਸਿੰਘ ਗਿੱਲ ਨੂੰ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੀ ਤਸਵੀਰ ਭੇਟ ਕਰਕੇ ਸਨਮਾਨਿਤ ਕੀਤਾ। ਯੂਨੀਅਨ ਆਗੂਆਂ ਨੇ ਸਫ਼ਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਸੁਣਨ ਲਈ ਵਾਈਸ ਚੇਅਰਮੈਨ ਦਾ ਧੰਨਵਾਦ ਕੀਤਾ।

ਇਸ ਮੌਕੇ ਐੱਸ ਡੀ ਐਮ ਮੂਨਕ ਪ੍ਰਗਤੀ ਰਾਣੀ, ਨਗਰ ਪੰਚਾਇਤ ਦੇ ਅਧਿਕਾਰੀ, ਕੌਂਸਲਰ, ਸਥਾਨਕ ਪ੍ਰਸ਼ਾਸਨ ਦੇ ਨੁਮਾਇੰਦੇ, ਇੰਸਪੈਕਟਰ ਇੰਚਾਰਜ ਹਰਦੀਪ ਸਿੰਘ, ਰਾਂਝਾ ਬਖ਼ਸ਼ੀ, ਪਾਤੜਾਂ ਤੋਂ ਪਹੁੰਚੇ ਯੂਨੀਅਨ ਆਗੂ ਅਤੇ ਵੱਡੀ ਗਿਣਤੀ ਵਿੱਚ ਸਫ਼ਾਈ ਕਰਮਚਾਰੀ ਹਾਜ਼ਰ ਸਨ।

ਬੱਸ ਹਾਦਸੇ ਦੇ ਪੀੜਤ ਪਰਿਵਾਰਾਂ ਨਾਲ ਹਰ ਪੱਖੋਂ ਖੜ੍ਹੀ ਹੈ ਪੰਜਾਬ ਸਰਕਾਰ : ਵਿਧਾਇਕ ਨਰਿੰਦਰ ਕੌਰ ਭਰਾਜ

ਸੰਗਰੂਰ, 12 ਨਵੰਬਰ
(ਪੈ.ਗਾਮ-ਏ-ਜਗਤ)





ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਬੀਤੇ ਦਿਨੀਂ ਵਾਪਰੇ ਬੱਸ ਹਾਦਸੇ ਵਿੱਚ ਜਾਨਾਂ ਗੁਆਉਣ ਵਾਲਿਆਂ ਦੇ ਪਰਿਵਾਰਾਂ ਨਾਲ ਡੂੰਘੀ ਸੰਵੇਦਨਾ ਪ੍ਰਗਟਾਈ ਅਤੇ ਸਿਵਲ ਹਸਪਤਾਲ

- **ਸਿਵਲ ਹਸਪਤਾਲ ਸੰਗਰੂਰ ਦੀ ਓ.ਪੀ.ਡੀ. ਵਿੱਚ ਮਰੀਜ਼ਾਂ ਦੀ ਗਿਣਤੀ ਦੁੱਗਣੀ, ਹੁਣ 450 ਤੋਂ 500 ਕਿਸਮਾਂ ਦੀਆਂ ਦਵਾਈਆਂ ਉਪਲਬਧ**

ਸੰਗਰੂਰ ਵਿਖੇ ਜ਼ੇਰੇ ਇਲਾਜ ਜ਼ਖ਼ਮੀਆਂ ਦਾ ਹਾਲ-ਚਾਲ ਜਾਣਿਆ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਮੁਸ਼ਕਲ ਘੜੀ ਵਿੱਚ ਪੀੜਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਦਿੱਤੀ ਜਾਵੇਗੀ। ਸਰਕਾਰ ਵੱਲੋਂ ਬਣਦਾ ਮੁਆਵਜ਼ਾ ਜਲਦੀ ਜਾਰੀ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ।

ਵਿਧਾਇਕ ਭਰਾਜ ਨੇ ਦੱਸਿਆ ਕਿ ਇਸ ਹਾਦਸੇ ਵਿੱਚ ਤਿੰਨ ਵਿਅਕਤੀਆਂ ਦੀ ਮੌਤ ਹੋਈ ਹੈ। ਮ੍ਰਿਤਕਾਂ ਵਿੱਚ ਪਿੰਡ ਫਤਿਹਗੜ੍ਹ ਛੰਨਾ ਦੀ ਇੱਕ ਮਹਿਲਾ ਵੀ ਸ਼ਾਮਲ ਸੀ, ਜੋ ਆਪਣੇ ਬੱਚੇ ਦੀ ਕੀਮੋਥੈਰੇਪੀ ਕਰਵਾਉਣ ਲਈ ਉਸ ਨੂੰ ਚੰਡੀਗੜ੍ਹ ਲੈ ਕੇ ਜਾ ਰਹੀ ਸੀ। ਬੱਚਾ ਇਸ ਸਮੇਂ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਜ਼ੇਰੇ ਇਲਾਜ ਹੈ। ਇਸ ਤੋਂ ਇਲਾਵਾ ਪਿੰਡ ਸਾਰੋਂ ਦੇ ਇੱਕ ਬਜ਼ੁਰਗ ਦੀ ਵੀ ਹਾਦਸੇ ਵਿੱਚ ਮੌਤ ਹੋਈ ਹੈ। ਉਨ੍ਹਾਂ ਦੱਸਿਆ ਕਿ ਜ਼ਖ਼ਮੀਆਂ ਵਿੱਚ ਧੂਰੀ ਨੇੜਲੇ ਪਿੰਡ ਮਾਨਵਾਲਾ ਦੀਆਂ ਦੋ ਭੈਣਾਂ ਵੀ ਸ਼ਾਮਲ ਹਨ। ਕਈ ਜ਼ਖ਼ਮੀ ਇਲਾਜ ਤੋਂ ਬਾਅਦ ਘਰ ਪਰਤ ਚੁੱਕੇ ਹਨ।

ਹਸਪਤਾਲ ਦੀਆਂ ਸਿਹਤ ਸੇਵਾਵਾਂ ਬਾਰੇ ਜਾਣਕਾਰੀ ਦਿੰਦਿਆਂ ਵਿਧਾਇਕ ਨੇ ਕਿਹਾ ਕਿ ਸਿਵਲ ਹਸਪਤਾਲ ਸੰਗਰੂਰ ਦੀ ਓ.ਪੀ.ਡੀ. ਵਿੱਚ ਮਰੀਜ਼ਾਂ ਦੀ ਗਿਣਤੀ ਪਹਿਲਾਂ ਨਾਲੋਂ ਲਗਭਗ ਦੁੱਗਣੀ ਹੋ ਗਈ ਹੈ। ਪਹਿਲਾਂ ਹਸਪਤਾਲ ਵਿੱਚ ਕਰੀਬ 150 ਕਿਸਮਾਂ ਦੀਆਂ ਦਵਾਈਆਂ ਉਪਲਬਧ ਸਨ, ਜਦਕਿ ਹੁਣ ਇਹ ਗਿਣਤੀ ਵਧ ਕੇ 450 ਤੋਂ 500 ਤੱਕ ਪਹੁੰਚ ਗਈ ਹੈ। ਮਰੀਜ਼ਾਂ ਦੀ ਸਹੂਲਤ ਲਈ ਨਵੇਂ ਡਾਕਟਰਾਂ ਅਤੇ ਸੱਤ ਸਟਾਫ਼ ਨਰਸਾਂ ਦੀ ਤਾਇਨਾਤੀ ਵੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਚ ਐਕਸ-ਰੇ, ਈ.ਸੀ.ਜੀ., ਅਲਟਰਾਸਾਊਂਡ, ਐੱਮ.ਆਰ.ਆਈ. ਅਤੇ ਡਾਇਲਿਸਿਸ ਲਈ ਨਵੀਆਂ ਮਸ਼ੀਨਾਂ ਲਗਾਈਆਂ ਗਈਆਂ ਹਨ। ਸਵਾ ਕਰੋੜ ਰੁਪਏ ਦੀ ਲਾਗਤ ਨਾਲ ਬਣੀ ਇੰਟੀਗ੍ਰੇਟਿਡ ਪਬਲਿਕ ਹੈਲਥ ਲੈਬ ਵਿੱਚ ਪਿਛਲੇ ਚਾਰ ਤੋਂ ਪੰਜ ਮਹੀਨਿਆਂ ਤੋਂ ਮੁਫ਼ਤ ਜਾਂਚਾਂ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਚਾਰ ਬਿਸਤਰਿਆਂ ਵਾਲਾ ਆਈ.ਸੀ.ਯੂ. ਵੀ ਸ਼ੁਰੂ ਹੋ ਚੁੱਕਾ ਹੈ ਅਤੇ 50 ਬਿਸਤਰਿਆਂ ਵਾਲੇ ਕ੍ਰਿਟੀਕਲ ਕੇਅਰ ਬਲਾਕ ਦਾ 40 ਫ਼ੀਸਦੀ ਕੰਮ ਮੁਕੰਮਲ ਹੋ ਗਿਆ ਹੈ।

ਵਿਧਾਇਕ ਭਰਾਜ ਨੇ ਕਿਹਾ ਕਿ ਸੰਗਰੂਰ ਮੈਡੀਕਲ ਕਾਲਜ ਦੀ ਉਸਾਰੀ ਦਾ ਟੈਂਡਰ ਅਲਾਟ ਹੋ ਚੁੱਕਾ ਹੈ ਅਤੇ ਜਲਦੀ ਕੰਮ ਸ਼ੁਰੂ ਹੋਵੇਗਾ। ਮੈਡੀਕਲ ਕਾਲਜ ਦੀਆਂ ਲੋੜਾਂ ਨੂੰ ਦੇਖਦਿਆਂ ਸਿਵਲ ਹਸਪਤਾਲ ਦੀ ਸਮਰੱਥਾ 200 ਤੋਂ ਵਧਾ ਕੇ 400 ਬਿਸਤਰਿਆਂ ਤੱਕ ਕੀਤੀ ਜਾ ਰਹੀ ਹੈ। ਇਸ ਲਈ 200 ਵਾਧੂ ਬਿਸਤਰਿਆਂ ਵਾਲੀ ਇਮਾਰਤ ਦਾ ਨਿਰਮਾਣ ਜਾਰੀ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਸੰਗਰੂਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਮਾਹਿਰ ਡਾਕਟਰਾਂ ਅਤੇ ਉੱਚ ਪੱਧਰੀ ਇਲਾਜ ਦੀਆਂ ਸਹੂਲਤਾਂ ਸਥਾਨਕ ਪੱਧਰ 'ਤੇ ਮਿਲਣਗੀਆਂ। ਵਿਰੋਧੀ ਆਗੂਆਂ ਵੱਲੋਂ ਹਸਪਤਾਲ ਦੇ ਪ੍ਰਬੰਧਾਂ ਬਾਰੇ ਕੀਤੀ ਜਾ ਰਹੀ ਬਿਆਨਬਾਜ਼ੀ 'ਤੇ ਪ੍ਰਤੀਕਿਰਿਆ ਦਿੰਦਿਆਂ ਉਨ੍ਹਾਂ ਕਿਹਾ ਕਿ ਹਾਦਸੇ ਦੇ ਪੀੜਤ ਪਰਿਵਾਰਾਂ ਦੇ ਦੁੱਖ ਦੀ ਘੜੀ ਵਿੱਚ ਸਿਆਸਤ ਕਰਨ ਦੀ ਬਜਾਏ ਲੋਕਾਂ ਦੀ ਮਦਦ ਨੂੰ ਤਰਜੀਹ ਦੇਣੀ ਚਾਹੀਦੀ ਹੈ। ਵਿਜੈ ਇੰਦਰ ਸਿੰਗਲਾ ਦੇ 'ਸੰਗਰੂਰ ਦੀ ਸੱਥ' ਪ੍ਰੋਗਰਾਮ ਬਾਰੇ ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹੱਲ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨਾ ਜ਼ਰੂਰੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਨਹਿਰੀ ਪਾਣੀ, ਮੁਫ਼ਤ ਬਿਜਲੀ ਅਤੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਰਗੀਆਂ ਸਹੂਲਤਾਂ ਰਾਹੀਂ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ।

ਭਾਜਪਾ ਸੰਗਠਨ ਦੀ ਰੀੜ੍ਹ ਦੀ ਹੱਡੀ ਹਨ ਬੂਥ ਪ੍ਰਧਾਨ, ਕੌਮੀ ਪ੍ਰਧਾਨ ਜਿੰਨੀ ਹੀ ਅਹਿਮ ਹੈ ਉਨ੍ਹਾਂ ਦੀ ਜ਼ਿੰਮੇਵਾਰੀ: ਡਾ. ਅਰਚਨਾ ਗੁਪਤਾ

ਪੈ.ਗਾਮ-ਏ-ਜਗਤ
ਫਤਿਹਾਬਾਦ, 12 ਨਵੰਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

- **ਉਦੈ ਕਮਲ ਵਿਖੇ ਜ਼ਿਲ੍ਹਾ ਅਹੁਦੇਦਾਰਾਂ, ਮੰਡਲ ਪ੍ਰਧਾਨਾਂ ਅਤੇ ਸ਼ਕਤੀ ਕੇਂਦਰ ਮੁਖੀਆਂ ਨਾਲ ਕੀਤੀ ਸੰਗਠਨਾਤਮਕ ਮੀਟਿੰਗ**



ਭਾਜਪਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਸੰਗਠਨ ਬੂਥ ਪੱਧਰ ਦੇ ਵਰਕਰਾਂ ਦੀ ਮਿਹਨਤ, ਸਮਰਪਣ ਅਤੇ ਸਰਗਰਮੀ ਦੇ ਆਧਾਰ 'ਤੇ ਮਜ਼ਬੂਤ ਹੁੰਦਾ ਹੈ। ਬੂਥ ਪ੍ਰਧਾਨ ਸੰਗਠਨ ਦੀ ਰੀੜ੍ਹ ਦੀ ਹੱਡੀ ਹਨ ਅਤੇ ਪਾਰਟੀ ਵਿੱਚ ਉਨ੍ਹਾਂ ਦੀ ਭੂਮਿਕਾ ਕੌਮੀ ਪ੍ਰਧਾਨ ਜਿੰਨੀ ਹੀ ਮਹੱਤਵਪੂਰਨ ਅਤੇ ਜ਼ਿੰਮੇਵਾਰੀ ਭਰੀ ਹੈ। ਹਰ ਬੂਥ ਪ੍ਰਧਾਨ ਆਪਣੇ ਇਲਾਕੇ ਵਿੱਚ ਸੰਗਠਨ ਦੀ ਨੁਮਾਇੰਦਗੀ ਕਰਦਾ ਹੈ। ਇਸ ਲਈ ਉਸ ਦੀ ਸਰਗਰਮੀ, ਲੋਕਾਂ ਨਾਲ ਜੁੜਾਅ ਅਤੇ ਸੰਗਠਨ ਪ੍ਰਤੀ ਵਚਨਬੱਧਤਾ ਹੀ ਪਾਰਟੀ ਦੀ ਮਜ਼ਬੂਤੀ ਦਾ ਆਧਾਰ ਹੈ।

ਵੀਰਵਾਰ ਨੂੰ ਫਤਿਹਾਬਾਦ ਸਥਿਤ ਭਾਜਪਾ ਦੇ ਜ਼ਿਲ੍ਹਾ ਦਫ਼ਤਰ ਉਦੈ ਕਮਲ ਵਿਖੇ ਹੋਈ ਸੰਗਠਨਾਤਮਕ ਮੀਟਿੰਗ ਵਿੱਚ ਭਾਜਪਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਜ਼ਿਲ੍ਹਾ ਅਹੁਦੇਦਾਰਾਂ, ਮੰਡਲ ਪ੍ਰਧਾਨਾਂ ਅਤੇ ਸ਼ਕਤੀ ਕੇਂਦਰ ਮੁਖੀਆਂ ਨਾਲ ਸੰਗਠਨ ਦੀਆਂ ਗਤੀਵਿਧੀਆਂ, ਕਾਰਜ ਯੋਜਨਾ ਅਤੇ ਆਉਣ ਵਾਲੇ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੇ ਜ਼ਿਲ੍ਹੇ ਵਿੱਚ ਸ਼ਕਤੀ ਕੇਂਦਰਾਂ ਦੀ ਵਿਵਸਥਾ ਨੂੰ ਹੋਰ ਸਰਗਰਮ ਅਤੇ ਪ੍ਰਭਾਵਸ਼ਾਲੀ ਬਣਾਉਣ 'ਤੇ ਜ਼ੋਰ ਦਿੰਦਿਆਂ ਨਿਰਦੇਸ਼ ਦਿੱਤੇ ਕਿ ਸੂਬਾ ਅਤੇ ਜ਼ਿਲ੍ਹਾ ਪੱਧਰ ਦੀਆਂ ਮੀਟਿੰਗਾਂ ਦੀ ਤਰਜ਼ 'ਤੇ ਹਰ ਮਹੀਨੇ ਦੇ ਤੀਜੇ ਹਫ਼ਤੇ ਸ਼ਕਤੀ ਕੇਂਦਰਾਂ ਦੀ ਮੀਟਿੰਗ ਲਾਜ਼ਮੀ ਤੌਰ 'ਤੇ ਕਰਵਾਈ ਜਾਵੇ। ਇਨ੍ਹਾਂ ਮੀਟਿੰਗਾਂ ਵਿੱਚ ਬੂਥ ਪੱਧਰ ਤੱਕ ਸੰਗਠਨਾਤਮਕ ਗਤੀਵਿਧੀਆਂ ਦੀ ਸਮੀਖਿਆ, ਵਰਕਰਾਂ ਵਿਚਕਾਰ ਤਾਲਮੇਲ ਅਤੇ ਨਿਰਧਾਰਤ ਪ੍ਰੋਗਰਾਮਾਂ ਦੀ ਪ੍ਰਗਤੀ ਬਾਰੇ ਚਰਚਾ ਕੀਤੀ ਜਾਵੇ।

ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਸੰਗਠਨ ਦੀ ਮਜ਼ਬੂਤੀ ਸਿਰਫ਼ ਮੀਟਿੰਗਾਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਹਰ ਅਹੁਦੇਦਾਰ ਅਤੇ ਵਰਕਰ ਦੀ ਸਰਗਰਮ ਭਾਗੀਦਾਰੀ ਜ਼ਮੀਨੀ ਪੱਧਰ 'ਤੇ ਦਿਖਾਈ ਦੇਣੀ ਚਾਹੀਦੀ ਹੈ। ਸ਼ਕਤੀ ਕੇਂਦਰ ਮੁਖੀਆਂ ਅਤੇ ਮੰਡਲ ਪ੍ਰਧਾਨਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਬੂਥ ਪ੍ਰਧਾਨਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਅਤੇ ਸੰਗਠਨ ਦੀਆਂ ਯੋਜਨਾਵਾਂ ਤੇ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ। ਉਨ੍ਹਾਂ ਕਿਹਾ ਕਿ ਸੰਗਠਨ ਦੀ ਅਸਲ ਤਾਕਤ ਬੂਥ ਪੱਧਰ ਦੇ ਵਰਕਰਾਂ ਦੀ ਸਰਗਰਮੀ ਅਤੇ ਆਮ ਲੋਕਾਂ ਨਾਲ ਉਨ੍ਹਾਂ ਦੇ ਲਗਾਤਾਰ ਸੰਵਾਦ ਵਿੱਚ ਹੈ। ਭਾਜਪਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਨੂੰ ਹਰ ਘਰ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸੰਗਠਨ ਦੇ ਵਰਕਰ ਸਿਰਫ਼ ਯੋਜਨਾਵਾਂ ਬਾਰੇ ਜਾਣਕਾਰੀ ਦੇਣ ਤੱਕ ਹੀ ਸੀਮਤ ਨਾ ਰਹਿਣ, ਸਗੋਂ ਯੋਗ ਲੋਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਬੰਧਤ ਯੋਜਨਾਵਾਂ ਦਾ ਲਾਭ ਦਿਵਾਉਣ ਵਿੱਚ ਵੀ ਸਹਿਯੋਗ ਕਰਨ। ਆਉਣ ਵਾਲੇ ਦਿਨਾਂ ਵਿੱਚ ਵੱਖ-ਵੱਖ ਸਰਕਾਰੀ ਯੋਜਨਾਵਾਂ ਦੇ ਯੋਗ ਲਾਭਪਾਤਰੀਆਂ ਤੱਕ ਪਹੁੰਚਣ ਅਤੇ ਉਨ੍ਹਾਂ ਨੂੰ ਯੋਜਨਾਵਾਂ ਨਾਲ ਜੋੜਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਪ੍ਰਵੀਣ ਜੋੜਾ, ਸੂਬਾ ਜਨਰਲ ਸਕੱਤਰ ਵੇਦ ਫੁੱਲਾ, ਸੂਬਾ ਮੀਤ ਪ੍ਰਧਾਨ ਪ੍ਰੋ. ਰਵਿੰਦਰ ਬਲਿਆਲਾ, ਸਾਬਕਾ ਵਿਧਾਇਕ ਦੂੜਾਰਾਮ, ਸਾਬਕਾ ਵਿਧਾਇਕ ਲਕਸ਼ਮਣ ਨਾਪਾ, ਜ਼ਿਲ੍ਹਾ ਪਰਿਸ਼ਦ ਚੇਅਰਪਰਸਨ ਸੁਮਨ ਖੀਚੜ, ਜ਼ਿਲ੍ਹਾ ਮੀਤ ਪ੍ਰਧਾਨ ਅਸ਼ੋਕ ਜਾਖੜ, ਮਹਿਲਾ ਮੋਰਚਾ ਦੀ ਜ਼ਿਲ੍ਹਾ ਪ੍ਰਧਾਨ ਡਾ. ਸੁਮਨ ਬਜਾਜ, ਭਾਜਪਾ ਯੁਵਾ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਬਿੱਟੂ ਗੁਰਜਰ, ਜ਼ਿਲ੍ਹਾ ਮੀਡੀਆ ਇੰਚਾਰਜ ਕੰਵਲ ਚੌਧਰੀ ਸਮੇਤ ਪਾਰਟੀ ਦੇ ਕਈ ਸੀਨੀਅਰ ਅਹੁਦੇਦਾਰ ਅਤੇ ਵਰਕਰ ਮੌਜੂਦ ਸਨ।

ਡਾ. ਨਛੱਤਰ ਪਾਲ, ਵਿਧਾਇਕ ਨਵਾਂਸ਼ਹਿਰ ਵੱਲੋਂ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ

ਪੈ.ਗਾਮ-ਏ-ਜਗਤ
ਹਰੋਲੀ/ਊਨਾ, 12 ਨਵੰਬਰ
(ਰਾਜਵੀਰ ਚੋਪੜਾ)



ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਡਾ. ਨਛੱਤਰ ਪਾਲ, ਵਿਧਾਇਕ ਨਵਾਂਸ਼ਹਿਰ ਵੱਲੋਂ ਆਪਣੇ ਪਰਿਵਾਰ ਦੀ ਚੰਗੀ ਸਿਹਤ ਅਤੇ ਚੜ੍ਹਦੀ ਕਲਾ ਦੀ ਕਾਮਨਾ ਲਈ ਸੁਖਮਨੀ ਸਾਹਿਬ ਦੀ ਪਵਿੱਤਰ ਗੁਰਬਾਣੀ ਦੇ ਪਾਠ ਕਰਵਾਏ ਗਏ। ਬਾਬਾ ਨਰੇਸ਼ ਸਿੰਘ ਜੀ ਨੇ ਪਰਿਵਾਰ ਦੀ ਤੰਦਰੁਸਤੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਡਾ. ਨਛੱਤਰ ਪਾਲ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀ ਕਾਰ ਸੇਵਾ ਲਈ 21,000 ਰੁਪਏ ਦੀ ਸੇਵਾ ਭੇਟ ਕੀਤੀ ਗਈ। ਇਸ ਮੌਕੇ ਬਹੁਜਨ ਸਮਾਜ ਪਾਰਟੀ ਦੇ ਪੰਜਾਬ ਪ੍ਰਧਾਨ ਸਰਦਾਰ ਅਵਤਾਰ ਸਿੰਘ ਕਰੀਮਪੁਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਬਾਬਾ ਕੇਵਲ ਸਿੰਘ ਜੀ, ਬਾਬਾ ਸੁਖਦੇਵ ਸਿੰਘ ਜੀ ਅਤੇ ਬਾਬਾ ਨਰੇਸ਼ ਸਿੰਘ ਜੀ ਵੱਲੋਂ ਡਾ. ਨਛੱਤਰ ਪਾਲ ਸਿੰਘ, ਉਨ੍ਹਾਂ ਦੇ ਪਰਿਵਾਰ, ਡਾ. ਅਵਤਾਰ ਸਿੰਘ ਕਰੀਮਪੁਰੀ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਵਜੋਂ ਸਿਰੋਪੇ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਮੋਹਾਲੀ ਨੂੰ ਪੰਜਾਬ ਦੇ ਵਿਕਾਸ ਦੇ ਮਾਡਲ ਵਜੋਂ ਵਿਕਸਿਤ ਕਰਨਾ ਮੁੱਖ ਤਰਜੀਹ : ਡਿਪਟੀ ਕਮਿਸ਼ਨਰ ਅਦਿੱਤਿਆ ਡਚਲਵਾਲ

ਸਾਹਿਬਜ਼ਾਦਾ ਅਜੀਤ ਸਿੰਘ ਨਗਰ
12 ਨਵੰਬਰ (ਪੈ.ਗਾਮ-ਏ-ਜਗਤ)

- **ਪੱਤਰਕਾਰਾਂ ਨਾਲ ਪਲੇਠੀ ਮਿਲਣੀ ਦੌਰਾਨ ਜਨਗਣਨਾ, ਵੋਟਰ ਸੂਚੀਆਂ ਦੀ ਸੁਧਾਈ, ਨਸ਼ਾ ਵਿਰੋਧੀ ਮੁਹਿੰਮ ਅਤੇ ਸ਼ਹਿਰੀ ਵਿਕਾਸ ਸਮੇਤ ਗਿਣਵਾਈਆਂ ਤਰਜੀਹਾਂ**

ਨਵ-ਨਿਯੁਕਤ ਡਿਪਟੀ ਕਮਿਸ਼ਨਰ ਅਦਿੱਤਿਆ ਡਚਲਵਾਲ ਨੇ ਅਹੁਦਾ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਆਪਣੀ ਪਹਿਲੀ ਮਿਲਣੀ ਦੌਰਾਨ ਕਿਹਾ ਕਿ ਮੋਹਾਲੀ ਪੰਜਾਬ ਦਾ ਗੇਟਵੇਅ ਹੈ ਅਤੇ ਇਸ ਨੂੰ ਸੂਬੇ ਦੇ ਵਿਕਾਸ ਦੇ ਮਾਡਲ ਵਜੋਂ ਵਿਕਸਿਤ ਕਰਨ ਲਈ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆਈ.ਟੀ., ਸਿੱਖਿਆ ਅਤੇ ਸਿਹਤ ਦੇ ਖੇਤਰਾਂ ਵਿੱਚ ਮੋਹਾਲੀ ਤੇਜ਼ੀ ਨਾਲ ਉੱਭਰ ਰਿਹਾ ਹੈ ਅਤੇ ਇੱਥੋਂ ਸ਼ੁਰੂ ਕੀਤੀਆਂ ਜਾਣ ਵਾਲੀਆਂ ਚੰਗੀਆਂ ਪਹਿਲਕਦਮੀਆਂ ਪੂਰੇ ਪੰਜਾਬ ਲਈ ਰਾਹ ਦਸੇਰਾ ਬਣ ਸਕਦੀਆਂ ਹਨ।

ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹੇ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰਨਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 16 ਤੋਂ 30 ਨਵੰਬਰ ਤੱਕ ਜਨਗਣਨਾ ਲਈ ਸਵੈ-ਗਣਨਾ ਦੀ ਪ੍ਰਕਿਰਿਆ ਚੱਲੇਗੀ ਅਤੇ ਪਹਿਲੀ ਦਸੰਬਰ ਤੋਂ ਟੀਮਾਂ ਘਰ-ਘਰ ਜਾ ਕੇ ਜਾਣਕਾਰੀ ਇਕੱਠੀ ਕਰਨਗੀਆਂ। ਉਨ੍ਹਾਂ ਲੋਕਾਂ, ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ ਅਤੇ ਮੁਹੱਲਾ ਕਮੇਟੀਆਂ ਨੂੰ ਇਸ ਕਾਰਜ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ। ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਬਾਰੇ ਉਨ੍ਹਾਂ ਕਿਹਾ ਕਿ 11 ਦਸੰਬਰ ਤੱਕ ਦਾਅਵੇ ਅਤੇ ਇਤਰਾਜ਼ ਦਰਜ ਕਰਵਾਏ ਜਾ ਸਕਦੇ ਹਨ ਅਤੇ ਅੰਤਿਮ ਵੋਟਰ ਸੂਚੀ 4 ਜਨਵਰੀ 2027 ਨੂੰ ਪ੍ਰਕਾਸ਼ਿਤ ਹੋਵੇਗੀ। ਉਨ੍ਹਾਂ ਨੌਜਵਾਨਾਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ ਅਤੇ ਵੇਰਵਿਆਂ ਦੀ ਜਾਂਚ ਕਰਨ ਦੀ ਅਪੀਲ ਕੀਤੀ।



ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਜ਼ਿਲ੍ਹੇ ਵਿੱਚ ਹੋਰ ਤੇਜ਼ ਕੀਤਾ ਜਾਵੇਗਾ ਅਤੇ ਇਸ ਵਿੱਚ ਲੋਕਾਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ। ਇਸ ਤੋਂ ਇਲਾਵਾ ਬਿਲਡਰਾਂ ਵੱਲੋਂ ਪੈਸੇ ਲੈਣ ਦੇ ਬਾਵਜੂਦ ਫਲੈਟਾਂ ਦਾ ਸਮੇਂ ਸਿਰ ਕਬਜ਼ਾ ਨਾ ਦੇਣ ਅਤੇ ਅਣਅਧਿਕਾਰਤ ਇਮੀਗ੍ਰੇਸ਼ਨ ਕੰਪਨੀਆਂ ਵੱਲੋਂ ਕੀਤੀਆਂ ਜਾ ਰਹੀਆਂ ਧੋਖਾਧੜੀਆਂ ਦੇ ਮਾਮਲਿਆਂ ਨੂੰ ਵੀ ਗੰਭੀਰਤਾ ਨਾਲ ਲਿਆ ਜਾਵੇਗਾ।

ਸ਼ਹਿਰੀ ਵਿਕਾਸ ਬਾਰੇ ਉਨ੍ਹਾਂ ਸਪੱਸ਼ਟ ਕੀਤਾ ਕਿ ਨਾਜਾਇਜ਼ ਉਸਾਰੀਆਂ, ਕਬਜ਼ਿਆਂ ਅਤੇ ਬੇਤਰਤੀਬੇ ਵਿਕਾਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਪ੍ਰਵਾਨਿਤ ਨਕਸ਼ਿਆਂ ਤੋਂ ਬਿਨਾਂ ਉਸਾਰੀ ਦੀ ਇਜਾਜ਼ਤ ਨਹੀਂ ਹੋਵੇਗੀ ਅਤੇ ਜਨਤਕ ਥਾਵਾਂ ਵਿੱਚ ਰੁਕਾਵਟ ਪਾਉਣ ਵਾਲਿਆਂ ਵਿਰੁੱਧ ਸੀਲਿੰਗ ਤੇ ਢਾਹੁਣ ਵਰਗੇ ਕਦਮ ਚੁੱਕੇ ਜਾਣਗੇ। ਜ਼ੀਰਕਪੁਰ, ਖਰੜ ਅਤੇ ਲਾਂਡਰਾਂ ਸਮੇਤ ਸਕੂਲਾਂ ਦੇ ਆਲੇ-ਦੁਆਲੇ ਆਵਾਜਾਈ ਦੀ ਸਮੱਸਿਆ ਦੇ ਹੱਲ ਲਈ ਉਹ ਖ਼ੁਦ ਪ੍ਰਮੁੱਖ ਸੜਕਾਂ ਦਾ ਨਿਰੀਖਣ ਕਰਨਗੇ। ਪੁਲਿਸ ਅਤੇ ਸੜਕ ਸੁਰੱਖਿਆ ਮਾਹਿਰਾਂ ਨਾਲ ਤਾਲਮੇਲ ਕਰਕੇ ਬਦਲਵੇਂ ਰਸਤੇ ਅਤੇ ਇਕਹਿਰੀ ਆਵਾਜਾਈ ਵਰਗੇ ਉਪਾਵਾਂ 'ਤੇ ਵਿਚਾਰ ਕੀਤਾ ਜਾਵੇਗਾ। ਬਰਸਾਤੀ ਮੌਸਮ ਦੌਰਾਨ ਪਾਣੀ ਭਰਨ ਦੀ ਸਮੱਸਿਆ ਨਾਲ ਨਜਿੱਠਣ ਲਈ ਵੀ ਅਗਾਊਂ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਜਾਣਗੇ।

ਜਨਤਕ ਸੁਰੱਖਿਆ ਬਾਰੇ ਉਨ੍ਹਾਂ ਕਿਹਾ ਕਿ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵਿਚਕਾਰ ਬਿਹਤਰ ਤਾਲਮੇਲ ਬਣਾਇਆ ਜਾਵੇਗਾ। ਲੋਕਾਂ ਨੂੰ ਫਿਰੌਤੀ ਦੀਆਂ ਧਮਕੀਆਂ ਜਾਂ ਸ਼ੱਕੀ ਗਤੀਵਿਧੀਆਂ ਦੀ ਸੂਚਨਾ ਤੁਰੰਤ ਪੁਲਿਸ ਨੂੰ ਦੇਣ ਦੀ ਅਪੀਲ ਕੀਤੀ।

ਅੰਤ ਵਿੱਚ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਦਫ਼ਤਰ ਸਾਰੇ ਕੰਮਕਾਜੀ ਦਿਨਾਂ ਦੌਰਾਨ ਲੋਕਾਂ ਲਈ ਖੁੱਲ੍ਹਾ ਰਹੇਗਾ ਅਤੇ ਕਿਸੇ ਵੀ ਵਿਅਕਤੀ ਨੂੰ ਮਿਲਣ ਲਈ ਪਹਿਲਾਂ ਸਮਾਂ ਲੈਣ ਜਾਂ ਵਿਚੋਲੇ ਦੀ ਲੋੜ ਨਹੀਂ ਹੋਵੇਗੀ। ਵਿਭਾਗੀ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ ਅਤੇ ਕੰਮਕਾਜ ਦਾ ਮੁਲਾਂਕਣ ਜ਼ਮੀਨੀ ਪੱਧਰ ਦੇ ਨਤੀਜਿਆਂ ਦੇ ਆਧਾਰ 'ਤੇ ਹੋਵੇਗਾ।

ਜਗਦੀਪ ਛੰਨਾ ਉਗਰਾਹਾਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਚੁਣੇ ਗਏ



ਪਟਿਆਲਾ (ਪੈ.ਗਾਮ-ਏ-ਜਗਤ)

ਭਾਰਤੀ ਕਿਸਾਨ ਯੂਨੀਅਨ (ਏਕਤਾ—ਉਗਰਾਹਾਂ) ਜਿਲਾ ਪਟਿਆਲਾ ਦਾ ਡੈਲੀਗੇਟ ਇਜਲਾਸ ਗੁਰਦੁਆਰਾ ਗਾਜੇਵਾਸ (ਪਟਿਆਲਾ) ਵਿਖੇ ਹੋਇਆ। ਜਿਸ ਵਿੱਚ ਸਾਰੇ ਬਲਾਕ ਦੇ ਪ੍ਰਧਾਨ/ਸਕੱਤਰਾਂ ਤੇ ਬਲਾਕਾਂ ਵਿਚੋਂ ਚੁਣੇ ਗਏ 62 ਡੇਲੀਗੇਟ (125 ਪਿਛੇ ਇੱਕ) ਨੇ ਚੋਣ ਵਿੱਚ ਹਿੱਸਾ ਲਿਆ।

ਸੂਬਾ ਮੀਤ ਪ੍ਰਧਾਨ ਜਨਕ ਸਿੰਘ ਭੁਟਾਲ ਤੇ ਪ੍ਰੈਸ ਸਕੱਤਰ ਜਗਤਾਰ ਸਿੰਘ ਕਾਲਾ ਝਾੜ ਨਿਗਰਾਨ ਵਜੋਂ ਇਜਲਾਸ ਵਿੱਚ ਸ਼ਾਮਲ ਹੋਏ। ਜਿਲਾ ਡੇਲੀਗੇਟਾਂ ਵਲੋਂ ਸਰਬ ਸੰਮਤੀ ਨਾਲ 10 ਮੈਂਬਰੀ ਜਿਲਾ ਕਮੇਟੀ ਦੀ ਚੋਣ ਕੀਤੀ ਗਈ। ਚੋਣ ਤੋਂ ਪਹਿਲਾਂ ਸੂਬਾ ਆਗੂਆਂ ਨੇ ਜਥੇਬਦੀ ਦੇ ਪੁਰਾਣੇ ਇਤਿਹਾਸ, ਵੱਖ—ਵੱਖ ਸਮੇਂ ਹੋਏ ਵੱਡੇ ਜਮੀਨੀ ਅੰਦੋਲਨਾਂ ਵਿੱਚ ਜਥੇਬੰਦੀ ਦੇ ਯੋਗਦਾਨ, ਕਰਜਾ—ਕੁਰਕੀ ਘੋਲ, ਫਸਲਾਂ ਅਤੇ ਖੁਦਕਸ਼ੀ ਪੀੜਤ ਪਰਿਵਾਰਾਂ ਨੂੰ ਮੁਆਵਜਾ ਤੇ ਜਥੇਬੰਦੀ ਦੇ ਵਿਧਾਨ ਵਾਲੇ ਵਿਸਥਾਰ ਵਿੱਚ ਚਾਨਣਾ ਪਾਇਆ। ਜਿਲਾ ਸਕੱਤਰ ਨੇ ਜਿਲੇ ਦੀ ਕਾਰਗੁਜਾਰੀ ਰਿਪੋਰਟ ਇਜਲਾਸ ਅੱਗੇ ਰੱਖੀ ਜਿਲਾ ਖਜਾਨਚੀ ਨੇ ਪਿਛਲੇ ਸਮੇਂ ਵਿੱਚ ਜਿਲੇ ਵਿੱਚੋਂ ਇਕੱਠੇ ਹੋਏ ਫੰਡ ਤੇ ਆਮਦਨ/ਖਰਚ ਦਾ ਵਿਸਥਾਰੀ ਵੇਰਵਾ ਰੱਖਿਆ ਗਿਆ। ਕਾਰਗੁਜਾਰੀ ਰਿਪੋਰਟ ਨੂੰ ਸਰਬ ਸੰਮਤੀ ਨਾਲ ਪਾਸ ਕੀਤਾ ਗਿਆ ਤੇ ਸਰਬ ਸੰਮਤੀ ਨਲ ਜਗਦੀਪ ਸਿੰਘ ਛੰਨਾ ਨੂੰ ਜਿਲਾ ਪ੍ਰਧਾਨ, ਬਲਰਾਜ ਸਿੰਘ ਜੋਸ਼ੀ ਨੂੰ ਸੀਨੀਅਰ ਮੀਤ ਪ੍ਰਧਾਨ, ਸੁਖਮਿੰਦਰ ਸਿੰਘ ਬਾਰਨ ਨੂੰ ਜਿਲਾ ਜਨਰਲ ਸਕੱਤਰ, ਮਨਦੀਪ ਕੌਰ ਬਾਰਨ ਨੂੰ ਮੀਤ ਪ੍ਰਧਾਨ, ਜਗਮੇਲ ਸਿੰਘ ਗਾਜੇਵਾਸ ਨੂੰ ਜਿਲਾ ਖਜਾਨਚੀ, ਹਰਦੇਵ ਸਿੰਘ ਘੱਗਾ ਪ੍ਰਚਾਰ ਸਕੱਤਰ, ਮੈਂਬਰ ਰਾਜਿੰਦਰ ਸਿੰਘ, ਸਲਾਹਕਾਰ ਬਲਮ ਸਿੰਘ ਨਿਆਲ, ਹਰਦੀਪ ਸਿੰਘ ਡਰੌਲੀ ਅਤੇ ਲਾਭ ਸਿੰਘ ਬਰਾਸ ਚੁਣੇ ਗਏ। ਸੂਬਾ ਇਜਲਾਸ ਲਈ 22 ਮੈਂਬਰੀ ਸੂਬਾ ਡੇਲੀਗੇਟ ਚੁਣੇ ਗਏ। ਅੰਤ ਵਿੱਚ ਨਵੀਂ ਚੁਣੀ ਜਿਲਾ ਕਮੇਟੀ ਵਲੋਂ ਡੇਲੀਗੇਟਾਂ ਵੱਲੋਂ ਕਮੇਟੀ ਪ੍ਰਤੀ ਪ੍ਰਗਟਾਏ ਵਿਸ਼ਵਾਸ ਲਈ ਧੰਨਵਾਦ ਕੀਤਾ ਤੇ ਆਉਣ ਵਾਲੇ ਸਮੇਂ ਵਿੱਚ ਸੰਘਰਸ਼ਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਦਾ ਅਹਿਦ ਲਿਆ ਗਿਆ।

ਗੜ੍ਹੇਮਾਰੀ ਕਾਰਨ ਤਬਾਹ ਹੋਈ ਫ਼ਸਲ ਦੇ ਮੁਆਵਜ਼ੇ ਨੂੰ ਲੈ ਕੇ ਕਿਸਾਨਾਂ ਦਾ ਗੁੱਸਾ ਫੁੱਟਿਆ

ਪੈ.ਗਾਮ-ਏ-ਜਗਤ
ਰਤੀਆ, 12 ਨਵੰਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

- **ਰਤੀਆ ਐੱਸ.ਡੀ.ਐੱਮ. ਦ.ਫਤਰ ਵਿਖੇ ਜ਼ੋਰਦਾਰ ਪ੍ਰਦਰਸ਼ਨ**



ਇਲਾਕੇ ਦੇ ਕਈ ਪਿੰਡਾਂ ਵਿੱਚ 24 ਅਕਤੂਬਰ ਨੂੰ ਹੋਈ ਗੜ੍ਹੇਮਾਰੀ ਕਾਰਨ ਤਬਾਹ ਹੋਈ ਝੋਨੇ ਦੀ ਫ਼ਸਲ ਦਾ ਢੁੱਕਵਾਂ ਮੁਆਵਜ਼ਾ ਦੇਣ ਅਤੇ ਸਰਵੇਖਣ ਰਿਪੋਰਟ ਜਨਤਕ ਕਰਨ ਦੀ ਮੰਗ ਨੂੰ ਲੈ ਕੇ ਵੀਰਵਾਰ ਨੂੰ ਕਿਸਾਨਾਂ ਦਾ ਗੁੱਸਾ ਫੁੱਟ ਪਿਆ। ਸੰਯੁਕਤ ਕਿਸਾਨ ਮੋਰਚਾ ਅਤੇ ਆਲ ਇੰਡੀਆ ਕਿਸਾਨ ਸਭਾ ਦੇ ਬੈਨਰ ਹੇਠ ਸੈਂਕੜੇ ਪੀੜਤ ਕਿਸਾਨਾਂ ਨੇ ਰਤੀਆ ਦੇ ਐੱਸ.ਡੀ.ਐੱਮ. ਦ.ਫਤਰ ਵਿਖੇ ਇਕੱਠੇ ਹੋ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਅਤੇ ਧਰਨਾ ਦਿੱਤਾ। ਧਰਨੇ ਤੋਂ ਬਾਅਦ ਕਿਸਾਨਾਂ ਨੇ ਆਪਣੀਆਂ ਮੁੱਖ ਮੰਗਾਂ ਸਬੰਧੀ ਐੱਸ.ਡੀ.ਐੱਮ. ਰਤੀਆ ਨੂੰ ਮੰਗ ਪੱਤਰ ਵੀ ਸੌਂਪਿਆ। ਪ੍ਰਦਰਸ਼ਨ ਦੀ ਪ੍ਰਧਾਨਗੀ ਕਿਸਾਨ ਸਭਾ ਦੇ ਰਤੀਆ ਤਹਿਸੀਲ ਪ੍ਰਧਾਨ ਕਰਨੈਲ ਸਿੰਘ ਨੇ ਕੀਤੀ, ਜਦਕਿ ਤਹਿਸੀਲ ਸਕੱਤਰ ਮੰਗਤ ਰਾਮ ਨੇ ਮੰਚ ਸੰਚਾਲਨ ਕੀਤਾ। ਧਰਨੇ ਨੂੰ ਮੁੱਖ ਬੁਲਾਰਿਆਂ ਵਜੋਂ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਵਿਸ਼ਨੂੰਦੱਤ ਅਤੇ ਜ਼ਿਲ੍ਹਾ ਸਕੱਤਰ ਮਾਸਟਰ ਰਾਜਿੰਦਰ ਬਾਟੂ ਨੇ ਸੰਬੋਧਨ ਕੀਤਾ।

19 ਦਿਨ ਬੀਤਣ ਦੇ ਬਾਵਜੂਦ ਸਰਕਾਰ ਨੇ ਕਿਸਾਨਾਂ ਦੇ ਹੰਝੂ ਨਹੀਂ ਪੂੰਝੇ

ਧਰਨੇ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰਿਆਂ ਜ਼ਿਲ੍ਹਾ ਪ੍ਰਧਾਨ ਵਿਸ਼ਨੂੰਦੱਤ ਅਤੇ ਜ਼ਿਲ੍ਹਾ ਸਕੱਤਰ ਮਾਸਟਰ ਰਾਜਿੰਦਰ ਬਾਟੂ ਨੇ ਕਿਹਾ ਕਿ 24 ਅਕਤੂਬਰ ਨੂੰ ਹੋਈ ਭਿਆਨਕ ਗੜ੍ਹੇਮਾਰੀ ਕਾਰਨ ਇਲਾਕੇ ਦੇ ਕਈ ਪਿੰਡਾਂ ਵਿੱਚ ਕਿਸਾਨਾਂ ਦੀ ਪੱਕੀ ਹੋਈ ਝੋਨੇ ਦੀ ਫ਼ਸਲ ਪੂਰੀ ਤਰ੍ਹਾਂ ਤਬਾਹ ਹੋ ਗਈ ਸੀ। ਇਸ ਕੁਦਰਤੀ ਆਫ਼ਤ ਨੂੰ 19 ਦਿਨ ਬੀਤ ਜਾਣ ਦੇ ਬਾਵਜੂਦ ਸਰਕਾਰ ਅਤੇ ਪ੍ਰਸ਼ਾਸਨ ਨੇ ਪੀੜਤ ਕਿਸਾਨਾਂ ਦੇ ਹੰਝੂ ਪੂੰਝਣ ਲਈ ਕੋਈ ਕਦਮ ਨਹੀਂ ਚੁੱਕਿਆ। ਆਗੂਆਂ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਇੱਕ ਪਾਸੇ ਪੂਰਾ ਦੇਸ਼ ਧਨਤੇਰਸ ਮੌਕੇ ਸੋਨਾ ਅਤੇ ਗਹਿਣੇ ਖਰੀਦ ਰਿਹਾ ਸੀ ਅਤੇ ਦੀਵਾਲੀ ਦਾ ਜਸ਼ਨ ਮਨਾ ਰਿਹਾ ਸੀ, ਜਦਕਿ ਦੂਜੇ ਪਾਸੇ ਫ਼ਸਲ ਬਰਬਾਦ ਹੋਣ ਕਾਰਨ ਅੰਨਦਾਤਿਆਂ ਦੇ ਘਰਾਂ ਵਿੱਚ ਮਾਤਮ ਛਾਇਆ ਹੋਇਆ ਸੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਜਲਦੀ ਹੀ ਕਿਸਾਨਾਂ ਨੂੰ ਇਨਸਾਫ਼ ਅਤੇ ਪੂਰਾ ਮੁਆਵਜ਼ਾ ਨਾ ਦਿੱਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਕਿਸਾਨ ਆਗੂ ਕੇਵਲ ਸਿੰਘ, ਅਮਰ ਸਿੰਘ, ਛਤਰਪਾਲ ਸਿੰਘ, ਮਨੀਸ਼ ਸਿਵਾਚ, ਡੀ.ਵਾਈ.ਐੱਫ.ਆਈ. ਵੱਲੋਂ ਪਵਨ ਕੁਮਾਰ, ਹਮੀਦ ਸਮੈਣ, ਬਲਵਿੰਦਰ ਸਿੰਘ ਨੈਨ, ਭਾਰਤੀ ਕਿਸਾਨ ਯੂਨੀਅਨ ਖੇਤੀ ਬਚਾਓ ਵੱਲੋਂ ਰਾਜਿੰਦਰ ਚਾਹਲ ਸਮੇਤ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਅਹੁਦੇਦਾਰਾਂ ਅਤੇ ਪੀੜਤ ਕਿਸਾਨਾਂ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਸਰਕਾਰ ਦੀਆਂ ਨੀਤੀਆਂ ਖ਼?ਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਮੰਗ ਪੱਤਰ ਵਿੱਚ ਉਠਾਈਆਂ ਗਈਆਂ ਮੁੱਖ ਮੰਗਾਂ

ਐੱਸ.ਡੀ.ਐੱਮ. ਨੂੰ ਸੌਂਪੇ ਗਏ ਮੰਗ ਪੱਤਰ ਵਿੱਚ ਕਿਸਾਨਾਂ ਨੇ ਪ੍ਰਸ਼ਾਸਨ ਤੋਂ ਤੁਰੰਤ ਹੱਲ ਦੀ ਮੰਗ ਕਰਦਿਆਂ ਕਈ ਮੁੱਦੇ ਉਠਾਏ। ਕਿਸਾਨਾਂ ਨੇ ਮੰਗ ਕੀਤੀ ਕਿ ਨੁਕਸਾਨੀ ਗਈ ਝੋਨੇ ਦੀ ਫ਼ਸਲ ਦੀ ਸਰਵੇਖਣ ਰਿਪੋਰਟ ਤੁਰੰਤ ਜਨਤਕ ਕੀਤੀ ਜਾਵੇ। ਪੀੜਤ ਕਿਸਾਨਾਂ ਨੂੰ ਇਨਸਾਫ਼ ਦਿੰਦਿਆਂ ਤਬਾਹ ਹੋਈ ਫ਼ਸਲ ਦਾ ਸੌ ਫ਼ੀਸਦੀ ਮੁਆਵਜ਼ਾ ਦਿੱਤਾ ਜਾਵੇ।

ਮੁਆਵਜ਼ੇ ਦੀ ਗਿਣਤੀ ਲਈ ਪੂਰੇ ਪਿੰਡ ਨੂੰ ਇਕਾਈ ਮੰਨਣ ਦੀ ਬਜਾਏ ਪ੍ਰਤੀ ਏਕੜ ਨੂੰ ਇਕਾਈ ਮੰਨਿਆ ਜਾਵੇ। ਫ਼ਸਲ ਦੇ ਨੁਕਸਾਨ ਦੀ ਦਰਜਬੰਦੀ ਲਈ ਸਿਰਫ਼ ਪੰਜ ਏਕੜ ਦੀ ਹੱਦ ਖ਼ਤਮ ਕੀਤੀ ਜਾਵੇ, ਪੂਰੇ ਨੁਕਸਾਨੇ ਖੇਤ ਨੂੰ ਪੋਰਟਲ 'ਤੇ ਦਰਜ ਕੀਤਾ ਜਾਵੇ ਅਤੇ ਪੂਰੇ ਰਕਬੇ ਦਾ ਮੁਆਵਜ਼ਾ ਦਿੱਤਾ ਜਾਵੇ। ਇਸ ਸੰਕਟ ਦੀ ਘੜੀ ਵਿੱਚ ਪੀੜਤ ਕਿਸਾਨਾਂ ਦੇ ਛੇ ਮਹੀਨਿਆਂ ਦੇ ਬਿਜਲੀ ਬਿੱਲ ਅਤੇ ਬੈਂਕ ਕਰਜ਼ਿਆਂ ਦਾ ਵਿਆਜ ਮੁਆਫ਼ ਕੀਤਾ ਜਾਵੇ। ਆਉਣ ਵਾਲੀ ਕਣਕ ਦੀ ਬਿਜਾਈ ਲਈ ਕਿਸਾਨਾਂ ਨੂੰ ਬੀਜ, ਖਾਦ, ਤੇਲ ਅਤੇ ਦਵਾਈਆਂ ਮੁਫ਼ਤ ਮੁਹੱਈਆ ਕਰਵਾਈਆਂ ਜਾਣ। ਫ਼ਸਲ ਦੇ ਨੁਕਸਾਨ ਦੀ ਗਲਤ ਦਰਜਬੰਦੀ ਕਰਨ ਵਾਲੀਆਂ ਬੀਮਾ ਕੰਪਨੀਆਂ ਖ਼ਿਲਾਫ਼ ਸਜ਼ਾਯੋਗ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਪੂਰਾ ਮੁਆਵਜ਼ਾ ਦੇਣ ਲਈ ਪਾਬੰਦ ਕੀਤਾ ਜਾਵੇ।

ਕੌਮੀ ਰਿਕਾਰਡ ਬਣਾਉਣ ਵਾਲੀਆਂ ਸਾਈਕਲਿਸਟ ਧੀਆਂ ਤੇ ਤਗਮਾ ਜੇਤੂ ਲੜਕਿਆਂ ਦਾ ਕੀਤਾ ਸਨਮਾਨ

ਪੈ.ਗਾਮ-ਏ-ਜਗਤ
ਪਟਿਆਲਾ, 12 ਨਵੰਬਰ
(ਪਰਮਜੀਤ ਸਿੰਘ ਪਰਵਾਨਾ)

- **ਦਰਸ਼ਨ ਸਿੰਘ ਧਾਲੀਵਾਲ ਨੇ ਖਿਡਾਰੀਆਂ ਨੂੰ 25-25 ਹਜ਼ਾਰ ਰੁਪਏ ਦੇ ਨਕਦ ਇਨਾਮ ਦਿੱਤੇ**
- **ਰਾਂਚੀ ਚੈਂਪੀਅਨਸ਼ਿਪ ਵਿੱਚ ਪੰਜਾਬ ਦੀ ਟੀਮ ਨੂੰ ਮਿਲਿਆ 'ਬੈਸਟ ਫੇਅਰ ਪਲੇਅ ਐਵਾਰਡ'**



ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਅੱਜ ਸੂਰਿਆ ਕੰਪਲੈਕਸ ਵਿਖੇ ਕਰਵਾਏ ਸਮਾਗਮ ਦੌਰਾਨ ਰਾਂਚੀ (ਝਾਰਖੰਡ) ਵਿੱਚ ਹੋਈ ਕੌਮੀ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਵਿੱਚ ਨਵਾਂ ਕੌਮੀ ਰਿਕਾਰਡ ਬਣਾਉਣ ਵਾਲੀ ਪੰਜਾਬ ਦੀ ਸਬ-ਜੂਨੀਅਰ ਲੜਕੀਆਂ ਦੀ ਟੀਮ ਅਤੇ ਤਗਮਾ ਜੇਤੂ ਲੜਕਿਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਪੰਜਾਬ ਦੀ ਟੀਮ ਦੇ ਕੋਚਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਐਸੋਸੀਏਸ਼ਨ ਦੇ ਮੁੱਖ ਸਰਪ੍ਰਸਤ, ਉੱਘੇ ਉਦਯੋਗਪਤੀ ਅਤੇ ਕੌਮਾਂਤਰੀ ਪੱਧਰ 'ਤੇ ਸਮਾਜ ਸੇਵਾ ਨਾਲ ਜੁੜੇ ਦਰਸ਼ਨ ਸਿੰਘ ਧਾਲੀਵਾਲ ਨੇ ਸਨਮਾਨਤ ਖਿਡਾਰੀਆਂ ਨੂੰ 25-25 ਹਜ਼ਾਰ ਰੁਪਏ ਦੇ ਨਕਦ ਇਨਾਮ ਭੇਟ ਕੀਤੇ ਅਤੇ ਐਸੋਸੀਏਸ਼ਨ ਨੂੰ 4 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਇਸ ਮੌਕੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ, ਖ਼ਜ਼ਾਨਚੀ ਬੀ. ਐੱਸ. ਸੂਦਨ ਅਤੇ ਉਪ ਪ੍ਰਧਾਨ ਐੱਸ. ਪੀ. ਸਿੰਘ ਵੀ ਹਾਜ਼ਰ ਸਨ। ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਪੰਜਾਬ ਦੀਆਂ ਸਬ-ਜੂਨੀਅਰ ਖਿਡਾਰਨਾਂ ਨੇ ਟੀਮ ਸਪ੍ਰਿੰਟ ਮੁਕਾਬਲੇ ਵਿੱਚ ਸੱਤ ਸਾਲ ਪੁਰਾਣਾ ਕੌਮੀ ਰਿਕਾਰਡ ਤੋੜਦਿਆਂ ਸੋਨ ਤਗਮਾ ਜਿੱਤਿਆ। ਇਸ ਰਿਕਾਰਡਧਾਰੀ ਟੀਮ ਵਿੱਚ ਜਪਨੀਤ ਕੌਰ, ਪਲਕਪ੍ਰੀਤ ਕੌਰ, ਗੁੰਨਤਾ ਸੰਧੂ ਅਤੇ ਪ੍ਰੀਤੀ ਸ਼ਾਹ ਸ਼ਾਮਲ ਸਨ। ਸਮਾਗਮ ਦੌਰਾਨ ਪੰਜਾਬ ਦੀ ਟੀਮ ਦੇ ਮੁੱਖ ਕੋਚ ਸਤਵਿੰਦਰ ਸਿੰਘ, ਕੋਚ ਭੁਪਿੰਦਰ ਕੁਮਾਰ ਤੇ ਇਕਵਿੰਦਰ ਸਿੰਘ ਅਤੇ ਮਹਿਲਾ ਕੋਚ ਹਰਪ੍ਰੀਤ ਕੌਰ ਨੂੰ ਖਿਡਾਰੀਆਂ ਦੀ ਸਿਖਲਾਈ ਅਤੇ ਮਾਰਗਦਰਸ਼ਨ ਲਈ ਸਨਮਾਨਿਤ ਕੀਤਾ ਗਿਆ। ਕਾਹਲੋਂ ਨੇ ਦੱਸਿਆ ਕਿ ਸੀਨੀਅਰ ਪੁਰਸ਼ਾਂ ਦੇ 10 ਕਿਲੋਮੀਟਰ ਸਕ੍ਰੈਚ ਮੁਕਾਬਲੇ ਵਿੱਚ ਪੰਜਾਬ ਦੇ ਹਰਸ਼ਵੀਰ ਸਿੰਘ ਸੇਖੋਂ ਨੇ ਸੋਨ ਤਗਮਾ ਜਿੱਤਿਆ। ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਵੱਲੋਂ ਇਸੇ ਚੈਂਪੀਅਨਸ਼ਿਪ ਦੌਰਾਨ ਪੰਜਾਬ ਦੀ ਟੀਮ ਨੂੰ ਖੇਡ ਭਾਵਨਾ ਅਤੇ ਅਨੁਸ਼ਾਸਨ ਲਈ 'ਬੈਸਟ ਫੇਅਰ ਪਲੇਅ ਐਵਾਰਡ' ਵੀ ਦਿੱਤਾ ਗਿਆ।

ਕਾਹਲੋਂ ਨੇ ਦੱਸਿਆ ਕਿ ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਨੇ 2027 ਦੀ ਕੌਮੀ ਟਰੈਕ ਸਾਈਕਲਿੰਗ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਪੰਜਾਬ ਨੂੰ ਸੌਂਪੀ ਹੈ। ਇਹ ਚੈਂਪੀਅਨਸ਼ਿਪ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਕਰਵਾਈ ਜਾਵੇਗੀ। ਸਮਾਗਮ ਦੌਰਾਨ ਮੇਜ਼ਬਾਨ ਰਾਜ ਨੂੰ ਦਿੱਤਾ ਜਾਣ ਵਾਲਾ ਫੈਡਰੇਸ਼ਨ ਦਾ ਝੰਡਾ ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੂੰ ਭੇਟ ਕੀਤਾ ਗਿਆ। ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਕੋਚਾਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਬ-ਜੂਨੀਅਰ ਲੜਕੀਆਂ ਦਾ ਕੌਮੀ ਰਿਕਾਰਡ ਉਨ੍ਹਾਂ ਦੀ ਲਗਾਤਾਰ ਮਿਹਨਤ ਅਤੇ ਕੋਚਾਂ ਵੱਲੋਂ ਦਿੱਤੀ ਸਿਖਲਾਈ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਦੀ ਕਾਰਜਕਾਰਨੀ ਪਿਛਲੇ ਕਈ ਮਹੀਨਿਆਂ ਤੋਂ ਪੰਜਾਬ ਵਿੱਚ ਸਾਈਕਲਿੰਗ ਨੂੰ ਮੁੜ ਪ੍ਰਫੁੱਲਤ ਕਰਨ ਲਈ ਕੰਮ ਕਰ ਰਹੀ ਹੈ।

ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਪੰਜਾਬ ਨੂੰ ਮਿਲੀ ਮੇਜ਼ਬਾਨੀ ਐਸੋਸੀਏਸ਼ਨ ਲਈ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਚੈਂਪੀਅਨਸ਼ਿਪ ਦੀਆਂ ਤਿਆਰੀਆਂ ਦੌਰਾਨ ਮੁਕਾਬਲਿਆਂ ਦੇ ਸੁਚੱਜੇ ਸੰਚਾਲਨ ਅਤੇ ਦੇਸ਼ ਭਰ ਤੋਂ ਆਉਣ ਵਾਲੇ ਖਿਡਾਰੀਆਂ ਦੀਆਂ ਲੋੜਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇਗਾ। ਉਨ੍ਹਾਂ ਪੰਜਾਬ ਦੀ ਟੀਮ ਨੂੰ 'ਬੈਸਟ ਫੇਅਰ ਪਲੇਅ ਐਵਾਰਡ' ਮਿਲਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਖਿਡਾਰੀਆਂ ਨੇ ਆਪਣੇ ਪ੍ਰਦਰਸ਼ਨ ਅਤੇ ਖੇਡ ਭਾਵਨਾ ਨਾਲ ਪੰਜਾਬ ਦਾ ਮਾਣ ਵਧਾਇਆ ਹੈ।

ਮੁੱਖ ਸਰਪ੍ਰਸਤ ਦਰਸ਼ਨ ਸਿੰਘ ਧਾਲੀਵਾਲ ਨੇ ਕਿਹਾ ਕਿ ਜੇਤੂਆਂ ਨੂੰ ਨਕਦ ਇਨਾਮ ਦੇ ਕੇ ਸਨਮਾਨਿਤ ਕਰਨ ਦਾ ਮਕਸਦ ਉਨ੍ਹਾਂ ਦੀ ਮਿਹਨਤ ਦੀ ਕਦਰ ਕਰਨਾ ਅਤੇ ਨਵੀਂ ਪੀੜ੍ਹੀ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਧੀਆਂ ਵੱਲੋਂ ਸੱਤ ਸਾਲ ਪੁਰਾਣਾ ਕੌਮੀ ਰਿਕਾਰਡ ਤੋੜਨਾ ਉਨ੍ਹਾਂ ਬੱਚੀਆਂ ਲਈ ਪ੍ਰੇਰਣਾ ਹੈ ਜੋ ਸਾਈਕਲਿੰਗ ਮੁਕਾਬਲਿਆਂ ਵਿੱਚ ਹਿੱਸਾ ਲੈਣਾ ਸ਼ੁਰੂ ਕਰ ਰਹੀਆਂ ਹਨ। ਕਾਹਲੋਂ ਨੇ ਪੰਜਾਬ ਵਿੱਚ ਸਾਈਕਲਿੰਗ ਦੇ ਵਿਕਾਸ ਲਈ ਸਹਿਯੋਗ ਦੇਣ ਵਾਸਤੇ ਮੁੱਖ ਸਰਪ੍ਰਸਤ ਦਰਸ਼ਨ ਸਿੰਘ ਧਾਲੀਵਾਲ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਚੇਅਰਮੈਨ ਉਂਕਾਰ ਸਿੰਘ ਅਤੇ ਫੈਡਰੇਸ਼ਨ ਦੇ ਸਕੱਤਰ ਜਨਰਲ ਮਨਿੰਦਰਪਾਲ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਐੱਨ. ਐੱਸ. ਐੱਨ. ਆਈ. ਐੱਸ., ਪਟਿਆਲਾ ਦੇ ਮੁੱਖ ਸਾਈਕਲਿੰਗ ਕੋਚ ਜੋਗਿੰਦਰ ਸਿੰਘ, ਕੌਮਾਂਤਰੀ ਸਾਈਕਲਿਸਟ ਗੁਰਮੀਤ ਸਿੰਘ, ਸਤਬੀਰ ਸਿੰਘ, ਖੇਡ ਪ੍ਰਮੋਟਰ ਜਸਪਾਲ ਸਿੰਘ, ਐਸੋਸੀਏਸ਼ਨ ਦੇ ਅਹੁਦੇਦਾਰ ਰਾਜੇਸ਼ ਕੁਮਾਰ ਬਿੱਟੂ ਅਤੇ ਬ੍ਰਿਜ ਅਸ਼ੋਕ ਅਰੋੜਾ ਵੀ ਹਾਜ਼ਰ ਸਨ।

ਪਰਾਲੀ ਸਾੜਨ 'ਤੇ ਕਰਨਾਲ ਵਿੱਚ 10 ਕਿਸਾਨਾਂ ਖ਼ਿਲਾ.ਫ ਐੱਫ.ਆਈ.ਆਰ., ਜ਼ੁਰਮਾਨੇ ਅਤੇ ਰੈੱਡ ਐਂਟਰੀ ਦਰਜ

ਪੈ.ਗਾਮ-ਏ-ਜਗਤ/ਕਰਨਾਲ
12 ਨਵੰਬਰ (ਪ੍ਰਵੀਨ ਵਾਲੀਆ)

ਝੋਨੇ ਦੀ ਫ਼ਸਲ ਦੀ ਰਹਿੰਦ-ਖੂੰਹਦ ਸਾੜਨ ਵਾਲੇ ਕਿਸਾਨਾਂ ਖ਼?ਲਾਫ਼ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਵਿਭਾਗ ਵੱਲੋਂ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਡਾ. ਆਨੰਦ ਕੁਮਾਰ ਸ਼ਰਮਾ ਨੇ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਚੇਤਾਵਨੀ ਦਿੱਤੀ ਹੈ ਕਿ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਵਾਲੇ ਕਿਸਾਨਾਂ ਖ਼?ਲਾਫ਼ ਨਿਯਮਾਂ ਅਨੁਸਾਰ ਐੱਫਆਈਆਰ ਦਰਜ ਕਰਨ, ਜੁਰਮਾਨਾ ਲਾਉਣ ਅਤੇ ਮੇਰੀ ਫ਼ਸਲ-ਮੇਰਾ ਬਿਓਰਾ ਪੋਰਟਲ 'ਤੇ ਰੈੱਡ ਐਂਟਰੀ ਦਰਜ ਕਰਨ ਦੀ ਕਾਰਵਾਈ ਕੀਤੀ ਜਾਵੇਗੀ। ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ, ਬਲਾਕ/ਤਹਿਸੀਲ ਅਤੇ ਪਿੰਡ ਪੱਧਰ 'ਤੇ ਕਮੇਟੀਆਂ ਅਤੇ ਇਨਫੋਰਸਮੈਂਟ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਨ੍ਹਾਂ ਟੀਮਾਂ ਵਿੱਚ ਲਗਭਗ 683 ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ, ਜੋ ਲਗਾਤਾਰ ਨਿਗਰਾਨੀ ਰੱਖਣ ਦੇ ਨਾਲ-ਨਾਲ ਨਿਯਮਾਂ ਅਨੁਸਾਰ ਕਾਰਵਾਈ ਕਰ ਰਹੇ ਹਨ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਡਿਪਟੀ ਡਾਇਰੈਕਟਰ ਸ੍ਰੀ ਜਸਵਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਕਰਨਾਲ ਵਿੱਚ ਹੁਣ ਤੱਕ ਹਰਸੈਕ ਹਰਿਆਣਾ ਤੋਂ ਪਰਾਲੀ ਸਾੜਨ ਦੇ 22 ਮਾਮਲੇ ਪ੍ਰਾਪਤ ਹੋਏ ਹਨ। ਇਨ੍ਹਾਂ ਵਿੱਚੋਂ 10 ਕਿਸਾਨਾਂ ਖ਼?ਲਾਫ਼ ਐੱਫਆਈਆਰ ਦਰਜ ਕਰਵਾਈ ਗਈ ਹੈ। ਇਸ ਦੇ ਨਾਲ ਹੀ ਸਾਰੇ 10 ਕਿਸਾਨਾਂ ਤੋਂ ਨਿਯਮਾਂ ਅਨੁਸਾਰ ਜੁਰਮਾਨਾ ਵਸੂਲਣ ਦੇ ਨਾਲ ਮੇਰੀ ਫ਼ਸਲ-ਮੇਰਾ ਬਿਓਰਾ ਪੋਰਟਲ 'ਤੇ ਰੈੱਡ ਐਂਟਰੀ ਵੀ ਦਰਜ ਕੀਤੀ ਗਈ ਹੈ। ਇਸ ਕਾਰਨ ਸਬੰਧਤ ਕਿਸਾਨ ਅਗਲੇ ਦੋ ਸਾਲਾਂ ਤੱਕ ਆਪਣੀ ਫ਼ਸਲ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) 'ਤੇ ਨਹੀਂ ਵੇਚ ਸਕਣਗੇ।

ਉਨ੍ਹਾਂ ਦੱਸਿਆ ਕਿ ਨਿਯਮਾਂ ਅਨੁਸਾਰ 2 ਏਕੜ ਤੋਂ ਘੱਟ ਜ਼ਮੀਨ 'ਤੇ ਪਰਾਲੀ ਸਾੜਨ ਲਈ ਪ੍ਰਤੀ ਘਟਨਾ 5,000 ਰੁਪਏ, 2 ਤੋਂ 5 ਏਕੜ ਤੱਕ 10,000 ਰੁਪਏ ਅਤੇ 5 ਏਕੜ ਤੋਂ ਵੱਧ ਜ਼ਮੀਨ 'ਤੇ 30,000 ਰੁਪਏ ਜੁਰਮਾਨੇ ਦੀ ਵਿਵਸਥਾ ਹੈ। ਇਹ ਮਾਮਲੇ ਘਰੌਂਡਾ, ਨੀਲੋਖੇੜੀ, ਅਸੰਧ ਅਤੇ ਨਿਸਿੰਗ ਬਲਾਕਾਂ ਨਾਲ ਸਬੰਧਤ ਹਨ। ਜਦਕਿ ਕਰਨਾਲ ਅਤੇ ਇੰਦਰੀ ਬਲਾਕਾਂ ਵਿੱਚ ਹੁਣ ਤੱਕ ਪਰਾਲੀ ਸਾੜਨ ਦਾ ਕੋਈ ਮਾਮਲਾ ਦਰਜ ਨਹੀਂ ਹੋਇਆ।

ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਸਬੰਧਤ ਕਿਸਾਨਾਂ ਖ਼ਿਲਾਫ਼ ਹਵਾ (ਪ੍ਰਦੂਸ਼ਣ ਦੀ ਰੋਕਥਾਮ ਅਤੇ ਨਿਯੰਤਰਣ) ਐਕਟ, 1981 ਦੀ ਧਾਰਾ 39 ਅਤੇ ਭਾਰਤੀ ਨਿਆਂ ਸੰਹਿਤਾ (ਬੀਐੱਨਐੱਸ), 2023 ਦੀ ਧਾਰਾ 223 ਤਹਿਤ ਸਬੰਧਤ ਥਾਣਿਆਂ ਵਿੱਚ ਐੱਫਆਈਆਰ ਦਰਜ ਕਰਵਾਈ ਗਈ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਖੇਤੀਬਾੜੀ ਮਸ਼ੀਨਾਂ ਦੀ ਵਰਤੋਂ ਕਰਨ। ਫ਼ਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਯੋਜਨਾ ਤਹਿਤ ਜ਼ਿਲ੍ਹਾ ਕਰਨਾਲ ਦੇ ਕਿਸਾਨਾਂ ਨੂੰ ਇਸ ਸਾਲ 519 ਖੇਤੀਬਾੜੀ ਮਸ਼ੀਨਾਂ 'ਤੇ 50 ਫ਼ੀਸਦੀ ਸਬਸਿਡੀ ਦਾ ਲਾਭ ਦਿੱਤਾ ਗਿਆ ਹੈ। ਇਨ੍ਹਾਂ ਵਿੱਚ ਸੁਪਰ ਐੱਸਐੱਮਐੱਸ, ਬੇਲਿੰਗ ਮਸ਼ੀਨਾਂ, ਹੈਪੀ ਸੀਡਰ, ਰੋਟਰੀ ਸਲੈਸ਼ਰ/ਸ਼ਰੱਬ ਮਾਸਟਰ, ਪੈਡੀ ਸਟਰਾਅ ਚੌਪਰ/ਮਲਚਰ, ਹਾਈਡ?ਰੌਲਿਕ ਰਿਵਰਸਿਬਲ ਐੱਮਬੀ ਪਲਾਓ, ਜ਼ੀਰੋ ਟਿੱਲ ਡਰਿੱਲ, ਸੁਪਰ ਸੀਡਰ, ਸਰਫੇਸ ਸੀਡਰ, ਟਰੈਕਟਰ ਨਾਲ ਚੱਲਣ ਵਾਲੇ/ਆਟੋਮੈਟਿਕ ਕਰੌਪ ਰੀਪਰ, ਰੀਪਰ-ਕਮ-ਬਾਈਂਡਰ, ਲੋਡਰ ਅਤੇ ਟੈਂਡਮ ਮਸ਼ੀਨਾਂ ਸ਼ਾਮਲ ਹਨ। ਇਨ੍ਹਾਂ ਖੇਤੀਬਾੜੀ ਮਸ਼ੀਨਾਂ ਦੀ ਮਦਦ ਨਾਲ ਕਿਸਾਨ ਐਕਸ-ਸੀਟੂ ਅਤੇ ਇਨ-ਸੀਟੂ ਤਰੀਕਿਆਂ ਰਾਹੀਂ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਢੁੱਕਵਾਂ ਪ੍ਰਬੰਧਨ ਕਰ ਸਕਦੇ ਹਨ। ਇਸ ਨਾਲ ਪਰਾਲੀ ਸਾੜਨ ਦੀ ਲੋੜ ਨਹੀਂ ਪਵੇਗੀ, ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰਹੇਗੀ ਅਤੇ ਹਵਾ ਪ੍ਰਦੂਸ਼ਣ ਘਟਾਉਣ ਵਿੱਚ ਮਦਦ ਮਿਲੇਗੀ। ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ 1,200 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਾਸ਼ੀ ਵੀ ਦਿੱਤੀ ਜਾ ਰਹੀ ਹੈ।

ਡਿਪਟੀ ਡਾਇਰੈਕਟਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਾਉਣ ਤੋਂ ਗੁਰੇਜ਼ ਕਰਨ ਅਤੇ ਖੇਤੀਬਾੜੀ ਮਸ਼ੀਨਾਂ ਦੀ ਮਦਦ ਨਾਲ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਢੁੱਕਵਾਂ ਪ੍ਰਬੰਧਨ ਕਰਨ। ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਸਬੰਧੀ ਵਧੇਰੇ ਜਾਣਕਾਰੀ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਕਰਨਾਲ ਸਥਿਤ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਵਿਭਾਗ ਕਰਨਾਲ ਨੇ ਸਪੱਸ਼ਟ ਕੀਤਾ ਹੈ ਕਿ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਨਿਗਰਾਨੀ ਅਤੇ ਕਾਰਵਾਈ ਲਗਾਤਾਰ ਜਾਰੀ ਰਹੇਗੀ।

ਗੁਰਦੁਆਰਾ ਅੰਗੀਠਾ ਸਾਹਿਬ ਨਥਵਾਂ ਵਿਖੇ ਮੁ.ਫਤ ਸਿਹਤ ਜਾਂਚ ਕੈਂਪ ਲਗਾਇਆ

ਪੈ.ਗਾਮ-ਏ-ਜਗਤ
ਰਤੀਆ, 12 ਨਵੰਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

- **ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੈਂਪ ਵਿੱਚ ਸਿੰਘ ਲੈਬੋਰੇਟਰੀ ਦੀ ਟੀਮ ਵੱਲੋਂ ਕੀਤੇ ਗਏ ਮੁਫ਼ਤ ਲੈਬ ਟੈਸਟ**



ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਗੀਠਾ ਸਾਹਿਬ ਨਥਵਾਂ ਵਿਖੇ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਸ ਮੌਕੇ ਸਿੰਘ ਲੈਬੋਰੇਟਰੀ ਦੀ ਟੀਮ ਵੱਲੋਂ ਮੁਫ਼ਤ ਲੈਬ ਟੈਸਟ ਕੀਤੇ ਗਏ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਆਪਣੇ ਖ਼ੂਨ ਦੇ ਟੈਸਟ ਕਰਵਾਏ।

ਜਾਣਕਾਰੀ ਦਿੰਦਿਆਂ ਸਮਾਜ ਸੇਵੀ ਹੈਪੀ ਸਿੰਘ ਸੇਠੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਪਿਛਲੇ ਕਈ ਦਿਨਾਂ ਤੋਂ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ, ਜਿਨ੍ਹਾਂ ਵਿੱਚ ਦੇਸ਼-ਵਿਦੇਸ਼ ਤੋਂ ਸੰਗਤ ਸ਼ਮੂਲੀਅਤ ਕਰ ਰਹੀ ਹੈ। ਇਸ ਨੂੰ ਧਿਆਨ ਵਿੱਚ ਰੱਖਦਿਆਂ ਸੰਗਤ ਦੀ ਸੇਵਾ ਲਈ ਮੁਫ਼ਤ ਐਚ.ਬੀ., ਕੈਲਸ਼ੀਅਮ, ਸ਼ੂਗਰ, ਐਸ.ਜੀ.ਪੀ.ਟੀ. ਅਤੇ ਯੂਰਿਕ ਐਸਿਡ ਦੇ ਲੈਬ ਟੈਸਟ ਕਰਨ ਵਾਸਤੇ ਵਿਸ਼ਾਲ ਕੈਂਪ ਲਗਾਇਆ ਗਿਆ। ਇਸ ਵਿੱਚ ਸਿੰਘ ਲੈਬੋਰੇਟਰੀ ਦੀ ਟੀਮ ਨੇ ਆਪਣੀਆਂ ਸੇਵਾਵਾਂ ਦਿੱਤੀਆਂ। ਕੈਂਪ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਪਹੁੰਚ ਕੇ ਲਾਭ ਉਠਾਇਆ।

ਇਸ ਮੌਕੇ ਗੁਰਦੁਆਰਾ ਸਾਹਿਬ ਅਤੇ ਬਾਬਾ ਬੰਦਾ ਸਿੰਘ ਬਹਾਦਰ ਸਟੱਡੀ ਸਰਕਲ ਵੱਲੋਂ ਟੀਮ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਨਾਜਾਇਜ਼ ਹਥਿਆਰਾਂ ਦੀ ਖਰੀਦੋ-ਫਰੋਖ਼ਤ ਕਰਨ ਵਾਲੇ ਦੋ ਸਪਲਾਇਰ ਗ੍ਰਿ.ਫਤਾਰ, ਮਾਮਲੇ ਵਿੱਚ ਪਹਿਲਾਂ ਚਾਰ ਮੁਲਜ਼ਮ ਹੋ ਚੁੱਕੇ ਹਨ ਗ੍ਰਿ.ਫਤਾਰ

ਪੈ.ਗਾਮ-ਏ-ਜਗਤ
ਕਰਨਾਲ, 12 ਨਵੰਬਰ (ਪ੍ਰਵੀਨ ਵਾਲੀਆ)



ਕਰਨਾਲ ਜ਼ਿਲ੍ਹਾ ਪੁਲਿਸ ਵੱਲੋਂ ਪੁਲਿਸ ਸੁਪਰਡੈਂਟ ਕਰਨਾਲ ਸ੍ਰੀ ਕਰਨ ਗੋਇਲ, ਆਈਪੀਐਸ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਹੇਠ ਅਪਰਾਧੀਆਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼?ਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਤਹਿਤ ਸੀਆਈਏ-3 ਦੇ ਇੰਚਾਰਜ ਇੰਸਪੈਕਟਰ ਅਜੈ ਕੁਮਾਰ ਦੀ ਅਗਵਾਈ ਹੇਠ ਸਹਾਇਕ ਸਬ-ਇੰਸਪੈਕਟਰ ਰਾਜੇਸ਼ ਕੁਮਾਰ ਦੀ ਟੀਮ ਨੇ ਨਾਜਾਇਜ਼ ਹਥਿਆਰਾਂ ਦੀ ਖਰੀਦੋ-ਫਰੋਖ਼ਤ ਨਾਲ ਸਬੰਧਤ ਮਾਮਲੇ ਵਿੱਚ ਦੋ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਂਚ ਅਧਿਕਾਰੀ ਨੇ ਦੱਸਿਆ ਕਿ ਥਾਣਾ ਸਦਰ ਕਰਨਾਲ ਵਿੱਚ ਦਰਜ ਮੁਕੱਦਮਾ ਨੰਬਰ 765, ਮਿਤੀ 27 ਅਕਤੂਬਰ 2026 ਦੀ ਜਾਂਚ ਦੌਰਾਨ ਪੁਲਿਸ ਟੀਮ ਨੇ ਦੋਵਾਂ ਮੁਲਜ਼ਮਾਂ ਨੂੰ ਕਾਨੂੰਨੀ ਪ੍ਰਕਿਰਿਆ ਅਨੁਸਾਰ ਪਿੰਗਲੀ ਚੌਕ, ਕਰਨਾਲ ਤੋਂ ਗ੍ਰਿਫ਼ਤਾਰ ਕੀਤਾ। ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਗੁਰਪ੍ਰਤਾਪ ਸਿੰਘ ਪੁੱਤਰ ਜੋਗਿੰਦਰ ਸਿੰਘ, ਵਾਸੀ ਪਿੰਡ ਮੈਹਮਲ, ਥਾਣਾ ਨਿਸਿੰਗ, ਜ਼ਿਲ੍ਹਾ ਕਰਨਾਲ ਅਤੇ ਸਰਬਜੀਤ ਸਿੰਘ ਪੁੱਤਰ ਬੰਤਾ ਸਿੰਘ, ਵਾਸੀ ਪਿੰਡ ਬਾਂਸਾ, ਥਾਣਾ ਨਿਸਿੰਗ, ਜ਼ਿਲ੍ਹਾ ਕਰਨਾਲ ਵਜੋਂ ਹੋਈ ਹੈ।

ਜਾਂਚ ਅਧਿਕਾਰੀ ਨੇ ਅੱਗੇ ਦੱਸਿਆ ਕਿ ਇਸ ਮਾਮਲੇ ਵਿੱਚ ਪੁਲਿਸ ਵੱਲੋਂ ਪਹਿਲਾਂ ਹੀ ਚਾਰ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕੋਲੋਂ ਕੀਤੀ ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਗੁਰਪ੍ਰਤਾਪ ਸਿੰਘ ਅਤੇ ਸਰਬਜੀਤ ਸਿੰਘ ਵੀ ਇਸ ਮਾਮਲੇ ਵਿੱਚ ਸ਼ਾਮਲ ਸਨ ਅਤੇ ਉਨ੍ਹਾਂ ਰਾਹੀਂ ਨਾਜਾਇਜ਼ ਹਥਿਆਰਾਂ ਦੀ ਖਰੀਦੋ-ਫਰੋਖ਼ਤ ਕੀਤੀ ਗਈ ਸੀ। ਇਸ ਤੋਂ ਬਾਅਦ ਪੁਲਿਸ ਟੀਮ ਨੇ ਦੋਵਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਟੀਮ ਵੱਲੋਂ ਦੋਵਾਂ ਮੁਲਜ਼ਮਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਅਦਾਲਤ ਦੇ ਹੁਕਮਾਂ ਅਨੁਸਾਰ ਉਨ੍ਹਾਂ ਨੂੰ ਨਿਆਂਇਕ ਹਿਰਾਸਤ ਵਿੱਚ ਜ਼ਿਲ੍ਹਾ ਜੇਲ੍ਹ ਭੇਜ ਦਿੱਤਾ ਗਿਆ ਹੈ। ਮਾਮਲੇ ਦੀ ਅਗਲੀ ਜਾਂਚ ਜਾਰੀ ਹੈ।

15 ਦਿਨਾਂ ਵਿੱਚ ਇਬਰਾਹੀਮਪੁਰ-ਦੇਣੋਵਾਲ ਖੁਰਦ ਬਿਸਤ ਦੋਆਬ ਨਹਿਰ ਦੇ ਪੁਲ 'ਤੇ ਰੇਲਿੰਗ ਨਾ ਲਗਾਈ ਗਈ ਤਾਂ ਧਰਨਾ ਦਿੱਤਾ ਜਾਵੇਗਾ: ਮੱਟੂ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)



12 ਨਵੰਬਰ ਨੂੰ ਕੰਢੀ ਸੰਘਰਸ਼ ਕਮੇਟੀ ਪੰਜਾਬ ਦੇ ਕਨਵੀਨਰ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਹੇਠ ਇੱਕ ਵਫ਼ਦ ਨਹਿਰ ਵਿਭਾਗ ਦੇ ਐਸ.ਡੀ.ਓ. ਦਫ਼ਤਰ ਵਿੱਚ ਜੂਨੀਅਰ ਇੰਜੀਨੀਅਰ ਸਮੀਰ ਸ਼ਰਮਾ ਨੂੰ ਮਿਲਿਆ। ਵਫ਼ਦ ਵਿੱਚ ਬੀਬੀ ਸੁਭਾਸ਼ ਮੱਟੂ, ਕੁਲਵਿੰਦਰ ਸੰਘਾ, ਡਾ. ਬਿੱਟੂ ਵਿਜ ਅਤੇ ਡਾ. ਲਖਵਿੰਦਰ ਸਿੰਘ ਲੱਕੀ ਸ਼ਾਮਲ ਸਨ। ਗੱਲਬਾਤ ਦੌਰਾਨ ਵਫ਼ਦ ਨੇ ਕੈਨੇਡਾ ਤੋਂ ਆਏ ਜਗਦੀਪ ਸਿੰਘ ਸੰਧੂ ਦਾ ਮਾਮਲਾ ਉਠਾਇਆ, ਜੋ ਛੇ ਭੈਣਾਂ ਦਾ ਇਕਲੌਤਾ ਭਰਾ ਸੀ। ਘੱਗੋ ਗੁਰੂ ਵਿਖੇ ਮੱਥਾ ਟੇਕ ਕੇ ਡੋਗਰਪੁਰ ਵਾਪਸ ਆਉਂਦਿਆਂ ਪੁਲ 'ਤੇ ਰੇਲਿੰਗ ਨਾ ਹੋਣ ਕਾਰਨ ਉਹ ਨਹਿਰ ਵਿੱਚ ਡਿੱਗ ਗਿਆ ਸੀ ਅਤੇ ਉਸ ਦੀ ਮੌਤ ਹੋ ਗਈ ਸੀ। ਪੁਲ 'ਤੇ ਨਾ ਤਾਂ ਰੇਲਿੰਗ ਹੈ ਅਤੇ ਨਾ ਹੀ ਸੋਲਰ ਲਾਈਟਾਂ, ਜਿਸ ਕਾਰਨ ਲਗਾਤਾਰ ਹਾਦਸੇ ਵਾਪਰਦੇ ਰਹਿੰਦੇ ਹਨ। ਦਰਸ਼ਨ ਸਿੰਘ ਮੱਟੂ ਨੇ ਚੇਤਾਵਨੀ ਦਿੱਤੀ ਕਿ ਜੇਕਰ 15 ਦਿਨਾਂ ਦੇ ਅੰਦਰ ਰੇਲਿੰਗ ਨਾ ਲਗਾਈ ਗਈ ਤਾਂ ਗੜ੍ਹਸ਼ੰਕਰ ਸਥਿਤ ਨਹਿਰ ਵਿਭਾਗ ਦੇ ਐਸ.ਡੀ.ਓ. ਦਫ਼ਤਰ ਅੱਗੇ ਧਰਨਾ ਦਿੱਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਉਨ੍ਹਾਂ ਕੰਢੀ ਸੰਘਰਸ਼ ਕਮੇਟੀ ਦੇ ਸਾਥੀਆਂ ਨੂੰ ਸੁਚੇਤ ਹੋ ਕੇ ਸੰਘਰਸ਼ਾਂ ਵਿੱਚ ਸਰਗਰਮੀ ਨਾਲ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ।

17ਵਾਂ ਫੁੱਟਬਾਲ ਟੂਰਨਾਮੈਂਟ ਅਤੇ ਇੰਟਰਸਟੇਟ ਅਥਲੈਟਿਕ ਮੀਟ 17 ਨਵੰਬਰ ਤੋਂ ਸ਼ੁਰੂ : ਜਸਵੀਰ ਸਿੰਘ ਰਾਏ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਫੁੱਟਬਾਲ ਕਲੱਬ ਗੜ੍ਹਸ਼ੰਕਰ ਵੱਲੋ 17ਵਾ ਫੁੱਟਬਾਲ ਟੂਰਨਾਮੈਂਟ ਅਤੇ ਇੰਟਰਸਟੇਟ ਅਥਲੈਟਿਕ ਮੀਟ 17 ਨਵੰਬਰ ਤੋ 21 ਨਵੰਬਰ ਤੱਕ ਸਰਦਾਰ ਜਰਨੈਲ ਸਿੰਘ ਸਟੇਡੀਅਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੜ੍ਹਸ਼ੰਕਰ ਦੀ ਗਰਾਉਂਡ ਵਿੱਚ ਕਰਵਾਏ ਜਾ ਰਹੇ ਹਨ। ਇਸ ਬਾਰੇ ਜਾਣਕਾਰੀ ਦਿੰਦਿਆ ਕਲੱਬ ਦੇ ਪ੍ਰਧਾਨ ਐਡਵੋਕੇਟ ਜਸਵੀਰ ਸਿੰਘ ਰਾਏ ਨੇ ਦੱਸਿਆ ਕਿ ਇਸ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ 17 ਨਵੰਬਰ ਨੂੰ ਹਲਕਾ ਚੱਬੇਵਾਲ ਦੇ ਵਿਧਾਇਕ ਡਾਕਟਰ ਇਸ਼ਾਕ ਕੁਮਾਰ ਤੇ ਸੰਜੀਵ ਕੁਮਾਰ ਐਸ ਡੀ ਐਮ ਗੜ੍ਹਸ਼ੰਕਰ ਕਰਨਗੇ। 21 ਨਵੰਬਰ ਨੂੰ ਇਨਾਮਾ ਦੀ ਵੰਡ ਹਲਕਾ ਵਿਧਾਇਕ ਗੜ੍ਹਸ਼ੰਕਰ ਤੇ ਡਿਪਟੀ ਸਪੀਕਰ ਵਿਧਾਨ ਸਭਾ ਪੰਜਾਬ ਕਰਨਗੇ।

ਸੁਰਿੰਦਰਾ ਗੈਸ ਸਰਵਿਸ ਦੇ ਸਟੋਰ ਅੱਗੇ ਇਫਟੂ ਵੱਲੋਂ ਅਣਮਿੱਥੇ ਸਮੇਂ ਲਈ ਧਰਨਾ, 22 ਵਰਕਰਾਂ ਦੀ ਬਹਾਲੀ ਦੀ ਮੰਗ

ਪੈ.ਗਾਮ-ਏ-ਜਗਤ/ਪਟਿਆਲਾ (ਮਨਪ੍ਰੀਤ ਸਿੰਘ)

ਇਫਟੂ ਦੇ ਸੂਬਾ ਆਗੂ ਸ੍ਰੀ ਨਾਥ ਨੇ 12 ਨਵੰਬਰ, 2026 ਨੂੰ ਪ੍ਰੈੱਸ ਦੇ ਨਾਮ ਜਾਰੀ ਬਿਆਨ ਵਿੱਚ ਕਿਹਾ ਕਿ 29 ਸਤੰਬਰ, 2026 ਤੋਂ ਸੁਰਿੰਦਰਾ ਗੈਸ ਸਰਵਿਸ ਦੇ ਮਾਲਕ ਵੱਲੋਂ ਸਰਵਿਸ ਅਧੀਨ ਪਿਛਲੇ 20-25 ਸਾਲਾਂ ਤੋਂ ਲਗਾਤਾਰ ਪੱਕੇ ਤੌਰ 'ਤੇ ਕੰਮ ਕਰ ਰਹੇ 22 ਵਰਕਰਾਂ ਨੂੰ ਜ਼ੁਬਾਨੀ ਤੌਰ 'ਤੇ ਧੱਕੇ ਨਾਲ ਕੰਮ ਤੋਂ ਕੱਢ ਦਿੱਤਾ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਵਰਕਰਾਂ ਨੂੰ ਕਾਨੂੰਨ ਤਹਿਤ ਮਿਲਣ ਵਾਲੀਆਂ ਸਾਰੀਆਂ ਸਹੂਲਤਾਂ, ਤਨਖਾਹ, ਪੀ.ਐਫ. ਅਤੇ ਈ.ਐਸ.ਆਈ. ਸਮੇਤ ਹੋਰ ਲਾਭਾਂ ਤੋਂ ਵੀ ਵਾਂਝਾ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਥੇਬੰਦੀ ਵੱਲੋਂ ਵਰਕਰਾਂ ਦੀ ਬਹਾਲੀ ਕਰਵਾਉਣ ਲਈ ਸਹਾਇਕ ਕਿਰਤ ਭਲਾਈ ਅਫ਼ਸਰ ਨੂੰ ਲਿਖਤੀ ਤੌਰ 'ਤੇ ਮਿਲ ਕੇ ਬੇਨਤੀ ਕੀਤੀ ਗਈ ਸੀ। ਇਸ ਤੋਂ ਇਲਾਵਾ ਫੂਡ ਸਪਲਾਈ ਅਫ਼ਸਰ, ਪੁਲਿਸ ਪ੍ਰਸ਼ਾਸਨ ਦੇ ਐਸ.ਐਸ.ਪੀ. ਸਾਹਿਬ ਅਤੇ ਏ.ਡੀ.ਸੀ. ਪਟਿਆਲਾ ਨੂੰ ਵੀ ਲਿਖਤੀ ਪੱਤਰ ਦੇ ਕੇ ਅਤੇ ਵਾਰ-ਵਾਰ ਮਿਲ ਕੇ ਕੱਢੇ ਗਏ ਵਰਕਰਾਂ ਦੀ ਬਹਾਲੀ ਕਰਵਾਉਣ ਦੀ ਮੰਗ ਕੀਤੀ ਗਈ। ਇਸ ਦੇ ਬਾਵਜੂਦ ਸੁਰਿੰਦਰਾ ਗੈਸ ਸਰਵਿਸ ਦੇ ਮਾਲਕਾਂ ਨੇ ਨਾ ਤਾਂ ਪੁਲਿਸ ਪ੍ਰਸ਼ਾਸਨ ਦੀ ਅਤੇ ਨਾ ਹੀ ਕਿਰਤ ਭਲਾਈ ਅਫ਼ਸਰ ਦੀ ਕੋਈ ਪ੍ਰਵਾਹ ਕੀਤੀ। ਇਸ ਕਾਰਨ ਜਥੇਬੰਦੀ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋ ਗਈ। ਇਸੇ ਤਹਿਤ 12 ਨਵੰਬਰ, 2026 ਤੋਂ ਸੁਰਿੰਦਰਾ ਗੈਸ ਸਰਵਿਸ ਦੇ ਸਟੋਰ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕੀਤਾ ਗਿਆ ਹੈ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਨੇ ਕਿਹਾ ਕਿ ਜੇਕਰ ਪੁਲਿਸ ਪ੍ਰਸ਼ਾਸਨ ਅਤੇ ਕਿਰਤ ਭਲਾਈ ਅਫ਼ਸਰ ਨੇ ਦਖ਼ਲਅੰਦਾਜ਼ੀ ਕਰਕੇ ਕੱਢੇ ਗਏ ਵਰਕਰਾਂ ਨੂੰ ਬਹਾਲ ਨਾ ਕਰਵਾਇਆ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਨਦਾਮਪੁਰ ਵਿਖੇ 45 ਲੱਖ ਰੁਪਏ ਦੀ ਲਾਗਤ ਨਾਲ ਬਣੇ ਮੁੱਖ ਮੰਤਰੀ ਖੇਡ ਮੈਦਾਨ ਦਾ ਕੀਤਾ ਉਦਘਾਟਨ

ਭਵਾਨੀਗੜ੍ਹ, 12 ਨਵੰਬਰ
(ਪੈ.ਗਾਮ-ਏ-ਜਗਤ)

- **ਜਿੰਮ ਦਾ ਵੀ ਕੀਤਾ ਉਦਘਾਟਨ, ਖਿਡਾਰੀਆਂ ਨੂੰ ਵੰਡੀਆਂ ਖੇਡ ਕਿੱਟਾਂ**



ਵਿਧਾਨ ਸਭਾ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਪਿੰਡ ਨਦਾਮਪੁਰ ਵਿਖੇ 45 ਲੱਖ ਰੁਪਏ ਦੀ ਲਾਗਤ ਨਾਲ ਬਣੇ ਮੁੱਖ ਮੰਤਰੀ ਖੇਡ ਮੈਦਾਨ ਦਾ ਉਦਘਾਟਨ ਕੀਤਾ। ਉਨ੍ਹਾਂ ਪਿੰਡ ਦੇ ਜਿੰਮ ਦਾ ਵੀ ਉਦਘਾਟਨ ਕੀਤਾ ਅਤੇ ਖਿਡਾਰੀਆਂ ਨੂੰ ਖੇਡ ਕਿੱਟਾਂ ਵੰਡੀਆਂ। ਇਸ ਮੌਕੇ ਉਨ੍ਹਾਂ ਬੱਚਿਆਂ ਤੇ ਨੌਜਵਾਨਾਂ ਨੂੰ ਆਪਣੀ ਰੁਚੀ ਅਨੁਸਾਰ ਖੇਡ ਚੁਣ ਕੇ ਨਿਯਮਤ ਅਭਿਆਸ ਕਰਨ ਲਈ ਪ੍ਰੇਰਿਆ।

ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਭਰਾਜ ਨੇ ਕਿਹਾ ਕਿ ਪਿੰਡ ਵਿੱਚ ਹੀ ਖੇਡ ਮੈਦਾਨ ਅਤੇ ਜਿੰਮ ਦੀ ਸਹੂਲਤ ਮਿਲਣ ਨਾਲ ਬੱਚਿਆਂ ਤੇ ਨੌਜਵਾਨਾਂ ਲਈ ਖੇਡਾਂ ਅਤੇ ਕਸਰਤ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਦਾ ਹਿੱਸਾ ਬਣਾਉਣਾ ਸੌਖਾ ਹੋਵੇਗਾ। ਉਨ੍ਹਾਂ ਕਿਹਾ ਕਿ ਖੇਡ ਮੈਦਾਨ ਵਿੱਚ ਬੱਚੇ ਖੇਡਾਂ ਦੇ ਬੁਨਿਆਦੀ ਹੁਨਰ ਸਿੱਖ ਸਕਣਗੇ, ਆਪਣੇ ਸਾਥੀਆਂ ਨਾਲ ਅਭਿਆਸ ਕਰ ਸਕਣਗੇ ਅਤੇ ਸਕੂਲੀ ਤੇ ਹੋਰ ਖੇਡ ਮੁਕਾਬਲਿਆਂ ਦੀ ਤਿਆਰੀ ਕਰ ਸਕਣਗੇ। ਜਿੰਮ ਦੀ ਸਹੂਲਤ ਨਾਲ ਖਿਡਾਰੀਆਂ ਨੂੰ ਆਪਣੀ ਖੇਡ ਲਈ ਲੋੜੀਂਦੀ ਸਰੀਰਕ ਤਿਆਰੀ ਕਰਨ ਅਤੇ ਹੋਰ ਪਿੰਡ ਵਾਸੀਆਂ ਨੂੰ ਨਿਯਮਤ ਕਸਰਤ ਕਰਨ ਦਾ ਮੌਕਾ ਮਿਲੇਗਾ। ਵਿਧਾਇਕ ਨੇ ਕਿਹਾ ਕਿ ਖੇਡ ਕਿੱਟਾਂ ਦੀ ਵੰਡ ਦਾ ਉਦੇਸ਼ ਖਿਡਾਰੀਆਂ ਨੂੰ ਅਭਿਆਸ ਲਈ ਲੋੜੀਂਦਾ ਸਾਮਾਨ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਖਿਡਾਰੀਆਂ ਨੂੰ ਅਭਿਆਸ ਲਈ ਸਮਾਂ ਤੈਅ ਕਰਨ ਅਤੇ ਆਪਣੀ ਖੇਡ ਵਿੱਚ ਸੁਧਾਰ ਲਈ ਲਗਾਤਾਰ ਮਿਹਨਤ ਕਰਨ ਦਾ ਸੱਦਾ ਦਿੱਤਾ।

ਉਨ੍ਹਾਂ ਕਿਹਾ ਕਿ ਖੇਡਾਂ ਨਾਲ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਅਨੁਸ਼ਾਸਨ, ਆਤਮਵਿਸ਼ਵਾਸ ਅਤੇ ਟੀਮ ਭਾਵਨਾ ਵੀ ਵਿਕਸਤ ਹੁੰਦੀ ਹੈ। ਨਰਿੰਦਰ ਕੌਰ ਭਰਾਜ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਧੀਆਂ ਅਤੇ ਪੁੱਤਰਾਂ ਨੂੰ ਖੇਡਣ ਤੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੇ ਬਰਾਬਰ ਮੌਕੇ ਦੇਣ। ਉਨ੍ਹਾਂ ਕਿਹਾ ਕਿ ਮਾਪਿਆਂ ਦੀ ਹੱਲਾਸ਼ੇਰੀ ਬੱਚਿਆਂ ਨੂੰ ਅਭਿਆਸ ਜਾਰੀ ਰੱਖਣ ਲਈ ਪ੍ਰੇਰਦੀ ਹੈ। ਉਨ੍ਹਾਂ ਪਿੰਡ ਦੇ ਤਜਰਬੇਕਾਰ ਖਿਡਾਰੀਆਂ ਨੂੰ ਵੀ ਸੱਦਾ ਦਿੱਤਾ ਕਿ ਉਹ ਖੇਡਾਂ ਵਿੱਚ ਰੁਚੀ ਰੱਖਣ ਵਾਲੇ ਬੱਚਿਆਂ ਨੂੰ ਖੇਡ ਦੇ ਨਿਯਮ ਅਤੇ ਅਭਿਆਸ ਦੇ ਸਹੀ ਤਰੀਕੇ ਸਿਖਾਉਣ। ਵਿਧਾਇਕ ਨੇ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਨੂੰ ਖੇਡ ਮੈਦਾਨ ਤੇ ਜਿੰਮ ਦੀ ਸਾਂਭ-ਸੰਭਾਲ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮੈਦਾਨ ਦੀ ਸਫ਼ਾਈ ਅਤੇ ਜਿੰਮ ਦੇ ਸਾਜ਼ੋ-ਸਾਮਾਨ ਦੀ ਸੰਭਾਲ ਵੱਲ ਸਾਰਿਆਂ ਨੂੰ ਧਿਆਨ ਦੇਣਾ ਚਾਹੀਦਾ ਹੈ, ਤਾਂ ਜੋ ਪਿੰਡ ਦੇ ਬੱਚੇ, ਨੌਜਵਾਨ ਅਤੇ ਹੋਰ ਵਸਨੀਕ ਲੰਮੇ ਸਮੇਂ ਤੱਕ ਇਨ੍ਹਾਂ ਸਹੂਲਤਾਂ ਦਾ ਲਾਭ ਲੈ ਸਕਣ। ਇਸ ਮੌਕੇ ਗ੍ਰਾਮ ਪੰਚਾਇਤ ਦੇ ਸਮੂਹ ਮੈਂਬਰ, ਪਿੰਡ ਵਾਸੀ, ਗੁਰਪ੍ਰੀਤ ਸਿੰਘ, ਰਣਬੀਰ ਸਿੰਘ, ਸਰਪੰਚ ਜਸਪਾਲ ਸਿੰਘ ਮੱਟਰਾ, ਜਗਪਾਲ ਸਿੰਘ ਕਾਲਾਝਾੜ, ਨਰਿੰਦਰ ਕੌਰ, ਹੈਰੀ ਸਿੰਘ, ਸਰਪੰਚ ਸੁਖਵਿੰਦਰ ਸਿੰਘ ਅਤੇ ਰਵਿੰਦਰ ਸਿੰਘ ਹਾਜ਼ਰ ਸਨ।

ਦਸੰਬਰ ਦੇ ਪਹਿਲੇ ਹ.ਫਤੇ ਵਿੱਚ ਹੋਣ ਦੀ ਸੰਭਾਵਨਾ ਮਾਤਾ ਸ੍ਰੀ ਚਿੰਤਪੁਰਨੀ ਮਹੋਤਸਵ, ਤਿਆਰੀਆਂ ਜਾਰੀ

- **ਅੰਬ ਵਿਖੇ 4 ਤੋਂ 6 ਦਸੰਬਰ ਤੱਕ ਸਮਾਗਮ ਹੋਣ ਦੀ ਸੰਭਾਵਨਾ, ਕਲਾਕਾਰਾਂ ਦੇ ਆਡੀਸ਼ਨ ਹੁਣ 26 ਅਤੇ 27 ਨਵੰਬਰ ਨੂੰ ਹੋਣਗੇ**

ਊਨਾ, 12 ਨਵੰਬਰ (ਪੈ.ਗਾਮ-ਏ-ਜਗਤ)

ਮਾਤਾ ਸ੍ਰੀ ਚਿੰਤਪੁਰਨੀ ਮਹੋਤਸਵ ਦੇ ਆਯੋਜਨ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਿਆਰੀਆਂ ਲਗਾਤਾਰ ਜਾਰੀ ਹਨ। ਮਹੋਤਸਵ ਹੁਣ ਦਸੰਬਰ ਦੇ ਪਹਿਲੇ ਹਫ਼ਤੇ ਵਿੱਚ ਕਰਵਾਏ ਜਾਣ ਦੀ ਸੰਭਾਵਨਾ ਹੈ। ਇਸ ਲਈ 4 ਤੋਂ 6 ਦਸੰਬਰ ਦੀਆਂ ਤਰੀਕਾਂ ਪ੍ਰਸਤਾਵਿਤ ਕੀਤੀਆਂ ਗਈਆਂ ਹਨ।



ਜ਼ਿਕਰਯੋਗ ਹੈ ਕਿ ਪਹਿਲਾਂ ਇਹ ਮਹੋਤਸਵ 22 ਤੋਂ 24 ਨਵੰਬਰ ਤੱਕ ਕਰਵਾਇਆ ਜਾਣਾ ਪ੍ਰਸਤਾਵਿਤ ਸੀ। ਲੋੜੀਂਦੀਆਂ ਪ੍ਰਸ਼ਾਸਨਿਕ ਅਤੇ ਆਯੋਜਨ ਸਬੰਧੀ ਤਿਆਰੀਆਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਦੀਆਂ ਤਰੀਕਾਂ ਵਿੱਚ ਤਬਦੀਲੀ ਕੀਤੀ ਗਈ ਹੈ।

ਇਹ ਜਾਣਕਾਰੀ ਐਸ.ਡੀ.ਐਮ. ਅੰਬ ਪਾਰਸ ਅਗਰਵਾਲ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਮਹੋਤਸਵ ਦੀ ਸ਼ੁਰੂਆਤ ਮਾਤਾ ਸ੍ਰੀ ਚਿੰਤਪੁਰਨੀ ਮੰਦਰ ਤੋਂ ਨਿਕਲਣ ਵਾਲੀ ਵਿਸ਼ਾਲ ਸ਼ੋਭਾ ਯਾਤਰਾ ਨਾਲ ਹੋਵੇਗੀ, ਜੋ ਅੰਬ ਮੇਲਾ ਮੈਦਾਨ ਤੱਕ ਪਹੁੰਚੇਗੀ। ਮਹੋਤਸਵ ਦੇ ਉਦਘਾਟਨੀ ਸਮਾਰੋਹ ਲਈ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਅਤੇ ਸਮਾਪਤੀ ਸਮਾਰੋਹ ਲਈ ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਦੇ ਪਹੁੰਚਣ ਦੀ ਸੰਭਾਵਨਾ ਹੈ। ਪਾਰਸ ਅਗਰਵਾਲ ਨੇ ਦੱਸਿਆ ਕਿ ਮਹੋਤਸਵ ਦੀਆਂ ਸੱਭਿਆਚਾਰਕ ਸ਼ਾਮਾਂ ਵਿੱਚ ਪੇਸ਼ਕਾਰੀ ਦੇਣ ਦੇ ਚਾਹਵਾਨ ਕਲਾਕਾਰਾਂ ਦੇ ਆਡੀਸ਼ਨ ਹੁਣ 26 ਅਤੇ 27 ਨਵੰਬਰ ਨੂੰ ਮਹਾਰਾਣਾ ਪ੍ਰਤਾਪ ਕਾਲਜ, ਅੰਬ ਵਿਖੇ ਕਰਵਾਏ ਜਾਣਗੇ। ਚਾਹਵਾਨ ਕਲਾਕਾਰ ਆਪਣੇ ਬਿਨੈ-ਪੱਤਰ ਐਸ.ਡੀ.ਐਮ. ਦਫ਼ਤਰ, ਅੰਬ ਵਿਖੇ ਜਮ?ਹਾਂ ਕਰਵਾ ਸਕਦੇ ਹਨ।

ਇਸ ਤੋਂ ਇਲਾਵਾ ਆਡੀਸ਼ਨ ਦੇ ਦੋਵੇਂ ਦਿਨ ਮੌਕੇ 'ਤੇ ਵੀ ਬਿਨੈ-ਪੱਤਰ ਸਵੀਕਾਰ ਕੀਤੇ ਜਾਣਗੇ। ਨਾਮਵਰ ਕਲਾਕਾਰਾਂ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਪ੍ਰਤੀਯੋਗੀਆਂ ਅਤੇ ਇਨਾਮ ਜੇਤੂਆਂ ਨੂੰ ਆਡੀਸ਼ਨ ਤੋਂ ਛੋਟ ਦਿੱਤੀ ਜਾਵੇਗੀ।

ਪਰਾਲੀ ਪ੍ਰਬੰਧਨ ਦੇ ਮੁੱਦੇ ’ਤੇ ਘਿਰੀ ਪੰਜਾਬ ਸਰਕਾਰ, ਭਾਜਪਾ ਆਗੂ ਅਸ਼ੋਕ ਨਾਨੋਵਾਲ ਨੇ ਚੁੱਕੇ ਸਵਾਲ

ਪੈ.ਗਾਮ-ਏ-ਜਗਤ/ਨਵਾਂਸ਼ਹਿਰ
12 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ)

ਪੰਜਾਬ ਸਰਕਾਰ ਦੀ ਪਰਾਲੀ ਪ੍ਰਬੰਧਨ ਨੀਤੀ ’ਤੇ ਸਵਾਲ ਉਠਾਉਂਦਿਆਂ ਪੰਜਾਬ ਭਾਜਪਾ ਦੇ ਸੀਨੀਅਰ ਆਗੂ ਅਸ਼ੋਕ ਨਾਨੋਵਾਲ ਨੇ ਸੂਬਾ ਸਰਕਾਰ ਨੂੰ ਘੇਰਿਆ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਪ੍ਰਦੂਸ਼ਣ ਲਈ ਦੂਜਿਆਂ ਨੂੰ ਜ਼ਿੰਮੇਵਾਰ ਠਹਿਰਾਉਣ ਦੀ ਬਜਾਏ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਆਪਣੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਪਰਾਲੀ ਪ੍ਰਬੰਧਨ ਲਈ ਕੀਤੇ ਗਏ ਉਪਰਾਲਿਆਂ ਅਤੇ ਉਨ੍ਹਾਂ ਦੇ ਨਤੀਜਿਆਂ ਬਾਰੇ ਜਵਾਬ ਦੇਣਾ ਚਾਹੀਦਾ ਹੈ। ਅਸ਼ੋਕ ਨਾਨੋਵਾਲ ਨੇ ਸਰਕਾਰ ਕੋਲੋਂ ਪੰਜ ਸਵਾਲਾਂ ਦੇ ਜਵਾਬ ਮੰਗਦਿਆਂ ਪੁੱਛਿਆ ਕਿ ਵੱਡੇ ਪੱਧਰ ’ਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਸਾਹਮਣੇ ਆਉਣ ਦੇ ਬਾਵਜੂਦ ਬਾਇਓ-ਡੀਕੰਪੋਜ਼ਰ ਦੀ ਵਰਤੋਂ ਕਿੰਨੇ ਏਕੜ ਰਕਬੇ ਵਿੱਚ ਕੀਤੀ ਗਈ ਅਤੇ ਇਸ ਦੇ ਕੀ ਨਤੀਜੇ ਸਾਹਮਣੇ ਆਏ। ਉਨ੍ਹਾਂ ਕਿਹਾ ਕਿ ਸੀ.ਆਰ.ਐੱਮ. ਯੋਜਨਾ ਤਹਿਤ ਸਾਲ 2025-26 ਤੱਕ ਪ੍ਰਾਪਤ ਹੋਏ 2,056.50 ਕਰੋੜ ਰੁਪਏ ਕਿੱਥੇ ਖਰਚ ਕੀਤੇ ਗਏ ਅਤੇ ਇਸ ਰਾਸ਼ੀ ਵਿੱਚੋਂ ਕਿਸਾਨਾਂ ਤੱਕ ਕਿੰਨੀ ਵਿੱਤੀ ਸਹਾਇਤਾ ਪਹੁੰਚੀ, ਇਸ ਤੋਂ ਇਲਾਵਾ ਖੇਤੀਬਾੜੀ ਵਿਭਾਗ ਕੋਲ ਦਰਜ 94,456 ਮਸ਼ੀਨਾਂ ਵਿੱਚੋਂ ਕਿੰਨੀਆਂ ਮਸ਼ੀਨਾਂ ਚਾਲੂ ਹਾਲਤ ਵਿੱਚ ਹਨ ਅਤੇ ਕਿੰਨੇ ਕਸਟਮ ਹਾਇਰਿੰਗ ਸੈਂਟਰ ਕਿਸਾਨਾਂ ਨੂੰ ਸੇਵਾਵਾਂ ਮੁਹੱਈਆ ਕਰਵਾ ਰਹੇ ਹਨ। ਅਸ਼ੋਕ ਨਾਨੋਵਾਲ ਨੇ ਹਰਿਆਣਾ ਸਰਕਾਰ ਦੀ ਮਿਸਾਲ ਦਿੰਦਿਆਂ ਪੁੱਛਿਆ ਕਿ ਜਦੋਂ ਉੱਥੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਪ੍ਰਤੀ ਏਕੜ 1,000 ਤੋਂ 1,200 ਰੁਪਏ ਤੱਕ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ।



ਚੇਤਨ ਜੌੜਾਮਾਜਰਾ ਅਤੇ ਹਰਮੀਤ ਪਠਾਣਮਾਜਰਾ ਦਾ ਗੁਰਜੀਤ ਸਿੰਘ ਕੋਹਲੀ ਵੱਲੋਂ ਨਿੱਘਾ ਸਵਾਗਤ

ਪਟਿਆਲਾ, 11 ਨਵੰਬਰ
(ਪੈ.ਗਾਮ-ਏ-ਜਗਤ)

ਹਾਲ ਹੀ ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸਨੌਰ ਦੇ ਵਿਧਾਇਕ ਸ. ਹਰਮੀਤ ਸਿੰਘ ਪਠਾਣਮਾਜਰਾ ਅਤੇ ਸਾਬਕਾ ਵਿਧਾਇਕ ਸ. ਚੇਤਨ ਸਿੰਘ ਜੌੜਾਮਾਜਰਾ ਅੱਜ ਭਾਜਪਾ ਦੇ ਸੀਨੀਅਰ ਆਗੂ ਅਤੇ ਹਲਕਾ ਪਟਿਆਲਾ ਦੇਹਾਤੀ ਤੋਂ ਸ. ਗੁਰਜੀਤ ਸਿੰਘ ਕੋਹਲੀ ਦੇ ਦਫ਼ਤਰ, 14 ਨਿਹਾਲ ਬਾਗ, ਪਟਿਆਲਾ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਇਸ ਮੌਕੇ ਸ. ਗੁਰਜੀਤ ਸਿੰਘ ਕੋਹਲੀ ਨੇ ਦੋਵਾਂ ਆਗੂਆਂ ਨੂੰ ਭਾਰਤੀ ਜਨਤਾ ਪਾਰਟੀ ਦੇ ਸਿਰੋਪੇ ਭੇਟ ਕਰਕੇ ਸਨਮਾਨਿਤ ਕੀਤਾ। ਇਸ ਦੌਰਾਨ ਵੱਡੀ ਗਿਣਤੀ ਵਿੱਚ ਸ. ਕੋਹਲੀ ਦੇ ਸਮਰਥਕ ਅਤੇ ਭਾਜਪਾ ਵਰਕਰ ਹਾਜ਼ਰ ਸਨ, ਜਿਨ੍ਹਾਂ ਵੱਲੋਂ ਵੀ ਦੋਵਾਂ ਆਗੂਆਂ ਦਾ

- **ਦੋਵਾਂ ਆਗੂਆਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਨਾਲ ਪਟਿਆਲਾ ਜ਼ਿਲ੍ਹੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ : ਗੁਰਜੀਤ ਸਿੰਘ ਕੋਹਲੀ**



ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਗੁਰਜੀਤ ਸਿੰਘ ਕੋਹਲੀ ਨੇ ਕਿਹਾ ਕਿ ਸ. ਹਰਮੀਤ ਸਿੰਘ ਪਠਾਣਮਾਜਰਾ ਅਤੇ ਸ. ਚੇਤਨ ਸਿੰਘ ਜੌੜਾਮਾਜਰਾ ਦੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਪਟਿਆਲਾ ਜ਼ਿਲ੍ਹੇ ਵਿੱਚ ਹੋਰ ਬਲ ਮਿਲੇਗਾ। ਉਨ੍ਹਾਂ ਕਿਹਾ ਕਿ ਦੋਵਾਂ ਆਗੂਆਂ ਦਾ ਸਿਆਸੀ ਅਤੇ ਜਨਤਕ ਜੀਵਨ ਵਿੱਚ ਤਜਰਬਾ ਹੈ ਅਤੇ ਉਨ੍ਹਾਂ ਦੇ ਪਾਰਟੀ ਨਾਲ ਜੁੜਨ ਨਾਲ ਜ਼ਿਲ੍ਹੇ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਦਦ ਮਿਲੇਗੀ।

ਸ. ਕੋਹਲੀ ਨੇ ਕਿਹਾ ਕਿ ਅੱਜ ਦੀ ਮਿਲਣੀ ਦੌਰਾਨ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਦੇਖਣ ਨੂੰ ਮਿਲਿਆ ਉਤਸ਼ਾਹ ਇਸ ਗੱਲ ਦਾ ਪ੍ਰਤੀਕ ਹੈ ਕਿ ਵਰਕਰ ਨਵੇਂ ਆਗੂਆਂ ਦਾ ਪਾਰਟੀ ਵਿੱਚ ਦਿਲੋਂ ਸਵਾਗਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਮਿਲ ਕੇ ਆਪਸੀ ਤਾਲਮੇਲ ਅਤੇ ਇਕਜੁੱਟਤਾ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਾ ਚਾਹੀਦਾ ਹੈ।

ਉਨ੍ਹਾਂ ਦੋਵਾਂ ਆਗੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣ ਅਤੇ ਪੰਜਾਬ ਤੇ ਪਟਿਆਲਾ ਦੇ ਲੋਕਾਂ ਦੀ ਸੇਵਾ ਕਰਦੇ ਰਹਿਣ। ਇਸ ਮੌਕੇ ਦੋਵਾਂ ਆਗੂਆਂ ਨੇ ਵੀ ਸ. ਗੁਰਜੀਤ ਸਿੰਘ ਕੋਹਲੀ ਅਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਦਿੱਤੇ ਗਏ ਨਿੱਘੇ ਸਵਾਗਤ ਲਈ ਧੰਨਵਾਦ ਕੀਤਾ। ਇਸ ਸਵਾਗਤੀ ਸਮਾਗਮ ਦੌਰਾਨ ਭਾਜਪਾ ਦੇ ਕਈ ਆਗੂ, ਵਰਕਰ ਅਤੇ ਸ. ਗੁਰਜੀਤ ਸਿੰਘ ਕੋਹਲੀ ਦੇ ਸਮਰਥਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਯੁੱਧ ਨਸ਼ਿਆਂ ਵਿਰੁੱਧ : ਵਿਦਿਆਰਥੀਆਂ ਵਲੋਂ ਨਸ਼ਿਆਂ ਖਿਲਾਫ਼ ਜ਼ੋਰਦਾਰ ਸੁਨੇਹਾ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
12 ਨਵੰਬਰ (ਹਰੀ ਕ੍ਰਿਸ਼ਨ ਗੰਗੜ)

ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹੇ ਵਿਚ ਕਰਵਾਏ ਜਾ ਰਹੇ ਵੱਖ-ਵੱਖ ਜਾਗਰੂਕਤਾ ਪ੍ਰੋਗਰਾਮਾਂ ਦੀ ਲੜੀ ਹੇਠ ਪਿੰਡ ਦੇਨੋਵਾਲ ਖੁਰਦ ਵਿਖੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਸਕੂਲੀ ਵਿਦਿਆਰਥੀਆਂ ਵਲੋਂ ਨਸ਼ਿਆਂ ਵਿਰੁੱਧ ਜ਼ੋਰਦਾਰ ਸੁਨੇਹਾ ਦਿੱਤਾ ਗਿਆ।

ਗੜ੍ਹਸ਼ੰਕਰ ਦੇ ਐਸ.ਡੀ.ਐਮ. ਸੰਜੀਵ ਕੁਮਾਰ ਨੇ ਦੱਸਿਆ ਕਿ ਸਰਕਾਰੀ ਹਾਈ ਸਕੂਲ, ਇਬਰਾਹੀਮਪੁਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਦੇਨੋਵਾਲ ਦੇ ਵਿਦਿਆਰਥੀਆਂ ਵਲੋਂ ਪਿੰਡ ਵਾਸੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਦੇ ਨਾਲ-ਨਾਲ

- **ਨਸ਼ਿਆਂ ਦੇ ਖਾਤਮੇ ਲਈ ਨੌਜਵਾਨ ਨਿਭਾਅ ਸਕਦੇ ਨੇ ਅਹਿਮ ਭੂਮਿਕਾ : ਐਸ.ਡੀ.ਐਮ.**



ਮਨੁੱਖੀ ਸਿਹਤ ਨੂੰ ਇਸ ਦੇ ਨੁਕਸਾਨ ਤੋਂ ਜਾਣੂ ਕਰਵਾਉਂਦਿਆਂ ਨਸ਼ਿਆਂ ਦੇ ਖਾਤਮੇ ਲਈ ਅੱਗੇ ਆਉਣ ਦਾ ਸੱਦਾ ਦਿੱਤਾ ਗਿਆ।

ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੇ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਨਸ਼ਿਆਂ ਦੇ ਜੜ੍ਹੋਂ ਖਾਤਮੇ ਦੀ ਅਪੀਲ ਕਰਕੇ ਸਿਹਤਮੰਦ ਸਮਾਜ ਦੀ ਸਿਰਜਣਾ ਨੂੰ ਸਾਕਾਰ ਕਰਨ ਲਈ ਸਾਰਿਆਂ ਦੇ ਸਾਂਝੇ ਸਹਿਯੋਗ ਦੀ ਲੋੜ ’ਤੇ ਜ਼ੋਰ ਦਿੱਤਾ। ਐਸ.ਡੀ.ਐਮ. ਸੰਜੀਵ ਕੁਮਾਰ ਨੇ ਵਿਦਿਆਰਥੀਆਂ ਦੀ ਹੌਂਸਲਾਅਫਜਾਈ ਕਰਦਿਆਂ ਕਿਹਾ ਕਿ ਨੌਜਵਾਨ ਪੀੜੀ ਨਸ਼ਿਆਂ ਦੇ ਖਾਤਮੇ ਲਈ ਬੇਹੱਦ ਮਹੱਤਵਪੂਰਨ ਭੂਮਿਕਾ ਨਿਭਾਅ ਸਕਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਸਮਾਜ ਵਿਚੋਂ ਨਾ ਸਿਰਫ਼ ਨਸ਼ਿਆਂ ਨੂੰ ਖਤਮ ਕੀਤਾ ਜਾ ਸਕਦਾ ਹੈ ਸਗੋਂ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ ਦੇ ਖਿਡਾਰੀ ਤਿਆਰ ਕਰਕੇ ਖੇਡਾਂ ਦੇ ਖੇਤਰ ਵਿਚ ਨਾਮਣਾ ਖੱਟਿਆ ਜਾ ਸਕਦਾ ਹੈ। ਉਨ੍ਹਾਂ ਨੇ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਨਸ਼ਿਆਂ ਦੀ ਵਿਕਰੀ ਜਾਂ ਸਮਗਲਿੰਗ ਬਾਰੇ ਕੋਈ ਵੀ ਜਾਣਕਾਰੀ ਹਾਸਲ ਹੁੰਦੀ ਹੈ ਤਾਂ ਇਸ ਸਬੰਧੀ ਤੁਰੰਤ ਪੁਲਿਸ ਜਾਂ ਸਿਵਲ ਪ੍ਰਸ਼ਾਸਨ ਨੂੰ ਸੂਚਿਤ ਕੀਤਾ ਜਾਵੇ ਜਿਸ ਨਾਲ ਸਮੇਂ ਸਿਰ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਸਕੇ।

ਇਸ ਮੌਕੇ ਡੀ.ਐਸ.ਪੀ ਕਮਲਜੀਤ ਸਿੰਘ, ਬੀ.ਡੀ.ਪੀ.ਓ ਮਨਜਿੰਦਰ ਕੌਰ, ਪ੍ਰਿੰਸੀਪਲ ਨਿਰਮਲ ਸਿੰਘ, ਪ੍ਰਿੰਸੀਪਲ ਵਰਿੰਦਰ ਸ਼ਰਮਾ ਅਤੇ ਬਲਵਿੰਦਰ ਸਿੰਘ ਢਿੱਲੋਂ ਆਦਿ ਵੀ ਮੌਜੂਦ ਸਨ।

ਬੱਚਿਆਂ ਨੂੰ ਆਪਣੀ ਸੁਰੱਖਿਆ ਅਤੇ ਨਿਯਮਾਂ-ਕਾਨੂੰਨਾਂ ਦੀ ਪਾਲਣਾ ਕਰਨ ਲਈ ਜਾਗਰੂਕ ਕੀਤਾ : ਡਾਇਰੈਕਟਰ ਰਾਕੇਸ਼ ਗੌਤਮ

ਪੈ.ਗਾਮ-ਏ-ਜਗਤ
ਪਟਿਆਲਾ (ਕਾਕਾ ਰਾਮ ਵਰਮਾ)

ਟੈਨੀ ਜੇਮਜ਼ ਪਬਲਿਕ ਹਾਈ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਪੰਜਾਬ ਪੁਲਿਸ ਦੇ ਟ੍ਰੈਫਿਕ ਐਜੂਕੇਸ਼ਨ ਸੈੱਲ ਦੀ ਇੰਸਪੈਕਟਰ ਸਰਬਜੀਤ ਕੌਰ ਅਤੇ ਏ.ਐੱਸ.ਆਈ. ਰਾਮ ਸ਼ਰਨ ਨੂੰ ਬੁਲਾਇਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਵਾਜਾਈ ਦੇ ਨਿਯਮਾਂ, ਕਾਨੂੰਨਾਂ, ਅਸੂਲਾਂ ਅਤੇ ਫਰਜ਼ਾਂ ਦੇ ਨਾਲ-ਨਾਲ ਨਸ਼ਿਆਂ, ਅਪਰਾਧਾਂ, ਮਾੜੇ ਅਨਸਰਾਂ, ਘਰੋਂ ਭੱਜਣ ਅਤੇ ਪੋਕਸੋ ਐਕਟ ਬਾਰੇ ਜਾਣਕਾਰੀ ਦਿੱਤੀ। ਪੁਲਿਸ ਅਧਿਕਾਰੀਆਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੜਕਾਂ ’ਤੇ ਚੱਲਦਿਆਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਜਾਗਰੂਕ ਕੀਤਾ। ਉਨ੍ਹਾਂ ਨੇ ਬਿਨਾਂ



ਡਰਾਈਵਿੰਗ ਲਾਇਸੈਂਸ, ਪ੍ਰਦੂਸ਼ਣ ਸਰਟੀਫਿਕੇਟ, ਬੀਮਾ, ਆਰ.ਸੀ. ਅਤੇ ਹੈਲਮਟ ਤੋਂ ਬਿਨਾਂ ਵਾਹਨ ਨਾ ਚਲਾਉਣ ਦੀ ਸਲਾਹ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਪੋਕਸੋ ਐਕਟ ਤਹਿਤ ਮਿਲਣ ਵਾਲੀਆਂ ਸਜ਼ਾਵਾਂ ਅਤੇ ਵੱਖ-ਵੱਖ ਹੈਲਪਲਾਈਨ ਨੰਬਰਾਂ ਦੀ ਵਰਤੋਂ ਬਾਰੇ ਵੀ ਜਾਣਕਾਰੀ ਦਿੱਤੀ। ਕਾਕਾ ਰਾਮ ਵਰਮਾ, ਸੇਵਾਮੁਕਤ ਟ੍ਰੇਨਿੰਗ ਸੁਪਰਵਾਈਜ਼ਰ, ਰੈੱਡ ਕਰਾਸ ਨੇ ਫਸਟ ਏਡ, ਸੀ.ਪੀ.ਆਰ. ਅਤੇ ਫਾਇਰ ਸੇਫਟੀ ਦੀ ਵਿਹਾਰਕ ਸਿਖਲਾਈ ਦਿੱਤੀ। ਉਨ੍ਹਾਂ ਨੇ ਅਭਿਆਸ ਅਤੇ ਪ੍ਰਦਰਸ਼ਨ ਰਾਹੀਂ ਹਾਦਸਿਆਂ ਨੂੰ ਘਟਾਉਣ ਅਤੇ ਕੀਮਤੀ ਮਨੁੱਖੀ ਜਾਨਾਂ ਬਚਾਉਣ ਦੇ ਤਰੀਕੇ ਸਮਝਾਏ। ਡਾ. ਰਾਕੇਸ਼ ਗੌਤਮ ਨੇ ਧੰਨਵਾਦ ਕਰਦਿਆਂ ਕਿਹਾ ਕਿ ਪਟਿਆਲਾ ਵਿਖੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸੁਰੱਖਿਆ ਅਤੇ ਅਧਿਆਪਕਾਂ, ਮਾਪਿਆਂ ਤੇ ਨਾਗਰਿਕਾਂ ਨੂੰ ਮਾੜੇ ਕੰਮਾਂ, ਨਸ਼ਿਆਂ, ਅਪਰਾਧਾਂ, ਧੋਖਾਧੜੀ ਅਤੇ ਲੁੱਟ-ਖੋਹ ਤੋਂ ਬਚਾਉਣ ਲਈ ਪੁਲਿਸ ਅਧਿਕਾਰੀਆਂ ਅਤੇ ਕਾਕਾ ਰਾਮ ਵਰਮਾ ਵੱਲੋਂ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਖੇਡਾਂ ਵਿੱਚ ਤਗਮੇ ਜਿੱਤਣ ਵਾਲੀਆਂ ਸਕੂਲ ਦੀਆਂ ਦੋ ਵਿਦਿਆਰਥਣਾਂ ਨੂੰ ਪੁਲਿਸ ਅਧਿਕਾਰੀਆਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

ਕਿਸਾਨਾਂ ਲਈ 62,370 ਕਰੋੜ ਰੁਪਏ ਦੀ ਖਾਦ ਸਬਸਿਡੀ ਨੂੰ ਮਨਜ਼ੂਰੀ ਦੇਣਾ ਮੋਦੀ ਸਰਕਾਰ ਦਾ ਕਿਸਾਨ-ਹਿਤੈਸ਼ੀ ਫੈਸਲਾ : ਸੁਖਵਿੰਦਰ ਸਿੰਘ ਗੋਲਡੀ

ਪੈ.ਗਾਮ-ਏ-ਜਗਤ/ਖਰੜ, (ਦਵਿੰਦਰ ਕੌਰ)

ਭਾਰਤ ਸਰਕਾਰ ਵੱਲੋਂ ਹਾੜੀ ਸੀਜ਼ਨ 2026-27 ਲਈ ਕਿਸਾਨਾਂ ਨੂੰ ਖਾਦਾਂ ’ਤੇ 62,370 ਕਰੋੜ ਰੁਪਏ ਦੀ ਸਬਸਿਡੀ ਦੇਣ ਦੀ ਮਨਜ਼ੂਰੀ ਦੇਣ ਦਾ ਸਵਾਗਤ ਕਰਦਿਆਂ ਪੰਜਾਬ ਭਾਜਪਾ ਦੇ ਸਹਿ ਕੈਸ਼ੀਅਰ ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਕਿਸਾਨਾਂ ਦੀ ਭਲਾਈ ਲਈ ਲਗਾਤਾਰ ਇਤਿਹਾਸਕ ਫੈਸਲੇ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਖਾਦਾਂ ’ਤੇ ਇੰਨੀ ਵੱਡੀ ਸਬਸਿਡੀ ਦੇਣ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਉਨ੍ਹਾਂ ਨੂੰ ਕਿਫਾਇਤੀ ਦਰਾਂ ’ਤੇ ਖਾਦਾਂ ਉਪਲਬਧ ਹੋ ਸਕਣਗੀਆਂ। ਇਹ



ਫੈਸਲਾ ਕਿਸਾਨਾਂ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਅਤੇ ਖੇਤੀਬਾੜੀ ਦੇ ਖਰਚੇ ਘਟਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ, ਖੇਤੀਬਾੜੀ ਨੂੰ ਆਧੁਨਿਕ ਬਣਾਉਣ ਅਤੇ ਕਿਸਾਨਾਂ ਨੂੰ ਆਰਥਿਕ ਸੁਰੱਖਿਆ ਦੇਣ ਲਈ ਲਗਾਤਾਰ ਕੰਮ ਕਰ ਰਹੀ ਹੈ। ਕੇਂਦਰ ਸਰਕਾਰ ਦੀਆਂ ਕਿਸਾਨ-ਪੱਖੀ ਨੀਤੀਆਂ ਦੇਸ਼ ਦੇ ਅੰਨਦਾਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਇਸ ਕਿਸਾਨ-ਹਿਤੈਸ਼ੀ ਫੈਸਲੇ ਲਈ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਅਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ।

ਕਾਂਗਰਸ ਪਾਰਟੀ ਦਾ ‘ਚੌਪਾਲ’ ਪ੍ਰੋਗਰਾਮ ਸੌਂਟੀ ਪਿੰਡ ਵਿਚ ਅੱਜ

ਪੈ.ਗਾਮ-ਏ-ਜਗਤ
ਅੰਬਾਲਾ, 12 ਨਵੰਬਰ (ਆਰ.ਸਿੰਘ)

ਕਾਂਗਰਸ ਪਾਰਟੀ ਦੀ ਵੋਟ ਬਚਾਓ, ਦੇਸ਼ ਬਚਾਓ ਮੁਹਿੰਮ ਦੇ ਹਿੱਸੇ ਵਜੋਂ ਭਲਕੇ ਸ਼ੁੱਕਰਵਾਰ 13 ਨਵੰਬਰ ਨੂੰ ਅੰਬਾਲਾ ਦੇ ਸੌਂਟੀ ਪਿੰਡ ਵਿੱਚ ਇੱਕ ਵਿਸ਼ਾਲ ਚੌਪਾਲ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਦਾ ਉਦੇਸ਼ ਲੋਕਤੰਤਰ ਅਤੇ ਵੋਟਰ ਅਧਿਕਾਰਾਂ ਦੀ ਰੱਖਿਆ ਕਰਨਾ ਅਤੇ ਨਾਗਰਿਕਾਂ ਵਿੱਚ ਉਨ੍ਹਾਂ ਦੇ ਵੋਟਿੰਗ ਅਧਿਕਾਰਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਇਹ ਸਮਾਗਮ ਸਵੇਰੇ 9 ਵਜੇ ਸ਼ੁਰੂ ਹੋਵੇਗਾ। ਅੰਬਾਲਾ ਸ਼ਹਿਰ ਤੋਂ ਵਿਧਾਇਕ ਚੌਧਰੀ ਨਿਰਮਲ ਸਿੰਘ ਇਸ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਹੋਣਗੇ ਜਦੋਂ ਕਿ ਹਰਿਆਣਾ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਚੌਪਾਲ ਮੁਹਿੰਮ ਸੁਪਰਵਾਈਜ਼ਰ ਦਿਵਯਾਂਸ਼ੂ ਬੁਧੀਰਾਜਾ, ਏਕੇਯੂ ਸੁਪਰਵਾਈਜ਼ਰ ਅਤੇ ਸਾਬਕਾ ਵਿਧਾਇਕ ਰਵੀ ਜੋਸ਼ੀ ਅਤੇ ਬਲਾਕ ਪ੍ਰਧਾਨ ਦਿਹਾਤੀ ਰਾਕੇਸ਼ ਮੇਹਲਾ ਵਿਸ਼ੇਸ਼ ਮਹਿਮਾਨ ਹੋਣਗੇ। ਕਾਂਗਰਸ ਪਾਰਟੀ ਦੇ ਕਈ ਸੀਨੀਅਰ ਆਗੂ, ਅਹੁਦੇਦਾਰ ਅਤੇ ਵਰਕਰ ਇਸ ਵਿਚ ਹਿੱਸਾ ਲੈਣਗੇ।

ਜਾਣਕਾਰੀ ਦਿੰਦਿਆਂ ਰਾਕੇਸ਼ ਮੇਹਲਾ ਨੇ ਦੱਸਿਆ ਕਿ ਚੌਪਾਲ ਰਾਹੀਂ ਲੋਕਤੰਤਰ ਨੂੰ ਮਜ਼ਬੂਤ ਕਰਨ, ਵੋਟਰਾਂ ਦੇ ਸੰਵਿਧਾਨਕ ਅਧਿਕਾਰ, ਵੋਟਰ ਸੂਚੀਆਂ ਵਿੱਚ ਪਾਰਦਰਸ਼ਤਾ ਅਤੇ ਚੋਣ ਪ੍ਰਕਿਰਿਆ ਵਿੱਚ ਜਨਤਕ ਭਾਗੀਦਾਰੀ ਵਰਗੇ ਮਹੱਤਵਪੂਰਨ ਮੁੱਦਿਆਂ ’ਤੇ ਚਰਚਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਚਲਾਈ ਜਾ ਰਹੀ ਇਸ ਮੁਹਿੰਮ ਦਾ ਉਦੇਸ਼ ਲੋਕਾਂ ਨੂੰ ਉਨ੍ਹਾਂ ਦੀ ਵੋਟ ਦੀ ਮਹੱਤਤਾ ਅਤੇ ਲੋਕਤੰਤਰੀ ਪ੍ਰਣਾਲੀ ਵਿੱਚ ਹਰ ਨਾਗਰਿਕ ਦੀ ਭੂਮਿਕਾ ਬਾਰੇ ਜਾਗਰੂਕ ਕਰਨਾ ਹੈ। ਪਾਰਟੀ ਆਗੂ ਅਤੇ ਵਰਕਰ ਇਸ ਮੁਹਿੰਮ ਨੂੰ ਹਰ ਪਿੰਡ ਤੱਕ ਪਹੁੰਚਾਉਣ ਲਈ ਯਤਨਸ਼ੀਲ ਹਨ ਤਾਂ ਜੋ ਵੱਧ ਤੋਂ ਵੱਧ ਲੋਕ ਆਪਣੇ ਵੋਟ ਅਧਿਕਾਰਾਂ ਪ੍ਰਤੀ ਜਾਗਰੂਕ ਹੋਣ। ਮੇਹਲਾ ਨੇ ਦੱਸਿਆ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਜਾਗਰੂਕ ਨਾਗਰਿਕ ਅਤੇ ਨਿਰਪੱਖ ਚੋਣ ਪ੍ਰਕਿਰਿਆ ਜ਼ਰੂਰੀ ਹੈ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਚੌਪਾਲ ਪ੍ਰੋਗਰਾਮ ਸੌਂਟੀ ਪਿੰਡ ਵਿੱਚ ਆਯੋਜਿਤ ਕੀਤਾ ਜਾ ਰਿਹਾ ਹੈ।

ਪ੍ਰਬੰਧਕਾਂ ਨੇ ਸਾਰੇ ਸਤਿਕਾਰਯੋਗ ਨਾਗਰਿਕਾਂ, ਨੌਜਵਾਨਾਂ, ਬਜ਼ੁਰਗਾਂ ਅਤੇ ਕਾਂਗਰਸੀ ਵਰਕਰਾਂ ਨੂੰ ਸ਼ੁੱਕਰਵਾਰ ਸਵੇਰੇ 9 ਵਜੇ ਸੌਂਟੀ ਪਿੰਡ ਪਹੁੰਚਣ ਅਤੇ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਆਪਣੀ ਆਵਾਜ਼ ਬੁਲੰਦ ਕਰਨ ਤੇ ਵੋਟ ਬਚਾਓ, ਦੇਸ਼ ਬਚਾਓ ਮੁਹਿੰਮ ਦਾ ਸਮਰਥਨ ਕਰਨ ਦੀ ਅਪੀਲ ਕੀਤੀ ਹੈ।

ਭਾਗਵਤ ਕਥਾ ਗਿਆਨ ਯੱਗ ਵਿੱਚ ਸ਼ਾਮਲ ਹੋਏ ਮੁਕੇਸ਼ ਅਗਨੀਹੋਤਰੀ





ਊਨਾ, 12 ਨਵੰਬਰ
(ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਅੱਜ ਗੋਵਿੰਦ ਧਾਮ ਗਊਸ਼ਾਲਾ, ਦੁਲੇਹੜ ਵਿਖੇ ਕਰਵਾਏ ਗਏ ਸ੍ਰੀਮਦ ਭਾਗਵਤ ਕਥਾ ਗਿਆਨ ਯੱਗ ਵਿੱਚ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨੇ ਆਚਾਰੀਆ ਤਰੁਣ ਡੋਗਰਾ ਦੇ ਮੁਖਾਰਬਿੰਦ ਤੋਂ ਸ੍ਰੀਮਦ ਭਾਗਵਤ ਕਥਾ ਦਾ ਸਰਵਣ ਕੀਤਾ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਸਮਾਗਮ ਵਿੱਚ ਅਧਿਆਤਮਿਕ ਵਿਚਾਰਾਂ ਅਤੇ ਪ੍ਰਭੂ ਭਗਤੀ ਨਾਲ ਜੁੜੇ ਪ੍ਰੇਰਨਾਦਾਇਕ ਪ੍ਰਸੰਗ ਸੁਣਨ ਦਾ ਮੌਕਾ ਮਿਲਿਆ। ਅਜਿਹੇ ਧਾਰਮਿਕ ਸਮਾਗਮ ਸਮਾਜ ਵਿੱਚ ਅਧਿਆਤਮਿਕ ਚੇਤਨਾ ਅਤੇ ਸਕਾਰਾਤਮਕਤਾ ਦਾ ਸੰਚਾਰ ਕਰਦੇ ਹਨ। ਉਪ ਮੁੱਖ ਮੰਤਰੀ ਨੇ ਕਥਾ ਦੇ ਸਫਲ ਆਯੋਜਨ ਲਈ ਸਮੁੱਚੀ ਪ੍ਰਬੰਧਕ ਕਮੇਟੀ ਨੂੰ ਦਿਲੋਂ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਾਮਨਾ ਕੀਤੀ ਕਿ ਭਗਵਾਨ ਸ੍ਰੀ ਕ੍ਰਿਸ਼ਨ ਦੀ ਕਿਰਪਾ ਸਾਰਿਆਂ ਉੱਤੇ ਹਮੇਸ਼ਾ ਬਣੀ ਰਹੇ।

ਡੀ.ਸੀ. ਰਾਹੁਲ ਨਰਵਾਲ ਦੇ ਮਾਰਗਦਰਸ਼ਨ ਹੇਠ ਜਲ ਸੰਭਾਲ ਨੂੰ ਜਨ ਅੰਦੋਲਨ ਬਣਾਉਣ ਲਈ ਹਾਂਸੀ ਪ੍ਰਸ਼ਾਸਨ ਦੀ ਪਹਿਲ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਡੀਸੀ ਰਾਹੁਲ ਨਰਵਾਲ ਦੇ ਮਾਰਗਦਰਸ਼ਨ ਹੇਠ ਜਲ ਸੰਭਾਲ ਨੂੰ ਜਨ ਅੰਦੋਲਨ ਦਾ ਰੂਪ ਦੇਣ ਅਤੇ ਪਾਣੀ ਦੀ ਹਰ ਬੂੰਦ ਦੀ ਸੁਚੱਜੀ ਵਰਤੋਂ ਯਕੀਨੀ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ੁੱਕਰਵਾਰ ਨੂੰ ਤਿੰਨ ਪਿੰਡਾਂ ਵਿੱਚ ਜਲ ਚੌਪਾਲਾਂ ਲਗਾਈਆਂ ਜਾਣਗੀਆਂ। ਪਾਇਲਟ ਆਧਾਰ ’ਤੇ ਸ਼ੁਰੂ ਕੀਤੀ ਜਾ ਰਹੀ ਇਸ ਪਹਿਲਕਦਮੀ ਤਹਿਤ ਸਿੰਧੜ, ਸ਼ੇਖਪੁਰਾ ਅਤੇ ਢਾਣੀ ਸਾਂਕਰੀ ਪਿੰਡਾਂ ਵਿੱਚ ਪਿੰਡ ਵਾਸੀਆਂ, ਗ੍ਰਾਮ ਪੰਚਾਇਤ ਦੇ ਨੁਮਾਇੰਦਿਆਂ, ਮਹਿਲਾਵਾਂ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਸ਼ਮੂਲੀਅਤ ਨਾਲ ਜਲ ਸੰਭਾਲ ਲਈ ਠੋਸ ਕਾਰਜਯੋਜਨਾ ਤਿਆਰ ਕੀਤੀ ਜਾਵੇਗੀ।

ਨਿਰਧਾਰਤ ਪ੍ਰੋਗਰਾਮ ਅਨੁਸਾਰ ਸਿੰਧੜ ਪਿੰਡ ਦੇ ਜਲਘਰ ਵਿੱਚ ਸਵੇਰੇ 10 ਵਜੇ, ਸ਼ੇਖਪੁਰਾ ਦੇ ਪਸ਼ੂ ਹਸਪਤਾਲ ਵਿੱਚ ਸਵੇਰੇ 11 ਵਜੇ ਅਤੇ ਢਾਣੀ ਸਾਂਕਰੀ ਦੇ ਕਮਿਊਨਿਟੀ ਸੈਂਟਰ ਵਿੱਚ ਸ਼ਾਮ 4 ਵਜੇ ਜਲ ਚੌਪਾਲ ਲਗਾਈ ਜਾਵੇਗੀ। ਇਨ੍ਹਾਂ ਮੀਟਿੰਗਾਂ ਦੌਰਾਨ ਪਿੰਡਾਂ ਦੀ ਪੀਣ ਵਾਲੇ ਪਾਣੀ ਦੀ ਸਪਲਾਈ ਨਾਲ ਜੁੜੀਆਂ

- **ਸ਼ੁੱਕਰਵਾਰ ਨੂੰ ਤਿੰਨ ਪਿੰਡਾਂ ਵਿੱਚ ਲੱਗਣਗੀਆਂ ਜਲ ਚੌਪਾਲਾਂ**
- **ਸਿੰਧੜ, ਸ਼ੇਖਪੁਰਾ ਅਤੇ ਢਾਣੀ ਸਾਂਕਰੀ ਵਿੱਚ ਪਿੰਡ ਵਾਸੀਆਂ ਦੀ ਸ਼ਮੂਲੀਅਤ ਨਾਲ ਤਿਆਰ ਹੋਵੇਗੀ ਜਲ ਸੰਭਾਲ ਦੀ ਕਾਰਜਯੋਜਨਾ**

ਸਮੱਸਿਆਵਾਂ ਦੀ ਪਛਾਣ ਕਰਕੇ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਕਦਮ ਤੈਅ ਕੀਤੇ ਜਾਣਗੇ।

ਜਲ ਚੌਪਾਲਾਂ ਵਿੱਚ ਗਲੀਵਾਰ ਵਲੰਟੀਅਰ ਨਿਯੁਕਤ ਕਰਨ, ਟੁੱਟੀਆਂ ਪੀਣ ਵਾਲੇ ਪਾਣੀ ਦੀਆਂ ਪਾਈਪ ਲਾਈਨਾਂ ਦੀ ਪਛਾਣ ਕਰਕੇ ਉਨ੍ਹਾਂ ਦੀ ਮੁਰੰਮਤ ਕਰਵਾਉਣ ਅਤੇ ਖੁੱਲ੍ਹੀਆਂ ਟੂਟੀਆਂ ਉੱਤੇ ਨਲਕੀਆਂ ਲਗਵਾਉਣ ਵਰਗੇ ਅਹਿਮ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕਰਕੇ ਫੈਸਲੇ ਲਏ ਜਾਣਗੇ।

ਵਲੰਟੀਅਰ ਆਪਣੇ ਖੇਤਰ ਵਿੱਚ ਪਾਣੀ ਦੀ ਬਰਬਾਦੀ ਰੋਕਣ, ਲੋਕਾਂ ਨੂੰ ਜਾਗਰੂਕ ਕਰਨ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਪ੍ਰਣਾਲੀ ਵਿੱਚ ਸਾਹਮਣੇ ਆਉਣ ਵਾਲੀਆਂ ਕਮੀਆਂ ਬਾਰੇ ਸਬੰਧਤ ਵਿਭਾਗਾਂ ਨੂੰ ਜਾਣੂ ਕਰਵਾਉਣ ਵਿੱਚ ਸਹਿਯੋਗ ਕਰਨਗੇ। ਇਨ੍ਹਾਂ ਕਾਰਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਅਧਿਕਾਰੀਆਂ ਦੀਆਂ ਜ਼ਿੰਮੇਵਾਰੀਆਂ ਤੈਅ ਕਰਨ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕਰਨ ਬਾਰੇ ਵੀ ਵਿਚਾਰ ਕੀਤਾ ਜਾਵੇਗਾ।

ਇਸ ਪਹਿਲਕਦਮੀ ਵਿੱਚ ਮਹਿਲਾਵਾਂ ਦੀ ਸ਼ਮੂਲੀਅਤ ’ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਘਰੇਲੂ ਪੱਧਰ ’ਤੇ ਪਾਣੀ ਦੀ ਬੱਚਤ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਦੇ ਸੁਝਾਅ ਕਾਰਜਯੋਜਨਾ ਵਿੱਚ ਸ਼ਾਮਲ ਕੀਤੇ ਜਾਣਗੇ। ਇਸ ਦੇ ਨਾਲ ਹੀ ਪਿੰਡ ਵਾਸੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਪਾਣੀ ਦੀ ਸਮਝਦਾਰੀ ਨਾਲ ਵਰਤੋਂ ਕਰਨ ਅਤੇ ਬੇਲੋੜੀ ਬਰਬਾਦੀ ਰੋਕਣ ਲਈ ਪ੍ਰੇਰਿਤ ਕੀਤਾ ਜਾਵੇਗਾ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲੇ ਪੜਾਅ ਵਿੱਚ ਇਨ੍ਹਾਂ ਤਿੰਨ ਪਿੰਡਾਂ ਵਿੱਚ ਲਗਾਈਆਂ ਜਾਣ ਵਾਲੀਆਂ ਜਲ ਚੌਪਾਲਾਂ ਦੇ ਨਤੀਜਿਆਂ ਅਤੇ ਤਜਰਬਿਆਂ ਦੇ ਆਧਾਰ ’ਤੇ ਅਗਲੇ ਪੜਾਅ ਲਈ ਹੋਰ ਪਿੰਡਾਂ ਦੀ ਚੋਣ ਕੀਤੀ ਜਾਵੇਗੀ। ਉੱਥੇ ਵੀ ਇਸੇ ਤਰ੍ਹਾਂ ਪਿੰਡ ਵਾਸੀਆਂ ਦੀ ਸ਼ਮੂਲੀਅਤ ਨਾਲ ਜਲ ਸੰਭਾਲ ਸਬੰਧੀ ਗਤੀਵਿਧੀਆਂ ਚਲਾਈਆਂ ਜਾਣਗੀਆਂ।

ਖੇਡਾਂ ਰਾਹੀਂ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਮਜ਼ਬੂਤੀ ਦੇ ਰਹੇ ਹਨ ਨੌਜਵਾਨ : ਮੁਕੇਸ਼ ਅਗਨੀਹੋਤਰੀ

ਊਨਾ, 12 ਨਵੰਬਰ
(ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਹਲਕਾ ਹਰੋਲੀ ਦੇ ਨੌਜਵਾਨ ਖੇਡ ਗਤੀਵਿਧੀਆਂ ਰਾਹੀਂ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਮਜ਼ਬੂਤੀ ਦੇ ਰਹੇ ਹਨ। ਨੌਜਵਾਨ ਜਿਸ ਤਰ੍ਹਾਂ ਅੱਗੇ ਆ ਕੇ ਕ੍ਰਿਕਟ ਅਤੇ ਫੁੱਟਬਾਲ ਵਰਗੇ ਮੁਕਾਬਲੇ ਕਰਵਾ ਰਹੇ ਹਨ, ਉਹ ਸਮਾਜ ਲਈ ਇੱਕ ਸਕਾਰਾਤਮਕ ਸੰਦੇਸ਼ ਹੈ। ਉਨ੍ਹਾਂ ਕਿਹਾ ਕਿ

- **ਉਪ ਮੁੱਖ ਮੰਤਰੀ ਨੇ ਚਾਂਦਪੁਰ ਵਿਖੇ ਤਿੰਨ ਰੋਜ਼ਾ ਕ੍ਰਿਕਟ ਮੁਕਾਬਲੇ ਵਿੱਚ ਕੀਤੀ ਸ਼ਿਰਕਤ, ਪਹਿਲੇ ਇਨਾਮ ਲਈ 51 ਹਜ਼ਾਰ ਰੁਪਏ ਦੇਣ ਦਾ ਐਲਾਨ**

ਕੁਝ ਲੋਕ ਇਸ ਖੇਤਰ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰਦੇ ਹਨ, ਜਦਕਿ ਨੌਜਵਾਨ ਖੇਡਾਂ ਰਾਹੀਂ ਸਮਾਜ ਦੀ ਉਸਾਰੀ ਵਿੱਚ ਆਪਣੀ ਅਹਿਮ ਭੂਮਿਕਾ ਨਿਭਾ ਰਹੇ ਹਨ।

ਉਪ ਮੁੱਖ ਮੰਤਰੀ ਅੱਜ ਹਲਕਾ ਹਰੋਲੀ ਦੇ ਚਾਂਦਪੁਰ ਵਿਖੇ ਚਾਂਦਪੁਰ ਕ੍ਰਿਕਟ ਕਲੱਬ ਵੱਲੋਂ ਕਰਵਾਏ ਗਏ ਤਿੰਨ ਰੋਜ਼ਾ ਕ੍ਰਿਕਟ ਮੁਕਾਬਲੇ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਮੁਕਾਬਲੇ ਦੇ ਪ੍ਰਬੰਧਾਂ ਲਈ ਕਮੇਟੀ ਅਤੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਅਤੇ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਅਜਿਹੇ ਸਮਾਗਮ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਮੁਕਾਬਲੇ ਦੇ ਪਹਿਲੇ ਇਨਾਮ ਵਜੋਂ ਨਿਰਧਾਰਤ 51 ਹਜ਼ਾਰ ਰੁਪਏ ਦੀ ਰਾਸ਼ੀ ਆਪਣੀ ਤਰਫੋਂ ਦੇਣ ਦਾ ਐਲਾਨ ਕੀਤਾ।

ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਚਾਂਦਪੁਰ ਇੱਕ ਛੋਟਾ ਪਿੰਡ ਹੈ, ਪਰ ਇਸ ਨੂੰ ਵਿਕਾਸ ਦੀ ਰਾਹ ’ਤੇ ਅੱਗੇ ਲਿਜਾਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਪਿੰਡ ਵਿੱਚ ਦੋ ਪੁਲਾਂ ਦਾ ਨਿਰਮਾਣ ਕਰਵਾਇਆ ਗਿਆ ਹੈ, ਜਿਸ ਨਾਲ





ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਹਲਕਾ ਹਰੋਲੀ ਵਿੱਚ ਇਸ ਸਮੇਂ ਲਗਭਗ 500 ਕਰੋੜ ਰੁਪਏ ਦੇ ਪੀਣ ਵਾਲੇ ਪਾਣੀ ਅਤੇ ਸਿੰਚਾਈ ਦੇ ਕੰਮ ਚੱਲ ਰਹੇ ਹਨ। ਚਾਂਦਪੁਰ ਪਿੰਡ ਵਿੱਚ ਵੀ ਪੀਣ ਵਾਲੇ ਪਾਣੀ ਦੀਆਂ ਦੋ ਯੋਜਨਾਵਾਂ ਦਾ ਨਿਰਮਾਣ ਕਰਵਾਇਆ ਗਿਆ ਹੈ। ਪੂਰੇ ਹਲਕੇ ਵਿੱਚ ਇੱਕੋ ਸਮੇਂ 18 ਪੁਲਾਂ ਦੇ ਨਿਰਮਾਣ ਦਾ ਕੰਮ ਜਾਰੀ ਹੈ ਅਤੇ ਵੱਖ-ਵੱਖ ਸੜਕਾਂ ਦਾ ਨਿਰਮਾਣ ਵੀ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਹਰੋਲੀ ਤੋਂ ਰਾਮਪੁਰ ਤੱਕ ਖੇਤਰ ਦਾ ਸਭ ਤੋਂ ਲੰਮਾ ਪੁਲ ਬਣਾਇਆ ਗਿਆ ਹੈ, ਜਦਕਿ ਪੰਡੋਗਾ ਤੋਂ ਤਿਊੜੀ ਤੱਕ ਦੂਜਾ ਵੱਡਾ ਪੁਲ ਉਸਾਰੀ ਅਧੀਨ ਹੈ। ਖੇਤਰ ਵਿੱਚ ਪ੍ਰਸ਼ਾਸਨਿਕ ਅਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਪਾਣੀ, ਬਿਜਲੀ ਅਤੇ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰਾਂ ਦੇ ਦਫ਼ਤਰ ਸਥਾਪਿਤ ਕੀਤੇ ਗਏ ਹਨ। ਐਸ.ਡੀ.ਐਮ. ਅਤੇ ਡੀ.ਐਸ.ਪੀ. ਦਫ਼ਤਰਾਂ ਦੇ ਨਾਲ-ਨਾਲ ਸਕੱਤਰੇਤ, ਕਾਲਜ ਅਤੇ ਹਸਪਤਾਲ ਵਰਗੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਗਈਆਂ ਹਨ।

ਉਪ ਮੁੱਖ ਮੰਤਰੀ ਨੇ ਕਿਹਾ ਕਿ ਹਰੋਲੀ ਹਸਪਤਾਲ ਦੇ ਦੂਜੇ ਪੜਾਅ ਦਾ ਕੰਮ ਸ਼ੁਰੂ ਹੋ ਗਿਆ ਹੈ ਅਤੇ ਹਰੋਲੀ ਕਾਲਜ ਵਿੱਚ ਵੀ ਦੂਜੇ ਪੜਾਅ ਦਾ ਕੰਮ ਆਰੰਭ ਕਰ ਦਿੱਤਾ ਗਿਆ ਹੈ। ਅੱਜ ਕਾਲਜ ਵਿੱਚ ਲਗਭਗ 600 ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹਰੋਲੀ ਵਿੱਚ ਵਿਕਾਸ ਦਾ ਇਹ ਸਿਲਸਿਲਾ ਲਗਾਤਾਰ ਜਾਰੀ ਰਹੇਗਾ ਅਤੇ ਹਲਕੇ ਵਿੱਚ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਬਿਜਲੀ ਦੀ ਸਮੱਸਿਆ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਚਾਂਦਪੁਰ ਵਿੱਚ ਬਿਜਲੀ ਸਬੰਧੀ ਦਿੱਕਤਾਂ ਦੀਆਂ ਸ਼ਿਕਾਇਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਹਨ। ਇਸ ਸਮੱਸਿਆ ਦੇ ਹੱਲ ਲਈ ਜਲਦੀ ਹੀ ਲੋੜੀਂਦੇ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਖੇਤਰ ਦੀਆਂ ਔਰਤਾਂ ਨੇ ਹਮੇਸ਼ਾ ਉਨ੍ਹਾਂ ਦਾ ਸਾਥ ਦਿੱਤਾ ਹੈ ਅਤੇ ਉਨ੍ਹਾਂ ਦੇ ਸਹਿਯੋਗ ਨਾਲ ਹੀ ਉਨ੍ਹਾਂ ਨੂੰ ਲਗਾਤਾਰ ਲੋਕਾਂ ਦਾ ਸਮਰਥਨ ਮਿਲਦਾ ਰਿਹਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜਿੱਥੇ ਵੀ ਬਿਜਲੀ ਦੀਆਂ ਤਾਰਾਂ, ਘੱਟ ਵੋਲਟੇਜ ਜਾਂ ਟਰਾਂਸਫਾਰਮਰ ਨਾਲ ਸਬੰਧਤ ਕੋਈ ਸਮੱਸਿਆ ਹੋਵੇਗੀ, ਉਸ ਦਾ ਹੱਲ ਪਹਿਲ ਦੇ ਆਧਾਰ ’ਤੇ ਕੀਤਾ ਜਾਵੇਗਾ।


ਇਸ ਮੌਕੇ ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਸੰਦੀਪ ਅਗਨੀਹੋਤਰੀ, ਜ਼ਿਲ੍ਹਾ ਪਰਿਸ਼ਦ ਮੈਂਬਰ ਜੋਤੀ ਬਾਲਾ, ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਪ੍ਰਸ਼ਾਂਤ, ਬਲਾਕ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ, ਪਾਲਕਵਾਹ ਪੰਚਾਇਤ ਦੀ ਪ੍ਰਧਾਨ ਅੰਜਨਾ ਵਾਲਾ, ਉਪ ਪ੍ਰਧਾਨ ਅਸ਼ੋਕ, ਸਮਾਗਮ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਬਲਵਾਨ, ਮਹਿਲਾ ਮੰਡਲ ਦੀਆਂ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਖਿਡਾਰੀ ਹਾਜ਼ਰ ਸਨ।

ਚੋਣਾਂ ’ਚ ਲੋਕਾਂ ਦੇ ਮੁੱਦੇ ਗਾਇਬ, ਸਿਆਸੀ ਧਿਰਾਂ ਨੇ ਗਵਾਈ ਭਰੋਸੇਯੋਗਤਾ

ਪੈ.ਗਾਮ-ਏ-ਜਗਤ/ਬਲਾਚੌਰ
12 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਪੰਜਾਬ ਅੰਦਰ ਰਾਜ ਕਰ ਚੁੱਕੀਆਂ ਸਿਆਸੀ ਧਿਰਾਂ ਨੇ ਜ਼ੋਰ ਸ਼ੋਰ ਨਾਲ ਚੋਣ ਮੁਹਿੰਮ ਸ਼ੁਰੂ ਕਰ ਦਿੱਤੀ ਹੈ, ਪਰ ਇਸ ਚੋਣ ਮੁਹਿੰਮ ਵਿੱਚ ਲੋਕਾਂ ਦੀਆਂ ਮੰਗਾਂ ਅਤੇ ਮੁੱਦੇ ਗਾਇਬ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ, ਮੀਤ ਪ੍ਰਧਾਨ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਅੱਜ ਇੱਥੇ ਪਿੰਡ ਟੌਂਸਾ ਵਿੱਚ ਸਥਾਨਕ ਯੂਨਿਟ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਕਿਹਾ ਕਿ ਲੋਕ ਮੰਗਾਂ ਅਤੇ ਮੁੱਦਿਆਂ ਨੂੰ ਲੈ ਕੇ ਪੰਜਾਬ ਦੇ ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਹੋਰ ਕਿਰਤੀ ਧਿਰਾਂ ਲਗਾਤਾਰ ਸੰਘਰਸ਼ਾਂ ਦੇ ਮੈਦਾਨ ਵਿੱਚ ਹਨ। ਇਨ੍ਹਾਂ ਸੰਘਰਸ਼ਾਂ ਨੂੰ ਹੋਰ ਮਜ਼ਬੂਤ ਕਰਨ ਲਈ ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਪੂਰੀ ਏਕਤਾ ਬਣਾ ਕੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ। ਇਸ ਲਈ ਪੰਜਾਬ ਵਿੱਚ ਸੰਘਰਸ਼ਸ਼ੀਲ ਜਥੇਬੰਦੀਆਂ ਯਤਨ ਕਰ ਰਹੀਆਂ ਹਨ ਜਿਸ ਦਾ ਸਵਾਗਤ ਕਰਨਾ ਬਣਦਾ ਹੈ। ਇਨ੍ਹਾਂ ਯਤਨਾਂ ਸਦਕਾ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਨੂੰ ਰੋਕਣਾ ਆਸਾਨ ਬਣ ਜਾਵੇਗਾ ਅਤੇ ਨਸ਼ਿਆਂ ਵਿਰੁੱਧ, ਗੈਰ ਕਾਨੂੰਨੀ ਮਾਈਨਿੰਗ ਵਿਰੁੱਧ, ਪੁਲਿਸ ਰਾਜ ਵਿਰੁੱਧ ਅਤੇ ਹਵਾ ਪਾਣੀ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਚੱਲ ਰਹੇ ਸੰਘਰਸ਼ਾਂ ਨੂੰ ਵੱਡਾ ਬਲ ਮਿਲੇਗਾ।

- **ਟੌਂਸਾ ’ਚ ਗਰਜੇ ਕਰਨ ਸਿੰਘ ਰਾਣਾ, ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਏਕਤਾ ਨਾਲ ਮੈਦਾਨ ’ਚ ਉਤਰਨ ਦਾ ਸੱਦਾ**



ਸਾਥੀ ਰਾਣਾ ਨੇ ਪੰਜਾਬ ਦੀਆਂ ਲੋਕ ਪੱਖੀ ਸੰਘਰਸ਼ਸ਼ੀਲ ਧਿਰਾਂ ਨੂੰ ਮਜ਼ਬੂਤ ਏਕਤਾ ਬਣਾ ਕੇ ਸੰਘਰਸ਼ਾਂ ਦਾ ਪਿੜ ਮੱਲਣ ਦੀ ਅਪੀਲ ਕੀਤੀ ਅਤੇ ਸਮੂਹ ਪੰਜਾਬੀ ਨੂੰ ਇਨ੍ਹਾਂ ਸੰਘਰਸ਼ਾਂ ਦੇ ਹਿੱਸੇਦਾਰ ਬਣਨ ਲਈ ਵੀ ਸੁਨੇਹਾ ਦਿੱਤਾ। ਉਹਨਾਂ ਕਿਹਾ ਕਿ ਪੰਜਾਬ ਵਿੱਚ ਰਾਜ ਕਰ ਚੁੱਕੀਆਂ ਧਿਰਾਂ ਆਪਣੀ ਭਰੋਸੇਯੋਗਤਾ ਗਵਾ ਚੁੱਕੀਆਂ ਹਨ। ਮੀਟਿੰਗ ਨੇ ਫੈਸਲਾ ਕੀਤਾ ਕਿ ਛੇ ਦਸੰਬਰ ਨੂੰ ਸੰਗਰੂਰ ਵਿਖੇ ਹੋ ਰਹੀ ਮਜ਼ਦੂਰਾਂ ਦੀ ਮਹਾਰੈਲੀ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਜਾਵੇਗਾ। ਮੀਟਿੰਗ ਨੇ ਇਹ ਵੀ ਫੈਸਲਾ ਕੀਤਾ ਕਿ ਨੌਜਵਾਨਾਂ ਵੱਲੋਂ ਸ਼ੁਰੂ ਕੀਤੀ ਜਾ ਰਹੀ ਰੁਜ਼ਗਾਰ ਪ੍ਰਾਪਤੀ ਮੁਹਿੰਮ ਨੂੰ ਪੂਰ ਜ਼ੋਰ ਹਮਾਇਤ ਕੀਤੀ ਜਾਵੇਗੀ। ਮੀਟਿੰਗ ਨੇ ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਸਨਅਤੀ ਖੇਤਰ ਟੌਂਸਾ ਵਿੱਚ ਹਵਾ ਪਾਣੀ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਠੋਸ ਬੰਦੋਬਸਤ ਕੀਤੇ ਜਾਣ ਤਾਂ ਕਿ ਲੋਕਾਂ ਦੀ ਸਿਹਤ ਅਤੇ ਵਾਤਾਵਰਨ ਦੀ ਸੁਰੱਖਿਆ ਕੀਤੀ ਜਾ ਸਕੇ। ਇਸ ਮੌਕੇ ਸਾਥੀ ਮਨੋਹਰ ਲਾਲ, ਬੀਬੀ ਸ਼ਸ਼ੀ ਰਾਣਾ, ਦੇਵ ਰਾਜ, ਮੋਹਨ ਸਿੰਘ ਅਤੇ ਪਵਨ ਕੁਮਾਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।